People's Herald

Rs- 100/month

People's Herald



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 04 ਜੂਨ 2025 ਬੁੱਧਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

**ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ**



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ



"ਇਕੁਐਲਿਟੀ ਐਂਡ ਜਸਟਿਸ"

# ਦੇਸ਼ ਦੀ ਇਕਲੌਤੀ ਸੱਚੀ ਅੰਬੇਡਕਰਵਾਦੀ ਪਾਰਟੀ ਹੈ ਬਹੁਜਨ ਸਮਾਜ ਪਾਰਟੀ- ਮਾਇਆਵਤੀ

## ਰਾਸ਼ਟਰ ਹਿਤਾਂ ਲਈ ਸੱਚ ਤੇ ਖੜ੍ਹਨ, ਲੜਨ ਅਤੇ ਲੋਕ ਹਿਤਾਂ ਲਈ ਕੰਮ ਕਰਨ ਵਾਲੀ ਇਕਲੌਤੀ ਪਾਰਟੀ ਹੈ ਬਸਪਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਬਹੁਜਨਾਂ ਦੇ ਹਿੱਤ ਲਈ ਬਹੁਜਨ ਸਮਾਜ ਪਾਰਟੀ ਦੇਸ਼ ਦੀ ਇਕਲੌਤੀ ਅੰਬੇਡਕਰਵਾਦੀ ਪਾਰਟੀ ਹੈ ਅਤੇ ਪਾਰਟੀ ਦੇ ਹਿੱਤ ਵਿੱਚ ਲੋਕਾਂ ਵਿਰੁੱਧ ਕਾਰਵਾਈ ਕਰਨ ਅਤੇ ਤੋਬਾ ਕਰਨ 'ਤੇ ਉਨ੍ਹਾਂ ਨੂੰ ਵਾਪਸ ਲੈਣ ਦੀ ਪਰੰਪਰਾ ਹੈ। ਇਸ ਕ੍ਰਮ ਵਿੱਚ, ਸ੍ਰੀ ਆਕਾਸ਼ ਆਨੰਦ ਦੇ ਉਤਰਾਅ-ਚੜ੍ਹਾਅ ਅਤੇ ਉਨ੍ਹਾਂ ਨੂੰ ਮੁੱਖ ਰਾਸ਼ਟਰੀ ਕੋਆਰਡੀਨੇਟਰ ਬਣਾਉਣ ਨੇ ਕੁਦਰਤੀ ਤੌਰ 'ਤੇ ਬਹੁਤ ਸਾਰੇ ਲੋਕਾਂ ਵਿੱਚ ਬੇਚੈਨੀ ਪੈਦਾ ਕੀਤੀ ਹੈ।

ਇਸ ਤੋਂ ਅੱਗੇ ਉਹਨਾ ਨੇ ਬਿਹਾਰ ਦੀ ਬਲਾਤਕਾਰ ਹੱਤਿਆ ਦੀ ਘਟਨਾ ਨੂੰ ਲੈ ਕੇ ਕਿਹਾ ਕਿ ਬਿਹਾਰ ਸਰਕਾਰ ਨੂੰ ਸਾਰੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਕੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣਾ ਚਾਹੀਦਾ ਹੈ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਦਰਦਨਾਕ ਘਟਨਾਵਾਂ ਨੂੰ ਦੁਹਰਾਉਣ ਤੋਂ ਰੋਕਿਆ ਜਾ ਸਕੇ। ਬਿਹਤਰ ਹੋਵੇਗਾ ਜੇਕਰ



ਸਰਕਾਰ ਪੀੜਤ ਪਰਿਵਾਰ ਦੀ ਹਰ ਸੰਭਵ ਤਰੀਕੇ ਨਾਲ ਮਦਦ ਕਰੇ ਅਤੇ ਉਨ੍ਹਾਂ ਦੇ ਨਾਲ ਖੜ੍ਹੀ ਦਿਖਾਈ ਦੇਵੇ।

# ਪੰਜਾਬ ਕੈਬਨਿਟ ਨੇ ਗ਼ਰੀਬ ਪਰਿਵਾਰਾਂ ਦੇ ਸਾਰੇ ਕਰਜ਼ੇ ਕੀਤੇ ਮੁਆਫ਼! CM ਮਾਨ ਨੇ ਕੀਤਾ ਐਲਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਅੱਜ ਕੈਬਨਿਟ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਐਸਸੀ ਸਮਾਜ ਦੇ ਲਈ ਵੱਡਾ ਫ਼ੈਸਲਾ ਕੀਤਾ ਗਿਆ।

ਸੀਐੱਮ ਮਾਨ ਨੇ ਪ੍ਰੈੱਸ ਕਾਨਫਰੰਸ ਦੌਰਾਨ ਇਹ ਐਲਾਨ ਕੀਤਾ ਕਿ, ਐਸਸੀ ਸਮਾਜ ਦੇ 31 ਮਾਰਚ 2020 ਤੱਕ ਦੇ ਸਾਰੇ ਕਰਜ਼ੇ ਮੁਆਫ਼ ਕਰਨ ਦਾ ਫ਼ੈਸਲਾ ਕੀਤਾ ਹੈ।

ਪੰਜਾਬ ਕੈਬਨਿਟ ਨੇ ਅੱਜ ਉਨ੍ਹਾਂ 4750 ਦਲਿਤ ਪਰਿਵਾਰਾਂ ਲਈ ਕਰਜ਼ਾ ਮੁਆਫ਼ੀ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਨ੍ਹਾਂ ਪੰਜਾਬ ਅਨੁਸੂਚਿਤ ਜਾਤੀਆਂ ਭੂਮੀ ਵਿਕਾਸ ਅਤੇ




ਵਿੱਤ ਨਿਗਮ ਤੋਂ ਕਰਜ਼ਾ ਲਿਆ ਸੀ। ਮੁੱਖ ਮੰਤਰੀ ਭਗਵੰਤ ਮਾਨ ਨੇ ਕੈਬਨਿਟ ਮੀਟਿੰਗ ਤੋਂ ਬਾਅਦ ਕਿਹਾ ਕਿ ਦਲਿਤ ਪਰਿਵਾਰਾਂ ਵੱਲੋਂ ਲਏ ਗਏ 67 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕਰ ਦਿੱਤੇ ਗਏ ਹਨ। ਸੂਬਾ ਸਰਕਾਰ ਨੇ ਅੱਜ 31 ਮਾਰਚ 2020 ਤੱਕ ਦੇ ਬਕਾਇਆ ਕਰਜ਼ਿਆਂ ਨੂੰ ਮਾਫ ਕੀਤਾ ਹੈ। ਮਾਨ ਨੇ ਕਿਹਾ ਕਿ ਇਹ ਪਰਿਵਾਰ ਪਿਛਲੇ ਕਈ ਸਾਲਾਂ ਤੋਂ ਕਰਜ਼ਾ ਮੁਆਫ਼ੀ ਲਈ ਭੱਜ-ਦੌੜ ਕਰ ਰਹੇ ਸਨ ਕਿਉਂਕਿ ਉਹ ਕਰਜ਼ਾ ਵਾਪਸ ਨਹੀਂ ਕਰ ਸਕੇ ਸਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਉਨ੍ਹਾਂ ਦੀਆਂ ਅਸਲ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਅਸਫਲ ਰਹੀਆਂ ਹਨ।

ਜ਼ਿਕਰਯੋਗ ਹੈ ਕਿ ਵਿੱਤ ਮੰਤਰੀ ਹਰਪਾਲ ਚੀਮਾ ਨੇ ਇਸ ਸਾਲ ਮਾਰਚ ਵਿਚ ਵਿੱਤੀ ਸਾਲ 2025-26 ਲਈ ਬਜਟ ਅਨੁਮਾਨ ਪੇਸ਼ ਕੀਤੇ ਜਾਣ ਮੌਕੇ ਇਨ੍ਹਾਂ ਦਲਿਤ ਪਰਿਵਾਰਾਂ ਲਈ ਕਰਜ਼ਾ ਮੁਆਫ਼ੀ ਦਾ ਐਲਾਨ ਕੀਤਾ ਸੀ। ਇਸ ਨੂੰ ਅੱਜ ਕੈਬਨਿਟ ਨੇ ਮਨਜ਼ੂਰੀ ਦੇ ਦਿੱਤੀ ਹੈ।

ਕੈਬਨਿਟ ਮੀਟਿੰਗ ਤੋਂ ਬਾਅਦ ਮੀਡੀਆ ਬ੍ਰੀਫਿੰਗ ਲਈ ਮੁੱਖ ਮੰਤਰੀ ਦੇ ਨਾਲ ਆਏ ਚੀਮਾ ਨੇ ਕਿਹਾ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੂਮੀ ਵਿਕਾਸ ਨਿਗਮ ਵਿੱਚ ਕਰਜ਼ੇ ਦੀ ਅਦਾਇਗੀ ਦਰ 84 ਪ੍ਰਤੀਸ਼ਤ ਤੋਂ ਵੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਐੱਸਸੀ ਭੂਮੀ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਵੱਲੋਂ 1971 ਤੋਂ ਲੈ ਕੇ ਹੁਣ ਤੱਕ 5.41 ਲੱਖ ਲੋਕਾਂ ਨੂੰ 847 ਕਰੋੜ ਰੁਪਏ ਦੇ ਕਰਜ਼ੇ ਦਿੱਤੇ ਹਨ। ਇਸ ਵਿੱਚੋਂ ਸਾਲ 2001 ਤੋਂ ਲੈ ਕੇ 2020 ਤੱਕ 4727 ਲੋਕਾਂ ਨੇ ਕਰਜ਼ੇ ਵਾਪਸ ਨਹੀਂ ਕੀਤੇ। ਇਸ ਲਈ ਅੱਜ ਪੰਜਾਬ ਸਰਕਾਰ ਨੇ 31 ਮਾਰਚ 2020 ਤੱਕ ਦੇ ਬਕਾਇਆ 68 ਕਰੋੜ ਰੁਪਏ ਦੇ ਕਰਜ਼ਿਆਂ ਨੂੰ ਮਾਫ ਕਰ ਦਿੱਤਾ ਹੈ।

# ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ 15 ਨਾਮਜ਼ਦਗੀਆਂ ਸਹੀ ਪਾਈਆਂ ਗਈਆਂ : ਸਿਬਿਨ ਸੀ

## 26 ਮਈ ਤੋਂ 2 ਜੂਨ ਤੱਕ ਕੁੱਲ 22 ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ ਸਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਚੰਡੀਗੜ੍ਹ: ਪੰਜਾਬ ਵਿਧਾਨ ਸਭਾ ਦੀ 64-ਲੁਧਿਆਣਾ ਪੱਛਮੀ ਸੀਟ ਲਈ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ ਕੁੱਲ 15 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ ਹਨ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ 64-ਲੁਧਿਆਣਾ ਪੱਛਮੀ ਸੀਟ ਲਈ 26 ਮਈ ਤੋਂ 2 ਜੂਨ ਤੱਕ ਕੁੱਲ 22 ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ ਸਨ ਅਤੇ ਅੱਜ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ ਕੁੱਲ 15 ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਸਹੀ ਪਾਏ ਗਏ ਹਨ।

ਇਨ੍ਹਾਂ 15 ਉਮੀਦਵਾਰਾਂ ਦੇ ਨਾਂ ਹਨ - ਇੰਜ ਬਲਦੇਵ ਰਾਜ ਕਤਨਾ (ਆਜ਼ਾਦ), ਭਾਰਤ ਭੂਸ਼ਣ (ਇੰਡੀਅਨ ਨੈਸ਼ਨਲ ਕਾਂਗਰਸ), ਐਡਵੋਕੇਟ ਪਰਉਪਕਾਰ ਸਿੰਘ ਘੁੰਮਣ (ਸ਼੍ਰੋਮਣੀ ਅਕਾਲੀ ਦਲ), ਸੰਜੀਵ ਅਰੋੜਾ ( ਆਮ ਆਦਮੀ ਪਾਰਟੀ), ਪਰਮਜੀਤ ਸਿੰਘ ਭਰਾਜ (ਆਜ਼ਾਦ), ਐਲਬਰਟ ਦੁਆ (ਆਜ਼ਾਦ), ਜਤਿੰਦਰ ਕੁਮਾਰ ਸ਼ਰਮਾ (ਨੈਸ਼ਨਲ ਲੋਕ ਸੇਵਾ ਪਾਰਟੀ), ਕਮਲ ਪਵਾਰ (ਆਜ਼ਾਦ), ਰਾਜੇਸ਼ ਸ਼ਰਮਾ (ਆਜ਼ਾਦ), ਨੀਟੂ (ਆਜ਼ਾਦ), ਜੀਵਨ ਗੁਪਤਾ (ਭਾਰਤੀ ਜਨਤਾ ਪਾਰਟੀ), ਨਵਨੀਤ ਕੁਮਾਰ ( ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ), ਰੇਨੂੰ (ਆਜ਼ਾਦ), ਪਵਨਦੀਪ ਸਿੰਘ (ਆਜ਼ਾਦ) ਅਤੇ ਗੁਰਦੀਪ ਸਿੰਘ ਕਾਹਲੋ (ਆਜ਼ਾਦ)।



ਉਨ੍ਹਾਂ ਅੱਗੇ ਦੱਸਿਆ ਕਿ 5 ਜੂਨ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਦੇ ਹਨ, ਜਿਸ ਤੋਂ ਬਾਅਦ ਸਾਫ਼ ਹੋ ਜਾਵੇਗਾ ਕਿ ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਲਈ ਕੁੱਲ ਕਿੰਨੇ ਉਮੀਦਵਾਰ ਚੋਣ ਲੜ ਰਹੇ ਹਨ।

# ਆਪ੍ਰੇਸ਼ਨ ਸਿੰਦੂਰ ਦੌਰਾਨ Pakistan-ISI ਨੂੰ ਸੰਵੇਦਨਸ਼ੀਲ ਜਾਣਕਾਰੀ ਲੀਕ ਕਰਨ ਦੇ ਦੋਸ਼ ਹੇਠ ਤਰਨ ਤਾਰਨ ਨਿਵਾਸੀ ਨੂੰ ਕੀਤਾ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਜਾਸੂਸੀ ਵਿਰੋਧੀ ਕਾਰਵਾਈ ਕਰਦਿਆਂ, ਕਾਊਂਟਰ ਇੰਟੈਲੀਜੈਂਸ ਪੰਜਾਬ ਨੇ ਤਰਨਤਾਰਨ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਪਾਕਿਸਤਾਨ ਦੀ ਆਈਐਸਆਈ ਨਾਲ ਸਬੰਧਤ ਵਿਅਕਤੀ ਜੋ ਆਪ੍ਰੇਸ਼ਨ ਸਿੰਦੂਰ ਦੌਰਾਨ ਫੌਜ ਦੀਆਂ ਗਤੀਵਿਧੀਆਂ ਸਬੰਧੀ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰ ਰਿਹਾ ਸੀ, ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗਗਨਦੀਪ ਸਿੰਘ ਉਰਫ਼ ਗਗਨ ਵਾਸੀ ਮੁਹੱਲਾ ਰੋੜੂਪੁਰ, ਤਰਨਤਾਰਨ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਗਗਨਦੀਪ ਸਿੰਘ ਪਿਛਲੇ ਪੰਜ ਸਾਲਾਂ ਤੋਂ ਪਾਕਿਸਤਾਨ ਅਧਾਰਿਤ ਖਾਲਿਸਤਾਨੀ ਸਮਰਥਕ ਗੋਪਾਲ ਸਿੰਘ ਚਾਵਲਾ ਜਿਸ ਨੇ ਉਸ ਨੂੰ ਪਾਕਿਸਤਾਨੀ ਇੰਟੈਲੀਜੈਂਸ ਆਪਰੇਟਿਵਜ਼ (ਪੀਆਈਓਜ਼) ਨਾਲ ਮਿਲਾਇਆ ਸੀ, ਦੇ ਸਿੱਧੇ ਸੰਪਰਕ ਵਿੱਚ ਸੀ। ਉਨ੍ਹਾਂ ਦੱਸਿਆ ਕਿ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ 'ਆਪ੍ਰੇਸ਼ਨ ਸਿੰਦੂਰ' ਦੌਰਾਨ ਫੌਜ ਦੀ ਤਾਇਨਾਤੀ, ਰਣਨੀਤਕ ਸਥਾਨਾਂ ਅਤੇ ਫੌਜ ਦੀਆਂ ਗਤੀਵਿਧੀਆਂ ਸਮੇਤ ਸੰਵੇਦਨਸ਼ੀਲ ਜਾਣਕਾਰੀ ਸਾਂਝੀ ਕਰ ਰਿਹਾ ਸੀ, ਜੋ ਰਾਸ਼ਟਰੀ ਸੁਰੱਖਿਆ ਲਈ ਗੰਭੀਰ ਖ਼ਤਰਾ ਬਣ ਸਕਦਾ ਸੀ।

# ਬੀਤੀ ਰਾਤ ਗੁਟਕਾ ਸਾਹਿਬ ਦੀ ਬੇਅਦਬੀ ਕਰਨ ਦਾ ਮਾਮਲਾ

## ਐਡਵੋਕੇਟ ਧਾਮੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਗੁਰਪ੍ਰੀਤ ਸਿੰਘ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਜਦ ਪੂਰੀ ਸਿੱਖ ਕੌਮ 1984 'ਚ ਵਾਪਰੇ ਘੱਲੂਘਾਰਾ ਦਿਵਸ ਨੂੰ ਮਨਾ ਰਹੀ ਹੈ,ਉਥੇ ਦੂਜੇ ਪਾਸੇ ਬੀਤੀ ਰਾਤ ਚੱਪੇ-ਚੱਪੇ 'ਤੇ ਪੁਲਿਸ ਤੈਨਾਤ ਹੋਣ ਦੇ ਬਾਵਜੂਦ ਸ੍ਰੀ ਹਰਮਿੰਦਰ ਸਾਹਿਬ ਦੇ ਨਜਦੀਕ ਇੱਕ ਵਿਅਕਤੀ ਵੱਲੋਂ ਬੀਤੀ ਰਾਤ ਗੁਟਕਾ ਸਾਹਿਬ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਹਾਲਾਂਕਿ ਮੌਕੇ 'ਤੇ ਹੀ ਸ਼੍ਰੋਮਣੀ ਕਮੇਟੀ ਦੀ ਟਾਸਕ ਫ਼ੋਰਸ ਦੇ ਜਵਾਨਾਂ ਨੇ ਇਸ ਵਿਅਕਤੀ ਨੂੰ ਕਾਬੂ ਕਰਕੇ ਪੁਲਿਸ ਦੇ ਹਵਾਲੇ ਕਰ ਦਿੱਤਾ ਪ੍ਰੰਤੂ ਇਸ ਘਟਨਾ ਦੇ ਨਾਲ ਸਿੱਖ ਸੰਗਤ 'ਚ ਗੁੱਸੇ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ।

ਜਿਸਦੇ ਚੱਲਦੇ ਪੁਲਿਸ ਹਵਾਲੇ ਕਰਨ ਤੋਂ ਪਹਿਲਾਂ ਗੁਰਪ੍ਰੀਤ ਸਿੰਘ ਨਾਂ ਦੇ ਇਸ ਵਿਅਕਤੀ ਦਾ ਸੰਗਤ ਤੇ ਸ਼੍ਰੋਮਣੀ ਕਮੇਟੀ ਦੇ ਮੁਲਾਜਮਾਂ ਵੱਲੋਂ ਚੰਗਾ ਕੁਟਾਪਾ ਵੀ ਚਾੜ੍ਹਿਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਖੁਦ ਮੀਡੀਆ ਨੂੰ ਇਸ ਘਟਨਾ ਦੀ ਜਾਣਕਾਰੀ ਦਿੰਦਿਆਂ ਦਸਿਆ ਕਿ ਐਡਵੋਕੇਟ ਧਾਮੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਗੁਰਪ੍ਰੀਤ ਸਿੰਘ ਹੈ ਅਤੇ ਉਹ ਸੋਮਵਾਰ ਦੇਰ ਰਾਤ ਗੁਰਦੁਆਰਾ ਸ਼ਹੀਦਾਂ ਸਾਹਿਬ ਤੋਂ ਤਿੰਨ ਗੁਟਕਾ ਸਾਹਿਬ ਲਿਆਇਆ ਸੀ ਅਤੇ ਰਸਤੇ ਵਿੱਚ ਉਨ੍ਹਾਂ ਨੂੰ ਪਾੜ ਕੇ ਉਸਦੇ ਅੰਗ ਖਿਲਰ ਰਿਹਾ ਸੀ।

ਸ੍ਰੀ ਗੁਰੂ ਅਰਜਨ ਨਿਵਾਸ ਸਰਾਏ ਦੇ ਬਾਹਰ ਉਸਨੂੰ ਕਾਬੂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਪਿੱਛੇ ਵੱਡੀ ਸਾਜਸ਼ ਹੈ, ਕਿਉਂਕਿ ਹਰ ਵਾਰ ਸਿੱਖ ਧਰਮ ਨੂੰ ਹੀ ਨਿਸ਼ਾਨਾ ਬਣਾਇਆ ਗਿਆ ਹੈ। ਉਨ੍ਹਾਂ ਅੰਮ੍ਰਿਤਸਰ ਪੁਲਿਸ ਨੂੰ ਇਸ ਮਾਮਲੇ ਦੀ ਜਾਂਚ ਦੀ ਡੂੰਘਾਈ ਤੱਕ ਜਾਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਧਾਰਮਿਕ ਗਰੰਥਾਂ ਦੀ ਬੇਅਦਬੀ ਦੇ ਮਾਮਲੇ ਵਿਚ ਦੋਸ਼ੀ ਸਾਬਤ ਹੋਣ 'ਤੇ ਮੌਤ ਦੀ ਸਜ਼ਾ ਮਿਲਣੀ ਚਾਹੀਦੀ ਹੈ। ਉਧਰ, ਪੁਲਿਸ ਅਧਿਕਾਰੀਆਂ ਨੇ ਦਸਿਆ ਕਿ ਮੁਲਜਮ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ।

### ਸੰਗਤ ਨੇ ਮਾਨਸਿਕ ਰੋਗੀ ਦੱਸੇ ਜਾਂਦੇ ਮੁਲਜ਼ਮ ਨੂੰ ਕੁੱਟਮਾਰ ਪਿੱਛੋਂ ਪੁਲੀਸ ਹਵਾਲੇ ਕੀਤਾ

ਮੁਲਜ਼ਮ ਵੱਲੋਂ ਇੱਥੇ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਸਥਾਪਿਤ ਸ੍ਰੀ ਗੁਰੂ ਅਰਜਨ ਦੇਵ ਨਿਵਾਸ ਸਰਾਂ ਦੇ ਨੇੜੇ ਗੁਟਕਾ ਸਾਹਿਬ ਦੇ ਅੰਗ ਪਾੜੇ ਗਏ ਹਨ ਅਤੇ ਗੁਰਬਾਣੀ ਦੀ ਬੇਅਦਬੀ ਕੀਤੀ ਗਈ ਹੈ। ਇਸ ਵਿਅਕਤੀ ਨੂੰ ਅਜਿਹਾ ਕਰਦਿਆਂ ਸੰਗਤ ਅਤੇ ਸ਼੍ਰੋਮਣੀ ਕਮੇਟੀ ਦੇ ਕਰਮਚਾਰੀਆਂ ਨੇ ਕਾਬੂ ਕਰ ਲਿਆ। ਉਸ ਦੀ ਮਾਰਕੁੱਟ ਵੀ ਕੀਤੀ ਗਈ ਅਤੇ ਬਾਅਦ ਵਿੱਚ ਪੁਲੀਸ ਨੂੰ ਸੌਂਪ ਦਿੱਤਾ ਗਿਆ।

### ਆਖ਼ਰ ਮਾਨਸਿਕ ਰੋਗੀ ਗੁਰਬਾਣੀ ਦੀ ਬੇਅਦਬੀ ਹੀ ਕਿਉਂ ਕਰਦੇ ਹਨ: ਧਾਮੀ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਹ ਘਟਨਾ ਦੇਰ ਰਾਤ ਵੇਲੇ ਵਾਪਰੀ। ਮੁਲਜ਼ਮ ਨੇ ਗੁਰਦੁਆਰਾ ਬਾਬਾ ਦੀਪ ਸਿੰਘ ਸ਼ਹੀਦ (ਸ਼ਹੀਦਾਂ) ਤੋਂ ਸੁਖਮਨੀ ਸਾਹਿਬ ਦੇ ਤਿੰਨ ਗੁਟਕੇ ਲਏ ਸਨ। ਇਹ ਵਿਅਕਤੀ ਗੁਟਕਿਆਂ ਦੇ ਅੰਗ ਰਸਤੇ ਵਿੱਚ ਪਾੜਦਾ ਹੋਇਆ ਗੁਰੂ ਅਰਜਨ ਦੇਵ ਨਿਵਾਸ ਨੇੜੇ ਪੁੱਜਿਆ। ਉਥੇ ਵੀ ਉਸ ਨੇ ਇੱਕ ਗੁਟਕੇ ਦੇ ਅੰਗ ਪਾੜੇ ਅਤੇ ਗੁਰਬਾਣੀ ਦੀ ਬੇਅਦਬੀ ਕੀਤੀ।

ਉਹਨਾਂ ਦੱਸਿਆ ਕਿ ਇਸ ਵਿਅਕਤੀ ਨੂੰ ਡਿਊਟੀ 'ਤੇ ਹਾਜ਼ਰ ਕਰਮਚਾਰੀਆਂ ਨੇ ਕਾਬੂ ਕਰ ਲਿਆ ਸੀ। ਉਸ ਦਾ ਕੁਟਾਪਾ ਵੀ ਕੀਤਾ ਗਿਆ ਹੈ ਤੇ ਬਾਅਦ ਵਿੱਚ ਪੁਲੀਸ ਨੂੰ ਸੌਂਪ ਦਿੱਤਾ ਹੈ।

ਉਹਨਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੇ ਮਾਨਸਿਕ ਰੋਗੀ ਸਿਰਫ ਗੁਰਬਾਣੀ ਜਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹੀ ਬੇਅਦਬੀ ਕਿਉਂ ਕਰਦੇ ਹਨ? ਉਹਨਾਂ ਕਿਹਾ ਕਿ ਇੱਕ ਵੱਡਾ ਸਵਾਲੀਆ ਨਿਸ਼ਾਨ ਹੈ। ਉਨ੍ਹਾਂ ਪੁਲੀਸ ਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਅਤੇ ਤਹਿ ਤੱਕ ਪੁੱਜਿਆ ਜਾਵੇ।

# ਜਾਤੀ ਅਤੇ ਜਾਅਲੀ ਅੰਗਹੀਣ ਸਰਟੀਫਿਕੇਟਾਂ ਵਾਲੇ ਲੋਕਾਂ ਤੇ ਕੋਈ ਕਰਵਾਈ ਨਾ ਕਰਨ 'ਤੇ ਆਪ ਸਰਕਾਰ ਦਾ ਚਿਹਰਾ ਹੋਇਆ ਬੇਨਕਾਬ- ਐੱਸ.ਸੀ./ਬੀ. ਸੀ.ਅਧਿਆਪਕ ਯੂਨੀਅਨ ਪੰਜਾਬ

## ਐੱਸ. ਸੀ. ਵੈੱਲਫੇਅਰ ਵਿਧਾਨ ਸਭਾ ਕਮੇਟੀ ਸਾਬਤ ਹੋਈ ਚਿੱਟਾ ਹਾਥੀ- ਸਲਾਣਾ, ਦੁੱਗਾਂ, ਨਬੀਪੁਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com



ਐੱਸ.ਸੀ./ ਬੀ. ਸੀ. ਅਧਿਆਪਕ ਯੂਨੀਅਨ ਪੰਜਾਬ ਦੇ ਪ੍ਰਧਾਨ ਬਲਜੀਤ ਸਿੰਘ ਸਲਾਣਾ, ਕਾਰਜ਼ਕਾਰੀ ਪ੍ਰਧਾਨ ਕਰਿਸ਼ਨ ਸਿੰਘ ਦੁੱਗਾਂ, ਜਨਰਲ ਸਕੱਤਰ ਲਛਮਣ ਸਿੰਘ ਨਬੀਪੁਰ, ਵਿੱਤ ਸਕੱਤਰ ਗੁਰਪ੍ਰੀਤ ਸਿੰਘ ਗੁਰੂ,ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਲਤਾਲਾ, ਹਰਬੰਸ ਲਾਲ ਪਰਜੀਆਂ,ਮੀਤ ਪ੍ਰਧਾਨ ਗੁਰਸੇਵਕ ਸਿੰਘ ਕਲੇਰ,ਮੀਤ ਪ੍ਰਧਾਨ ਪਰਵਿੰਦਰ ਭਾਰਤੀ , ਸਕੱਤਰ ਵੀਰ ਸਿੰਘ ਮੋਗਾ, ਪ੍ਰੈੱਸ ਸਕੱਤਰ ਹਰਪਾਲ ਸਿੰਘ ਤਰਨਤਾਰਨ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ 'ਚ ਹਜ਼ਾਰਾਂ ਹੀ ਲੋਕਾਂ ਨੇ ਜਾਅਲੀ ਜਾਤੀ ਸਰਟੀਫਿਕੇਟ ਤੇ ਜਾਅਲੀ ਅੰਗਹੀਣ ਸਰਟੀਫੀਕੇਟ ਬਣਾ ਕੇ ਐੱਸ. ਸੀ./ਬੀ.ਸੀ. ਉਮੀਦਵਾਰਾਂ ਦੇ ਹੱਕ ਮਾਰ ਕੇ ਵੱਖ ਵੱਖ ਵਿਭਾਗਾਂ ਚ ਮੁਲਾਜ਼ਮ ਲੱਗ ਕੇ ਸਰਕਾਰੀ ਨੌਕਰੀ ਕਰ ਰਹੇ ਹਨ।ਜੱਥੇਬੰਦੀ ਦੇ ਆਗੂਆਂ ਵੱਲੋਂ ਐੱਸ.ਸੀ. ਵੈੱਲਫੇਅਰ ਵਿਧਾਨ ਸਭਾ ਕਮੇਟੀ ਦੇ ਚੇਅਰਮੈਨ ਤੇ ਮੈਂਬਰ ਸਾਹਿਬਾਨ ਨੂੰ ਮਿਲ ਕੇ ਲਿਖਤੀ ਰੂਪ ਵਿੱਚ ਵਾਰ-ਵਾਰ ਜਾਅਲੀ ਜਾਤੀ ਤੇ ਅੰਗਹੀਣ ਸਰਟੀਫੀਕੇਟ ਦੀ ਜਾਂਚ ਕਰਵਾ ਕੇ ਜਾਅਲੀ ਸਰਟੀਫੀਕੇਟ ਧਾਰਕਾਂ ਤੇ ਕਰਵਾਈ ਕਰਨ ਲਈ ਲਿਖਿਆ ਗਿਆ ਪਰ ਅਫਸੋਸ ਕਿ ਢਾਈ ਸਾਲ ਬੀਤਣ ਤੇ ਵੀ ਇਹ ਕਮੇਟੀ ਐੱਸ. ਸੀ./ ਬੀ. ਸੀ. ਲੋਕਾਂ ਦੇ ਮਸਲਿਆਂ ਨੂੰ ਹੱਲ ਕਰਨ 'ਨਾਕਾਮ ਰਹੀ ਹੈ ਜਿਸ ਦੀ ਜੱਥੇਬੰਦੀ ਘੋਰ ਨਿੰਦਾ ਕਰਦੀ ਹੈ। ਇਸੇ ਤਰ੍ਹਾਂ ਪੰਜਾਬ ਵਿਧਾਨ ਸਭਾ 'ਚ 34 ਰਾਖਵੇਂ ਹਲਕਿਆਂ ਤੋਂ ਜਿੱਤੇ ਵਿਧਾਨ ਸਭਾ ਮੈਂਬਰ ਵੀ ਐੱਸ.ਸੀ./ ਬੀ.ਸੀ.ਲੋਕਾਂ ਅਤੇ ਮਜ਼ਦੂਰਾਂ ਦੇ ਜਾਇਜ ਤੇ ਹੱਕੀ ਮਸਲਿਆਂ ਤੇ ਚੁੱਪ ਧਾਰ ਕੇ ਬੈਠੇ ਹਨ। ਐੱਸ. ਸੀ. ਮੁਲਾਜ਼ਮਾਂ ਦੇ ਹੱਕ ਦੀ ਸਵਿੰਧਾਨ ਦੀ 85 ਵੀਂ ਸੋਧ ਨੂੰ ਪੰਜਾਬ ਚ ਲਾਗੂ ਕਰਨ ਲਈ ਗੂੰਗੇ ਬਣ ਮੂਕ ਦਰਸ਼ਕ ਬਣ ਗਏ ਹਨ।10-10-2014 ਦਾ ਗੈਰ ਸੰਵਿਧਾਨਕ ਪੱਤਰ ਵੀ ਅੱਜ ਤੱਕ ਰੱਦ ਕਰਨ ਲਈ ਐੱਸ. ਸੀ. ਐੱਮ. ਐੱਲ.ਏ.'ਜ ਨੇ ਕੋਈ ਗੱਲ ਵਿਧਾਨ ਸਭਾ 'ਚ ਨਹੀਂ ਬੋਲੀ। ਐੱਸ. ਸੀ. ਲੋਕਾਂ ਦੇ ਹੱਕ 'ਚ ਆਏ ਸੁਪਰੀਮ ਕੋਰਟ ਅਤੇ ਪੰਜਾਬ/ਹਰਿਆਣਾ ਹਾਈਕੋਰਟ ਕੋਰਟ ਦੇ ਫੈਸਲਿਆਂ ਨੂੰ ਵੀ ਸਹੀ ਰੂਪ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਅਤੇ ਸਿੱਖਿਆ ਵਿਭਾਗ ਦੇ ਭਰਤੀ ਬੋਰਡ ਵੱਲੋਂ ਵੀ ਲਾਗੂ ਨਹੀਂ ਕੀਤਾ ਜਾ ਰਿਹਾ ।ਇਸ ਲਈ ਰਾਜਨੀਤਕ ਰਾਖਵਾਂਕਰਨ ਲੈ ਕੇ ਵਿਧਾਨ ਸਭਾ ਦੇ ਮੈਂਬਰ ਤੇ ਮੰਤਰੀ ਬਣੇ ਐੱਸ. ਸੀ. ਨੁਮਾਇੰਦੇ ਹੀ ਜੇ ਐੱਸ. ਸੀ./ ਬੀ. ਸੀ. ਲੋਕਾਂ ਦੇ ਜਾਇਜ ਤੇ ਹੱਕੀ ਮਸਲਿਆਂ ਨੂੰ ਹੱਲ ਕਰਨ ਤੋਂ ਟਾਲ੍ਹਾ ਵਟਣ ਲੱਗ ਜਾਣ ਤਾਂ ਜੱਥੇਬੰਦੀ ਮਹਿਸੂਸ ਕਰਦੀ ਹੈ ਕਿ ਰਾਜਨੀਤਿਕ ਰਾਖਵੇਂਕਰਨ ਦਾ ਐੱਸ.ਸੀ./ ਬੀ.ਸੀ. ਲੋਕਾਂ ਨੂੰ ਕੋਈ ਫਾਇਦਾ ਨਹੀਂ। ਆਪ ਦੇ ਐੱਸ.ਸੀ. ਵਿੰਗ ਦੇ ਆਗੂ ਵੀ ਮੂੰਹ 'ਚ ਘੁੰਗਨੀਆਂ ਪਾ ਕੇ ਸਮਾਜ ਨਾਲ਼ ਹੋ ਰਹੇ ਧੱਕਿਆਂ ਨੂੰ ਦੇਖਦੇ ਹੀ ਹਨ , ਕਰਦੇ ਕੁਝ ਨਹੀਂ। ਜੇਕਰ ਇਸ ਤਰ੍ਹਾਂ ਹੀ ਜਾਅਲੀ ਜਾਤੀ ਤੇ ਅੰਗਹੀਣ ਸਰਟੀਫੀਕੇਟ ਵਾਲੇ ਲੋਕਾਂ ਨੂੰ ਪੰਜਾਬ ਸਰਕਾਰ ਦੇ ਨੁਮਾਇੰਦੇ, ਅਫ਼ਸਰ ਬਚਾਉਂਦੇ ਰਹੇ ਤਾਂ ਰਾਜਨੀਤਕ ਰਾਖਵੇਂਕਰਨ ਦਾ ਲਾਭ ਲੈ ਕੇ ਰਾਜਨੀਤਿਕ ਸੱਤਾ ਦਾ ਆਨੰਦ ਲੈਣ ਵਾਲੇ ਐੱਮ. ਐੱਲ. ਏ. ਅਤੇ ਮੰਤਰੀਆਂ ਦੇ ਖ਼ਿਲਾਫ਼ ਐੱਸ. ਸੀ./ ਬੀ. ਸੀ. ਅਧਿਆਪਕ ਯੂਨੀਅਨ ਪੰਜਾਬ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਆਉਣ ਵਾਲੇ ਸਮੇਂ ਚ ਸੰਘਰਸ਼ ਲਈ ਤਿਆਰ ਹੋਵੇਗੀ। ਇਸ ਮੌਕੇ ਤੇ ਵੱਖ ਵੱਖ ਜਿਲ੍ਹਿਆਂ ਦੇ ਪ੍ਰਧਾਨ ਅਵਤਾਰ ਸਿੰਘ ਅੰਮ੍ਰਿਤਸਰ, ਰਛਪਾਲ ਸਿੰਘ ਗੁਰਦਾਸਪੁਰ, ਕੁਲਵੰਤ ਸਿੰਘ ਹੁਸ਼ਿਆਰਪੁਰ, ਹਰਬੰਸ ਲਾਲ ਜਲੰਧਰ, ਗੁਰਸੇਵਕ ਸਿੰਘ ਸੰਗਰੂਰ, ਲਛਮਣ ਸਿੰਘ ਨਬੀਪੁਰ ਪਟਿਆਲਾ, ਸੁਪਿੰਦਰ ਸਿੰਘ ਫਤਹਿਗੜ੍ਹ ਸਾਹਿਬ, ਸੁਖਵੀਰ ਸਿੰਘ ਬਰਨਾਲਾ, ਰਣਵੀਰ ਸਿੰਘ ਮਲੇਰਕੋਟਲਾ, ਗੁਰਟੇਕ ਸਿੰਘ ਫਰੀਦਕੋਟ, ਸ਼ਾਮ ਸੁੰਦਰ ਫਿਰੋਜ਼ਪੁਰ, ਹਰਵਿੰਦਰ ਮਾਰਸ਼ਲ ਮੋਗਾ, ਪਰਸ਼ਨ ਸਿੰਘ ਬਠਿੰਡਾ, ਅਮਿੰਦਰਪਾਲ ਮੁਕਤਸਰ, ਨਰਿੰਦਰਜੀਤ ਕਪੂਰਥਲਾ, ਪਰਵਿੰਦਰ ਭਾਰਤੀ ਰੂਪਨਗਰ, ਸੁਰਿੰਦਰ ਮੋਹਾਲੀ, ਪਰਮਜੀਤ ਪਠਾਨਕੋਟ, ਦਿਲਬਾਗ ਸਿੰਘ ਤਰਨਤਾਰਨ,ਰਾਮ ਕਿਸ਼ਨ ਸ਼ਹੀਦ ਭਗਤ ਸਿੰਘ ਨਗਰ, ਬਲਵਿੰਦਰ ਸਿੰਘ ਲੁਧਿਆਣਾ, ਵਿਜੇ ਕੁਮਾਰ ਮਾਨਸਾ, ਕੁਲਵੀਰ ਸਿੰਘ ਫਾਜ਼ਿਲਕਾ, ਜਸਵੀਰ ਬੀਹਲਾ,ਹਰਜਿੰਦਰ ਪੁਰਾਣੇਵਾਲਾ, ਪਰਮਿੰਦਰ ਗੁਰਦਾਸਪੁਰ, ਬੇਅੰਤ ਭਾਂਬਰੀ, ਹਰਦੀਪ ਤੂਰ, ਸੁਖਰਾਜ ਮਾਹਿਲ, ਗੁਰਮੇਜ ਅਹੀਰ ਆਦਿ ਹਾਜ਼ਰ ਸਨ।

ਜਾਰੀ ਕਰਤਾ:-ਲਛਮਣ ਸਿੰਘ ਨਬੀਪੁਰ, ਸੂਬਾ ਜਨਰਲ ਸਕੱਤਰ, 9463035522

# ਬਸਪਾ ਦੇ ਨਾਲ ਪੰਜਾਬ ਦੇ ਹਰ ਕੋਨੇ ਵਿੱਚ ਹਰ ਰੋਜ ਸੈਂਕੜਿਆਂ ਦੀ ਗਿਣਤੀ ਵਿੱਚ ਜੁੜ ਰਹੇ ਹਨ ਹਰ ਵਰਗ ਦੇ ਨਵੇਂ ਸਾਥੀ

## ਬਹੁਜਨ ਸਮਾਜ ਪਾਰਟੀ ਦੀ ਪੰਜਾਬ ਸੰਭਾਲੋ ਲਹਿਰ ਨੂੰ ਪੰਜਾਬ ਅੰਦਰ ਵੱਡਾ ਹੁੰਗਾਰਾ,,,, ਮੇਜਰ ਸਿੰਘ ਟਿੱਬੀ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com



ਬੀਤੇ ਦਿਨੀਂ ਬਸਪਾ ਪਟਿਆਲਾ ਦੀਆਂ ਵੱਖ ਵੱਖ ਵਿਧਾਨ ਸਭਾਵਾਂ ਦੀ ਜ਼ਰੂਰੀ ਮੀਟਿੰਗਾ ਹੋਈਆਂ। ਮੀਟਿੰਗ ਦੇ ਮੁੱਖ ਮਹਿਮਾਨ ਸ ਅਜੀਤ ਸਿੰਘ ਭੈਣੀ ਸੂਬਾ ਇੰਚਾਰਜ,ਸ ਬਲਦੇਵ ਸਿੰਘ ਮਹਿਰਾ ਸੂਬਾ ਮੀਤ ਪ੍ਰਧਾਨ ਅਤੇ ਸ, ਜੋਗਾ ਸਿੰਘ ਪਨੋਦੀਆ ਸੂਬਾ ਜਨਰਲ ਸਕੱਤਰ ਅਤੇ ਲੈਕਚਰਾਰ ਅਮਰਜੀਤ ਸਿੰਘ ਝਲੂਰ ਸੂਬਾ ਜਨਰਲ ਸਕੱਤਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਅਜੀਤ ਸਿੰਘ ਭੈਣੀ ਸੂਬਾ ਇੰਚਾਰਜ ਨੇ ਬੋਲਦਿਆਂ ਕਿਹਾ ਕਿ ਬਸਪਾ ਦੀ ਪੰਜਾਬ ਸੰਭਾਲੋ ਲਹਿਰ ਨੂੰ ਪੂਰੇ ਸੂਬੇ ਵਿਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਦੱਸਿਆ ਕਿ 22 ਮਈ 2025 ਨੂੰ ਜੋ ਜ਼ਮੀਨ ਸਰਕਾਰੀ ਹੈ। ਬੋ ਜ਼ਮੀਨ ਹਮਾਰੀ ਹੈ ,, ਦੇ ਨਾਹਰੇ ਤਹਿਤ ਭੌ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਸੰਗਰੂਰ ਵਿਖੇ ਧਰਨਾ ਲਾਇਆ ਹੋਇਆ ਸੀ ਅਤੇ ਆਮ ਆਦਮੀ ਦੀ ਸਰਕਾਰ ਵੱਲੋਂ ਅੰਨਾ ਤਸ਼ੱਦਦ ਕਰਕੇ ਬੱਚੇ, ਬੁੱਢੇ, ਜਵਾਨ ਕੁੜੀਆਂ ਸਮੇਤ ਲੱਗਭਗ 8-900 ਲੋਕਾਂ ਨੂੰ ਸੰਗਰੂਰ ਨਾਭਾ ਅਤੇ ਬਠਿੰਡਾ ਦੀਆਂ ਜੇਲ੍ਹਾਂ ਵਿਚ ਬੰਦ ਕਰ ਦਿੱਤਾ ਗਿਆ ਸੀ। ਜਿਸ ਦਾ ਕਿਸੇ ਵੀ ਸਿਆਸੀ ਪਾਰਟੀ ਵੱਲੋਂ ਹਾਂਅ ਦਾ ਨਾਹਰਾ ਨਹੀਂ ਮਾਰਿਆ। ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਸ ਅਵਤਾਰ ਸਿੰਘ ਕਰੀਮਪੁਰੀ ਨੇ ਤੁਰੰਤ ਐਕਸ਼ਨ ਲਿਆ ਅਤੇ ਸੰਗਰੂਰ ਦੇ ਸਾਥੀਆਂ ਨੂੰ ਨਾਲ ਲੈਕੇ ਡੀ ਸੀ ਸੰਗਰੂਰ ਨਾਲ ਮੁਲਾਕਾਤ ਕੀਤੀ ਅਤੇ ਬਿਨਾਂ ਸ਼ਰਤ ਸਾਰੇ ਸਾਥੀਆਂ ਨੂੰ ਰਿਹਾ ਕਰਨ ਲਈ 24 ਘੰਟੇ ਦਾ ਅਲਟੀਮੇਟਮ ਦਿੱਤਾ। ਅਤੇ ਉਸੇ ਦਿਨ ਰਾਤ ਤੱਕ ਸਾਰੇ ਸਾਥੀਆਂ ਨੂੰ ਰਿਹਾ ਕਰਵਾਇਆ। ਇਸ ਘਟਨਾ ਦਾ ਪੂਰੇ ਪੰਜਾਬ ਅੰਦਰ ਭਰਵਾਂ ਸਵਾਗਤ ਹੋਇਆ। ਅਤੇ ਪੂਰੇ ਪੰਜਾਬ ਵਿਚ ਬਸਪਾ ਜੁਆਇੰਨ ਕਰਨ ਵਾਲਿਆਂ ਦਾ ਹੜ ਆ ਗਿਆ। ਇਸੇ ਕੜੀ ਤਹਿਤ 31 ਮਈ 2025 ਨੂੰ ਸਮਾਣਾ ਵਿਖੇ ਹੋਈ ਮੀਟਿੰਗ ਵਿੱਚ ਕਾਲਾ ਰਾਮ ਜੀ ਦੀ ਅਗਵਾਈ ਵਿਚ ਸੈਂਕੜੇ ਸਾਥੀਆਂ ਨੇ ਬਸਪਾ ਜੁਆਇੰਨ ਕੀਤੀ। ਅਤੇ ਪਟਿਆਲਾ ਵਿਖੇ ਹੋਈ ਮੀਟਿੰਗ ਵਿੱਚ ਸ ਬੇਅੰਤ ਸਿੰਘ,ਸ ਨਰਿੰਦਰ ਸਿੰਘ, ਕਰਨੈਲ ਸਿੰਘ,ਅਵੀਨਾਸੀ ਸਿੰਘ ਅਤੇ ਕ੍ਰਿਸ਼ਨ ਚੰਦ ਜੀ ਨੇ ਸਾਥੀਆਂ ਸਮੇਤ ਬਸਪਾ ਜੁਆਇੰਨ ਕੀਤੀ ਅਤੇ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਟਿੱਬੀ ਅਤੇ ਸੂਬਾ ਆਗੂਆਂ ਨੇ ਉਹਨਾਂ ਨੂੰ ਸਰੋਪਾ ਪਾ ਕੇ ਜੀ ਆਇਆ ਕਿਹਾ।

# ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲਿਆਂ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

## ਸਪੀਕਰ ਨੇ ਅੱਗੇ ਕਿਹਾ ਕਿ ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਸੁਣ ਕੇ ਮੈਨੂੰ ਬਹੁਤ ਦੁੱਖ ਹੋਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲਿਆਂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ, ਜੋ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ।

ਸਪੀਕਰ ਨੇ ਅੱਗੇ ਕਿਹਾ ਕਿ ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਸੁਣ ਕੇ ਮੈਨੂੰ ਬਹੁਤ ਦੁੱਖ ਹੋਇਆ ਹੈ। ਉਨ੍ਹਾਂ ਕਿਹਾ ਕਿ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਇੱਕ ਮਹਾਨ ਸ਼ਖਸੀਅਤ ਸਨ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਪੰਥ ਦੀ ਸੇਵਾ ਲੇਖੇ ਲਾਇਆ। ਗੁਰੂ ਘਰ ਦੀ ਸੇਵਾ ਕਰਕੇ ਉਹ ਹਮੇਸ਼ਾ ਸਿੱਖ ਸੰਗਤ ਦੇ ਦਿਲਾਂ ਵਿੱਚ ਮੌਜੂਦ ਰਹਿਣਗੇ। ਗੁਰੂ ਸਾਹਿਬ ਉਨ੍ਹਾਂ ਦੇ ਪਰਿਵਾਰ ਅਤੇ ਸੰਗਤਾਂ ਨੂੰ ਇਸ ਨਾ ਪੂਰ ਹੋਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਬਖ਼ਸ਼ਣ ।



ਭਾਈ ਸਾਹਿਬ ਦੀ ਰਸਭਿੰਨੀ ਆਵਾਜ਼ ਹਮੇਸ਼ਾ ਸਾਡੇ ਦਿਲਾਂ ਨੂੰ ਸਰਸਾਰ ਕਰਦੀ ਰਹੇਗੀ।

# ਲਾਲ ਚੰਦ ਕਟਾਰੂਚੱਕ ਵੱਲੋਂ ਪੱਲਣਪੁਰ ਵਿਖੇ ਮੁੜ-ਸੁਰਜੀਤ ਕੀਤੀ ਇੰਸਪੈਕਸ਼ਨ ਹੱਟ ਦਾ ਉਦਘਾਟਨ

## ਹੱਟ ਨੂੰ ਆਕਰਸ਼ਕ ਦਿੱਖ ਦੇਣ ਲਈ 70 ਲੱਖ ਰੁਪਏ ਦੀ ਲਾਗਤ ਨਾਲ ਕੀਤੀ ਗਈ ਮੁਰੰਮਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਇੱਕ ਵੱਡੀ ਪਹਿਲਕਦਮੀ ਤਹਿਤ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਪਿੰਡ ਪੱਲਣਪੁਰ (ਸਿਸਵਾਂ ਜੰਗਲਾਤ ਰੇਂਜ ਦਾ ਹਿੱਸਾ) ਵਿਖੇ ਨਵੀਂ ਮੁਰੰਮਤ ਕੀਤੀ ਗਈ ਇੰਸਪੈਕਸ਼ਨ ਹੱਟ ਦਾ ਉਦਘਾਟਨ ਕੀਤਾ। ਇਸ ਵਾਤਾਵਰਨ-ਪੱਖੀ ਉਪਰਾਲੇ 'ਤੇ ਲਗਭਗ 70 ਲੱਖ ਰੁਪਏ ਦੀ ਲਾਗਤ ਆਈ ਹੈ। ਉਨ੍ਹਾਂ ਇਸ ਮੌਕੇ ਕਿਹਾ ਕਿ ਮਿਰਜ਼ਾਪੁਰ ਵਿੱਚ ਵੀ, ਰੈਸਟ ਹਾਊਸ ਦਾ ਨਵੀਨੀਕਰਨ ਕੀਤਾ ਜਾਵੇਗਾ ਅਤੇ ਨਵੀਂ ਨੁਹਾਰ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ, ਇੰਸਪੈਕਸ਼ਨ ਹੱਟ ਦੇ ਪਿਛਲੇ ਪਾਸੇ ਇੱਕ ਹਰਿਆ-ਭਰਿਆ ਕੁਦਰਤੀ ਮਾਰਗ (ਨੇਚਰ ਟਰੇਲ) ਵੀ ਵਿਕਸਿਤ ਕੀਤਾ ਜਾ ਰਿਹਾ ਹੈ। ਪੂਰਾ ਹੋਣ 'ਤੇ ਇਹ ਰਮਣੀਕ ਮਾਰਗ, ਕੁਦਰਤ ਪ੍ਰੇਮੀਆਂ ਲਈ, ਪੰਛੀਆਂ ਦੀਆਂ ਵੱਖ-ਵੱਖ ਤੇ ਵਿਲੱਖਣ ਕਿਸਮਾਂ ਦਾ ਝਲਕਾਰਾ ਅਤੇ ਤਾਜ਼ੀ ਹਵਾ ਦਾ ਸੋਮਾ ਹੋਵੇਗਾ ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜੰਗਲਾਤ ਵਿਭਾਗ ਦੀਆਂ ਗਤੀਵਿਧੀਆਂ ਨੂੰ ਹੁਲਾਰਾ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਧਿਆਨ ਵਿੱਚ ਰੱਖਦੇ ਹੋਏ, ਵਿਭਾਗ ਇਸ ਸਾਲ ਫਲਦਾਰ ਰੁੱਖਾਂ ਦੇ 3.50 ਕਰੋੜ ਬੂਟੇ ਲਗਾਉਣ ਦੀ ਯੋਜਨਾ ਬਣਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਾਤਾਵਰਨ ਪੱਖੀ ਉਪਰਾਲੇ ਨਾਲ ਸੂਬੇ ਵਿੱਚ ਜੰਗਲਾਤ ਅਧੀਨ ਰਕਬੇ ਨੂੰ ਵਧਾਉਣ ਵਿੱਚ ਬਹੁਤ ਮਦਦ ਮਿਲੇਗੀ।

ਇਸ ਤੋਂ ਇਲਾਵਾ, ਪਠਾਨਕੋਟ ਜ਼ਿਲ੍ਹੇ ਦੇ ਧਾਰ ਬਲਾਕ ਵਿੱਚ ਇੱਕ ਗੈਸਟ ਹਾਊਸ ਦੇ ਨਾਲ-ਨਾਲ ਹਰੀਕੇ ਵਿਖੇ ਇੱਕ ਨੇਚਰ ਇੰਟਰਪ੍ਰੀਟੇਸ਼ਨ ਸੈਂਟਰ ਵੀ ਬਣਾਇਆ ਗਿਆ ਹੈ। ਇਸੇ ਤਰ੍ਹਾਂ ਢੋਲਬਾਹਾ ਵਿੱਚ ਵੀ, ਅਜਿਹੀਆਂ ਵਿਕਾਸ ਕੇਂਦਰਿਤ ਗਤੀਵਿਧੀਆਂ ਸਬੰਧੀ ਯੋਜਨਾਵਾਂ ਉਲੀਕੀਆਂ ਜਾ ਰਹੀ ਹੈ।

ਮੰਤਰੀ ਨੇ ਅੱਗੇ ਦੱਸਿਆ ਕਿ ਹਾਲ ਹੀ ਵਿੱਚ, ਜੰਗਲਾਤ ਵਿਭਾਗ ਦੇ 378 ਠੇਕੇ 'ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਗਿਆ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਲਦੀ ਹੀ ਉਨ੍ਹਾਂ ਨੂੰ ਇਸ ਸਬੰਧ ਵਿੱਚ ਨਿਯੁਕਤੀ ਪੱਤਰ ਦੇਣਗੇ।



ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਮੁੱਖ ਵਣ ਪਾਲ (ਫੌਰੈਸਟ ਫੋਰਸ ਦੇ ਮੁਖੀ) ਧਰਮਿੰਦਰ ਸ਼ਰਮਾ, ਏ.ਪੀ.ਸੀ.ਸੀ.ਐਫ. – ਕਮ- ਸੀ.ਈ.ਓ. ਪਨਕੈਂਪਾ ਸੌਰਵ ਗੁਪਤਾ, ਸੀ.ਸੀ.ਐਫ. (ਹਿਲਜ਼) ਨਿਧੀ ਸ੍ਰੀਵਾਸਤਵਾ, ਸੀ.ਸੀ.ਐਫ. (ਵਾਈਲਡ ਲਾਈਫ) ਸਾਗਰ ਸੇਤੀਆ, ਸੀ.ਐਫ. ਸ਼ਿਵਾਲਿਕ ਸਰਕਲ ਸ੍ਰੀ ਕੰਨਨ, ਅਤੇ ਡੀ.ਐਫ.ਓ. ਮੋਹਾਲੀ ਕੰਵਰਦੀਪ ਸਿੰਘ ਵੀ ਸ਼ਾਮਿਲ ਸਨ।

# ਪੰਜਾਬ ਤੇ ਹਰਿਆਣਾ ਦੇ ਭੱਠਿਆਂ 'ਚ ਪਰਾਲੀ ਆਧਾਰਤ ਬਾਲਣ ਦੀ ਵਰਤੋਂ ਹੋਵੇਗੀ ਲਾਜ਼ਮੀ

## ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਨੇ ਜਾਰੀ ਕੀਤੇ ਹੁਕਮ, 1 ਨਵੰਬਰ ਤੋਂ ਲਾਗੂ ਹੋਣਗੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਨਵੀਂ ਦਿੱਲੀ : ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ (ਸੀ.ਏ.ਕਿਊ.ਐਮ.) ਨੇ ਮੰਗਲਵਾਰ ਨੂੰ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਹੁਕਮ ਦਿਤੇ ਹਨ ਕਿ ਗੈਰ-ਐਨ.ਸੀ.ਆਰ. (ਕੌਮੀ ਰਾਜਧਾਨੀ ਖੇਤਰ) ਦੇ ਜ਼ਿਲ੍ਹਿਆਂ 'ਚ ਇੱਟਾਂ ਦੇ ਭੱਠਿਆਂ ਲਈ ਝੋਨੇ ਦੀ ਪਰਾਲੀ ਆਧਾਰਤ ਬਾਇਓਮਾਸ ਦੀ ਵਰਤੋਂ ਲਾਜ਼ਮੀ ਕੀਤੀ ਜਾਵੇ।

ਇਸ ਉਪਾਅ ਦਾ ਉਦੇਸ਼ ਪਰਾਲੀ ਸਾੜਨ ਕਾਰਨ ਹਵਾ ਪ੍ਰਦੂਸ਼ਣ ਦੀ ਸਮੱਸਿਆ ਨਾਲ ਨਜਿੱਠਣਾ ਹੈ, ਜੋ ਹਰ ਸਰਦੀਆਂ ਦੇ ਮੌਸਮ 'ਚ ਦਿੱਲੀ-ਐਨ.ਸੀ.ਆਰ. ਖੇਤਰ 'ਚ ਹਵਾ ਪ੍ਰਦੂਸ਼ਣ 'ਚ ਇਕ ਵੱਡਾ ਯੋਗਦਾਨ ਪਾਉਂਦੀ ਹੈ।

ਇਕ ਅਧਿਕਾਰਤ ਹੁਕਮ ਵਿਚ ਸੀ.ਏ.ਕਿਊ.ਐਮ. ਨੇ ਕਿਹਾ ਕਿ ਝੋਨੇ ਦੀ ਰਹਿੰਦ-ਖੂੰਹਦ ਤੋਂ ਬਣੇ ਬਾਇਓਮਾਸ ਦੀਆਂ ਗੋਲੀਆਂ ਦੀ ਵਰਤੋਂ ਕੋਲੇ ਦਾ ਸਾਫ ਅਤੇ ਵਿਹਾਰਕ ਬਦਲ ਹੈ, ਜੋ ਆਮ ਤੌਰ 'ਤੇ ਇੱਟਾਂ ਦੇ ਭੱਠਿਆਂ ਵਿਚ ਵਰਤਿਆ ਜਾਂਦਾ ਹੈ।

ਸੀ.ਏ.ਕਿਊ.ਐਮ. ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੇ ਗੈਰ-ਐਨ.ਸੀ.ਆਰ. ਜ਼ਿਲ੍ਹਿਆਂ 'ਚ ਇੱਟਾਂ ਦੇ ਭੱਠਿਆਂ ਨੂੰ 1 ਨਵੰਬਰ ਤੋਂ ਪੜਾਅਵਾਰ ਤਰੀਕੇ ਨਾਲ ਝੋਨੇ ਦੀ ਪਰਾਲੀ ਅਧਾਰਤ ਬਾਇਓਮਾਸ ਦੀਆਂ ਗੋਲੀਆਂ ਜਾਂ ਟਿੱਕੀਆਂ ਦਾ ਸਹਿ-ਬਾਲਣ ਸ਼ੁਰੂ ਕਰਨਾ ਚਾਹੀਦਾ ਹੈ।

ਹੁਕਮ 'ਚ ਨਿਰਧਾਰਤ ਸਮਾਂ ਸੀਮਾ ਅਨੁਸਾਰ, ਇੱਟਾਂ ਦੇ ਭੱਠਿਆਂ ਨੂੰ ਅਪਣੇ ਬਾਲਣ ਮਿਸ਼ਰਣ 'ਚ ਘੱਟੋ-ਘੱਟ 20 ਫ਼ੀ ਸਦੀ ਝੋਨੇ ਦੀ ਪਰਾਲੀ ਅਧਾਰਤ ਗੋਲੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਇਹ 1 ਨਵੰਬਰ, 2026 ਤੋਂ ਵਧ ਕੇ 30 ਫ਼ੀ ਸਦੀ ਹੋਣਾ ਚਾਹੀਦਾ ਹੈ; 1 ਨਵੰਬਰ, 2027 ਤੋਂ 40 ਫ਼ੀ ਸਦੀ ; ਅਤੇ 1 ਨਵੰਬਰ, 2028 ਤੋਂ 50 ਫ਼ੀ ਸਦੀ।

ਇਸ ਹੁਕਮ 'ਚ ਸਾਰੇ ਭੱਠਿਆਂ ਲਈ ਜਾਰੀ ਕੀਤਾ ਗਿਆ ਹੈ, ਜਿਸ 'ਚ ਟੇਢੀ-ਮੇਢੀ ਅੱਗ ਤਕਨਾਲੋਜੀ ਦੀ ਵਰਤੋਂ ਕਰਨ ਵਾਲੇ ਭੱਠੇ ਵੀ ਸ਼ਾਮਲ ਹਨ। ਸੂਬਾ ਸਰਕਾਰਾਂ ਨੂੰ ਨਵੰਬਰ 2025 ਤੋਂ ਸੀ.ਏ.ਕਿਊ.ਐਮ. ਨੂੰ ਮਹੀਨਾਵਾਰ ਪ੍ਰਗਤੀ ਰੀਪੋਰਟ ਸੌਂਪਣ ਲਈ ਵੀ ਕਿਹਾ ਗਿਆ ਹੈ ਤਾਂ ਜੋ ਇਸ ਦੇ ਹੁਕਮ ਨੂੰ ਲਾਗੂ ਕਰਨ ਦੀ ਉਚਿਤ ਨਿਗਰਾਨੀ ਨੂੰ ਯਕੀਨੀ ਬਣਾਇਆ ਜਾ ਸਕੇ।



ਕਮਿਸ਼ਨ ਨੇ ਪਹਿਲਾਂ ਐਨ.ਸੀ.ਆਰ. 'ਚ ਸਥਿਤ ਇੱਟਾਂ ਦੇ ਭੱਠਿਆਂ 'ਚ ਸਵੱਛ ਬਾਲਣ ਦੀ ਵਰਤੋਂ ਲਈ ਹੁਕਮ ਜਾਰੀ ਕੀਤੇ ਸਨ। ਹਾਲਾਂਕਿ, ਇਹ ਪਹਿਲੀ ਵਾਰ ਹੈ ਜਦੋਂ ਇਸ ਤਰ੍ਹਾਂ ਦੇ ਹੁਕਮ ਨੂੰ ਪੰਜਾਬ ਅਤੇ ਹਰਿਆਣਾ 'ਚ ਐਨ.ਸੀ.ਆਰ. ਤੋਂ ਬਾਹਰ ਦੇ ਜ਼ਿਲ੍ਹਿਆਂ 'ਚ ਲਾਗੂ ਕੀਤਾ ਜਾ ਰਿਹਾ ਹੈ।

ਅਧਿਕਾਰਤ ਅਨੁਮਾਨਾਂ ਅਨੁਸਾਰ, ਐਨ.ਸੀ.ਆਰ. 'ਚ 3,000 ਤੋਂ ਵੱਧ ਇੱਟਾਂ ਦੇ ਭੱਠੇ ਕੰਮ ਕਰਦੇ ਹਨ, ਜਿਨ੍ਹਾਂ 'ਚੋਂ ਜ਼ਿਆਦਾਤਰ ਅਜੇ ਵੀ ਕੋਲੇ ਨੂੰ ਮੁੱਖ ਬਾਲਣ ਵਜੋਂ ਵਰਤਦੇ ਹਨ।

# ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ: Vigilance Bureau ਨੇ 10000 ਰੁਪਏ ਰਿਸ਼ਵਤ ਲੈਂਦਾ ਸਹਿਕਾਰੀ ਵਿਭਾਗ ਦਾ ਸੁਪਰਡੈਂਟ ਕੀਤਾ ਕਾਬੂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਮੰਗਲਵਾਰ ਨੂੰ ਐਸ.ਏ.ਐਸ. ਨਗਰ ਜ਼ਿਲ੍ਹੇ ਦੇ ਡੇਰਾਬੱਸੀ ਵਿਖੇ ਪੰਜਾਬ ਸਹਿਕਾਰੀ ਸਭਾਵਾਂ ਦੇ ਸਹਾਇਕ ਰਜਿਸਟਰਾਰ (ਏ.ਆਰ.) ਦੇ ਦਫ਼ਤਰ ਵਿੱਚ ਤਾਇਨਾਤ ਸੁਪਰਡੈਂਟ ਗੁਰਆਜ਼ਾਦ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕੀਤਾ ਹੈ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਅਨੁਸਾਰ, ਡੇਰਾਬੱਸੀ ਦੇ ਪਿੰਡ ਫਫਰੌਲੀ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤਕਰਤਾ ਨੇ 2012 ਵਿੱਚ ਰਾਣੀ ਮਾਜਰਾ ਬਹੁ-ਮੰਤਵੀ ਖੇਤੀਬਾੜੀ ਸਹਿਕਾਰੀ ਸੇਵਾ ਸਭਾ ਤੋਂ 2 ਲੱਖ ਰੁਪਏ ਦਾ ਕਰਜ਼ਾ ਲਿਆ ਸੀ ਪਰ ਨੇਮਬੱਧ ਢੰਗ ਨਾਲ ਅਦਾਇਗੀਆਂ ਨਾ ਕਰ ਸਕਿਆ ਜਿਸ ਕਾਰਨ ਮੂਲ ਰਕਮ ਤੇ ਵਿਆਜ ਦਾ ਬਕਾਇਆ ਜਮ੍ਹਾਂ ਹੋ ਕੇ 3,16,632 ਰੁਪਏ ਹੋ ਗਿਆ। ਬਾਅਦ ਵਿੱਚ, ਸ਼ਿਕਾਇਤਕਰਤਾ ਨੇ ਇਸ ਸਾਲ 13 ਮਾਰਚ ਨੂੰ 4,14,500 ਰੁਪਏ ਦੀ ਸਾਰੀ ਬਕਾਇਆ ਰਕਮ ਦਾ ਭੁਗਤਾਨ ਕਰ ਕਰਕੇ ਸੁਸਾਇਟੀ ਤੋਂ ਬਣਦੀ ਕਲੀਅਰੈਂਸ ਵੀ ਲੈ ਲਈ ਸੀ। ਸ਼ਿਕਾਇਤ ਕਰਤਾ ਨੇ ਦੋਸ਼ ਲਾਇਆ ਕਿ ਇਸਦੇ ਬਾਵਜੂਦ ਵੀ ਉਕਤ ਮੁਲਜ਼ਮ ਉਸਨੂੰ ਸਹਾਇਕ ਰਜਿਸਟਰਾਰ ਤੋਂ ਜ਼ਰੂਰੀ ਪ੍ਰਵਾਨਗੀ ਲੈਣ ਅਤੇ ਜ਼ਮੀਨ ਨੂੰ ਆਡਰਹਿਣ ਤੋਂ ਫੱਕ ਕਰਾਉਣ ਲਈ 10,000 ਰੁਪਏ ਰਿਸ਼ਵਤ ਮੰਗ ਰਿਹਾ ਸੀ।



ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੇ ਉਡੰਣ ਦਸਤੇ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਉਸਦੇ ਦਫ਼ਤਰ ਵਿੱਚ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਬਿਊਰੋ ਟੀਮ ਨੇ ਮੁਲਜ਼ਮ ਦੇ ਕਬਜ਼ੇ ਵਿੱਚੋਂ ਕੇਸ ਨਾਲ ਸਬੰਧਤ ਏ.ਆਰ. ਦੇ ਬਿਨਾਂ ਦਸਤਖ਼ਤ ਕੀਤੇ ਟਾਈਪ ਕੀਤੇ ਆਰਡਰ ਵੀ ਮੌਕੇ ਤੇ ਹੀ ਬਰਾਮਦ ਕੀਤੇ।

ਇਸ ਸਬੰਧ ਵਿੱਚ ਉਕਤ ਮਲਾਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ, ਫਲਾਇੰਗ ਸਕੁਐਡ-1, ਪੰਜਾਬ, ਐਸਏਐਸ ਨਗਰ ਵਿਖੇ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# 'ਯੁੱਧ ਨਸ਼ਿਆਂ ਵਿਰੁੱਧ' ਦਾ 94ਵਾਂ ਦਿਨ: 2.8 ਕਿਲੋਗ੍ਰਾਮ ਹੈਰੋਇਨ ਅਤੇ 17 ਹਜ਼ਾਰ ਰੁਪਏ ਦੀ ਡਰੱਗ ਮਨੀ ਸਮੇਤ 140 ਨਸ਼ਾ ਤਸਕਰ ਕਾਬੂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਚੰਡੀਗੜ੍ਹ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਗਈ ਨਸ਼ਿਆਂ ਵਿਰੁੱਧ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 94ਵੇਂ ਦਿਨ ਵੀ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ 140 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2.8 ਕਿਲੋ ਹੈਰੋਇਨ, 3132 ਨਸ਼ੀਲੀਆਂ ਗੋਲੀਆਂ ਅਤੇ 17750 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ, 94 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 15,412 ਹੋ ਗਈ ਹੈ।



ਇਹ ਆਪਰੇਸ਼ਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਗਿਆ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।

ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 94 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1300 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 475 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 101 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 573 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 74 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਹੈ।

# 40 ਵਿਦਿਆਰਥੀਆਂ ਵੱਲੋਂ ਜੇ.ਈ.ਈ. (ਐਡਵਾਂਸਡ) ਪ੍ਰੀਖਿਆ ਪਾਸ

ਸੂਬੇ ਦੇ ਸਰਕਾਰੀ ਸਕੂਲਾਂ ਦੇ 40 ਵਿਦਿਆਰਥੀਆਂ ਨੇ ਸਖ਼ਤ ਮੁਕਾਬਲੇ ਵਾਲੀ ਜੁਆਇੰਟ ਐਂਟਰੈਂਸ ਪ੍ਰੀਖਿਆ (ਜੇਈਈ) ਐਡਵਾਂਸਡ ਪਾਸ ਕਰਕੇ ਇੱਕ ਨਵਾਂ ਮੀਲ ਪੱਥਰ ਸਥਾਪਿਤ ਕੀਤਾ ਹੈ, ਜਿਸ ਨਾਲ ਹੁਣ ਉਨ੍ਹਾਂ ਲਈ ਦੇਸ਼ ਦੀਆਂ ਵੱਕਾਰੀ ਇੰਡੀਅਨ ਇੰਸਟੀਚਿਊਟ ਆਫ਼ ਟੈਕਨੋਲੌਜੀ (ਆਈਆਈਟੀ) ਵਿੱਚ ਦਾਖਲਾ ਲੈਣ ਦਾ ਰਾਹ ਪੱਧਰਾ ਹੋ ਗਿਆ ਹੈ।

ਇਸ ਸ਼ਾਨਦਾਰ ਪ੍ਰਾਪਤੀ ਲਈ ਇਨ੍ਹਾਂ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੰਦਿਆਂ ਸ. ਬੈਂਸ ਨੇ ਕਿਹਾ ਕਿ ਇਹ ਵਿਦਿਆਰਥੀ ਪੰਜਾਬ ਦਾ ਮਾਣ ਅਤੇ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੀ ਸਫ਼ਲਤਾ ਸਾਰਿਆਂ ਨੂੰ ਮਿਆਰੀ ਸਿੱਖਿਆ ਦੇਣ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦਾ ਠੋਸ ਪ੍ਰਮਾਣ ਹੈ।

ਇੱਕ ਹੋਣਹਾਰ ਵਿਦਿਆਰਥੀ ਦੀ ਦਿਲ ਨੂੰ ਛੂਹ ਲੈਣ ਵਾਲੀ ਕਹਾਣੀ ਸਾਂਝੀ ਕਰਦਿਆਂ ਸਿੱਖਿਆ ਮੰਤਰੀ ਨੇ ਦੱਸਿਆ ਕਿ ਸ਼ਹੀਦ ਫਲਾਈਟ ਲੈਫਟੀਨੈਂਟ ਮੋਹਿਤ ਕੁਮਾਰ ਗਰਗ ਸਕੂਲ ਆਫ਼ ਐਮੀਨੈਂਸ, ਸਮਾਣਾ ਦੇ ਵਿਦਿਆਰਥੀ ਅਰਸ਼ਦੀਪ ਸਿੰਘ ਨੇ ਜ਼ਿੰਦਗੀ ਵਿੱਚ ਵੱਡੇ ਸਦਮੇ 'ਚੋਂ ਲੰਘਣ ਦੇ ਬਾਵਜੂਦ ਜੇਈਈ ਪ੍ਰੀਖਿਆ ਪਾਸ ਕੀਤੀ ਕੀਤੀ ਹੈ। ਅਰਸ਼ਦੀਪ ਦੇ ਪਿਤਾ ਦੀ ਮੌਤ ਤੋਂ ਬਾਅਦ ਉਸਦੀ ਮਾਂ ਸੁਨੀਤਾ ਰਾਣੀ ਨੇ ਅੱਠ ਹਜ਼ਾਰ ਰੁਪਏ ਮਹੀਨੇ 'ਤੇ ਸਫ਼ਾਈ ਕਰਮਚਾਰੀ ਵਜੋਂ ਕੰਮ ਕੀਤਾ। ਇਸ ਸਭ ਦੇ ਬਾਵਜੂਦ ਅਰਸ਼ਦੀਪ ਦੀ ਮਾਂ ਨੇ ਉਸਦੇ ਸੁਪਨਿਆਂ ਤੇ ਇਰਾਦਿਆਂ ਨੂੰ ਪੂਰਾ ਕਰਨ ਦਾ ਦ੍ਰਿੜ੍ਹ ਇਰਾਦਾ ਰੱਖਿਆ। ਅਰਸ਼ਦੀਪ ਨੇ ਪੰਜਾਬ ਸਰਕਾਰ ਵੱਲੋਂ ਦਿੱਤੀ ਮੁਫ਼ਤ ਕੋਚਿੰਗ ਅਤੇ ਆਪਣੀ ਸਖ਼ਤ ਮਿਹਨਤ ਅਤੇ ਆਪਣੀ ਮਾਂ ਤੇ ਅਧਿਆਪਕਾਂ ਦੇ ਮਾਰਗਦਰਸ਼ਨ ਤੇ ਸਮਰਥਨ ਨਾਲ ਇਹ ਵੱਡੀ ਪ੍ਰਾਪਤੀ ਕੀਤੀ ਹੈ।। ਹੁਣ ਇੱਕ ਆਈਆਈਟੀ ਕੁਆਲੀਫਾਇਰ ਵਜੋਂ ਅਰਸ਼ਦੀਪ ਆਪਣੇ ਪਰਿਵਾਰ ਦੇ ਹਾਲਾਤਾਂ ਨੂੰ ਸੁਧਾਰ ਸਕਦਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

ਬਾਬਾ ਸਾਹਿਬ ਕਹਿੰਦੇ ਹਨ

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਮੈਨੂੰ ਬੁੱਧ ਧਰਮ ਕਿਉਂ ਪਸੰਦ ਹੈ?

ਮੈਨੂੰ ਦਿੱਤੇ ਗਏ ਥੋੜ੍ਹੇ ਸਮੇਂ ਵਿੱਚ, ਮੈਨੂੰ ਦੇ ਸਵਾਲਾਂ ਬਾਰੇ ਸੋਚਣਾ ਪਵੇਗਾ - ਪਹਿਲਾ, ਮੈਂ ਬੁੱਧ ਧਰਮ ਨੂੰ ਕਿਉਂ ਪਿਆਰ



ਕਰਦਾ ਹਾਂ? ਅਤੇ ਦੂਜਾ, ਇਹ ਮੌਜੂਦਾ ਹਾਲਾਤਾਂ ਵਿੱਚ ਦੁਨੀਆ ਲਈ ਕਿਵੇਂ ਲਾਭਦਾਇਕ ਸਾਬਤ ਹੋ ਸਕਦਾ ਹੈ?

ਬਾਕੀ ਸਾਰੇ ਧਰਮ ਪਰਮਾਤਮਾ, ਆਤਮਾ, ਮੌਤ ਤੋਂ ਬਾਅਦ ਦੀ ਸਥਿਤੀ ਆਦਿ ਦੀ ਖੋਜ ਕਰਦੇ ਹਨ ਜਦੋਂ ਕਿ ਬੁੱਧ ਧਰਮ ਇਨ੍ਹਾਂ ਤਿੰਨਾਂ ਤੱਤਾਂ ਨੂੰ ਇਕੱਠੇ ਮੰਨਦਾ ਹੈ। ਇਸ ਤਰ੍ਹਾਂ ਦੀ ਚੀਜ਼ ਦੂਜੇ ਧਰਮਾਂ ਵਿੱਚ ਨਹੀਂ ਦੇਖੀ ਜਾਂਦੀ। ਇਹ ਧੰਮ ਬੁੱਧੀ (ਅੰਧਵਿਸ਼ਵਾਸ ਅਤੇ ਅਲੌਕਿਕ ਘਟਨਾਵਾਂ ਦੇ ਵਿਰੁੱਧ ਮੁਲਾਂਕਣ ਦੀ ਸ਼ਕਤੀ), ਦਇਆ (ਪਿਆਰ) ਅਤੇ ਸਮਾਨਤਾ ਸਿਖਾਉਂਦਾ ਹੈ। ਇਸ ਧਰਤੀ 'ਤੇ ਖੁਸ਼ਹਾਲ ਜੀਵਨ ਜਿਉਣ ਲਈ ਮਨੁੱਖ ਨੂੰ ਹੋਰ ਕੀ ਚਾਹੀਦਾ ਹੈ? ਇਸੇ ਲਈ ਇਨ੍ਹਾਂ ਤਿੰਨਾਂ ਸਿਧਾਂਤਾਂ ਵਾਲਾ ਬੁੱਧ ਧਰਮ ਮੈਨੂੰ ਆਕਰਸ਼ਿਤ ਕਰਦਾ ਹੈ। ਨਾ ਤਾਂ ਪਰਮਾਤਮਾ ਅਤੇ ਨਾ ਹੀ ਆਤਮਾ ਕੋਲ ਦੁਨੀਆ ਨੂੰ ਬਚਾਉਣ ਦੀ ਸ਼ਕਤੀ ਹੈ; ਇਨ੍ਹਾਂ ਤਿੰਨਾਂ ਸਿਧਾਂਤਾਂ ਵਿੱਚ ਹੀ ਦੁਨੀਆ ਨੂੰ ਬਚਾਉਣ ਦੀ ਸ਼ਕਤੀ ਹੈ।

ਇੱਕ ਹੋਰ ਗੱਲ ਇਹ ਹੈ ਕਿ, ਦੁਨੀਆ ਦੇ ਸੰਦਰਭ ਵਿੱਚ, ਖਾਸ ਕਰਕੇ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਵਿੱਚ, ਇਹ ਵਿਸ਼ੇਸ਼ ਤੌਰ 'ਤੇ ਆਕਰਸ਼ਕ ਸਾਬਤ ਹੋ ਸਕਦਾ ਹੈ। ਇਸ ਸਮੇਂ, ਦੁਨੀਆ ਕਾਰਲ ਮਾਰਕਸ ਅਤੇ ਉਸਦੇ ਦੁਆਰਾ ਬਣਾਏ ਗਏ ਸਾਮਵਾਦ ਦੇ ਤੂਫਾਨ ਵਿੱਚ ਫਸੀ ਹੋਈ ਹੈ। ਇਹ ਇੱਕ ਬਹੁਤ ਹੀ ਗੰਭੀਰ ਚੁਣੌਤੀ ਹੈ। ਇਸ ਕਾਰਨ ਸਾਰੇ ਦੇਸ਼ਾਂ ਦੀ ਧਾਰਮਿਕ ਪ੍ਰਣਾਲੀ ਦੀਆਂ ਨੀਹਾਂ ਹਿੱਲ ਗਈਆਂ ਹਨ। ਇਸਦਾ ਕਾਰਨ ਇਹ ਹੈ ਕਿ ਮਾਰਕਸਵਾਦ ਅਤੇ ਸਾਮਵਾਦ ਨਾਸਤਿਕ ਚੀਜ਼ਾਂ ਨਾਲ ਜੁੜੇ ਹੋਏ ਹਨ। ਇਸਨੇ ਅੱਜ ਦੇ ਧਾਰਮਿਕ ਸਿਸਟਮ ਨੂੰ ਜੋ ਨੁਕਸਾਨ ਪਹੁੰਚਾਇਆ ਹੈ ਉਸਨੂੰ ਸਮਝਣਾ ਬਹੁਤ ਔਖਾ ਨਹੀਂ ਹੈ। ਅੱਜ ਦਾ ਧਾਰਮਿਕ ਸਿਸਟਮ ਨਾਸਤਿਕ ਰਚਨਾ ਤੋਂ ਵੱਖਰਾ ਨਹੀਂ ਹੈ, ਫਿਰ ਵੀ ਹਰ ਨਾਸਤਿਕ ਚੀਜ਼ ਇਸ ਸਿਸਟਮ 'ਤੇ ਅਧਾਰਤ ਹੈ। ਜਦੋਂ ਤੱਕ ਧਰਮ ਦੀ ਮਾਨਤਾ ਨਹੀਂ ਹੁੰਦੀ, ਭਾਵੇਂ ਇਹ ਅਸਿੱਧੇ ਤੌਰ 'ਤੇ ਹੋਵੇ, ਇੱਕ ਧਰਮ ਨਿਰਪੱਖ ਸ੍ਰਿਸ਼ਟੀ ਲਈ ਲੰਬੇ ਸਮੇਂ ਤੱਕ ਜਿਉਂਦਾ ਰਹਿਣਾ ਸੰਭਵ ਨਹੀਂ ਹੈ।

ਦੱਖਣ-ਪੂਰਬੀ ਏਸ਼ੀਆ ਦੇ ਬੋਧੀ ਦੇਸ਼ਾਂ ਦੀ ਮਾਨਸਿਕਤਾ ਸਾਮਵਾਦ ਵੱਲ ਝੁਕੀ ਹੋਈ ਹੈ। ਮੈਂ ਇਸ ਤੋਂ ਬਹੁਤ ਹੈਰਾਨ ਹਾਂ। ਮੇਰਾ ਮੰਨਣਾ ਹੈ ਕਿ ਉਨ੍ਹਾਂ ਨੇ ਬੁੱਧ ਧਰਮ ਦਾ ਸਹੀ ਮੁਲਾਂਕਣ ਨਹੀਂ ਕੀਤਾ ਹੈ। ਮੇਰਾ ਪੱਕਾ ਵਿਸ਼ਵਾਸ ਹੈ ਕਿ ਮਾਰਕਸ ਅਤੇ ਉਸਦੇ ਸਾਮਵਾਦ ਦਾ ਸੰਪੂਰਨ ਜਵਾਬ ਬੁੱਧ ਧਰਮ ਵਿੱਚ ਹੈ। ਰੂਸੀ ਸ਼ੈਲੀ ਦੇ ਸਾਮਵਾਦ ਨੇ ਪਹਿਲਾਂ ਹੀ ਖੂਨ ਨਾਲ ਰੰਗੀ ਹੋਈ ਕ੍ਰਾਂਤੀ ਨੂੰ ਇੱਕ ਸਹਾਇਕ ਸਾਧਨ ਵਜੋਂ ਸਵੀਕਾਰ ਕਰ ਲਿਆ ਹੈ। ਸਾਮਵਾਦੀ ਪ੍ਰਣਾਲੀ ਨੂੰ ਲਾਗੂ ਕਰਨ ਲਈ ਉਤਸੁਕ ਲੋਕ ਸ਼ਾਇਦ ਇਹ ਨਹੀਂ ਜਾਣਦੇ ਕਿ ਬੁੱਧ ਧਰਮ ਦਾ 'ਸੰਘ' ਇੱਕ ਸਾਮਵਾਦੀ ਸੰਗਠਨ ਹੈ। ਇਸ ਵਿੱਚ ਨਿੱਜੀ ਜਾਇਦਾਦ ਲਈ ਕੋਈ ਜਗ੍ਹਾ ਨਹੀਂ ਹੈ ਅਤੇ ਖਾਸ ਗੱਲ ਇਹ ਹੈ ਕਿ ਇਹ ਤਬਦੀਲੀ ਹਿੰਸਾ ਦਾ ਨਤੀਜਾ ਨਹੀਂ ਹੈ। ਇਹ ਮਾਨਸਿਕ ਵੀ ਨਹੀਂ ਹੈ। ਮਾਨਸਿਕ ਤਬਦੀਲੀ ਕਾਰਨ ਆਈ ਇਹ ਤਬਦੀਲੀ ਪਿਛਲੇ 2500 ਸਾਲਾਂ ਤੋਂ ਚੱਲੀ ਆ ਰਹੀ ਹੈ। ਇਸ ਲੰਬੇ ਸਮੇਂ ਵਿੱਚ ਕੁਝ ਬਦਲਾਅ ਹੋਏ ਹੋਣਗੇ ਪਰ ਇਸ ਵਿੱਚ ਮੌਜੂਦ ਆਦਰਸ਼ ਅੱਜ ਵੀ ਮੂਲ ਰੂਪ ਵਿੱਚ ਦਿਖਾਈ ਦੇ ਰਹੇ ਹਨ। ਰੂਸੀ ਕਮਿਊਨਿਜ਼ਮ ਨੂੰ ਇਨ੍ਹਾਂ ਸਵਾਲਾਂ ਦੇ ਜਵਾਬ ਦੇਣੇ ਪੈਣਗੇ।

ਉਨ੍ਹਾਂ ਨੂੰ ਦੋ ਹੋਰ ਸਵਾਲਾਂ ਦੇ ਜਵਾਬ ਦੇਣੇ ਪੈਣਗੇ। ਪਹਿਲਾ ਸਵਾਲ ਇਹ ਹੈ ਕਿ ਕੀ ਕਮਿਊਨਿਸਟ ਢਾਂਚੇ ਦਾ ਹਮੇਸ਼ਾ ਲਈ ਬਣਿਆ ਰਹਿਣਾ ਜ਼ਰੂਰੀ ਹੈ? ਮੈਂ ਇਸ ਗੱਲ ਨਾਲ ਸਹਿਮਤ ਹਾਂ ਕਿ ਜੋ ਕੰਮ ਰੂਸੀਆਂ ਲਈ ਹੋਰ ਤਰੀਕੇ ਨਾਲ ਕਰਨਾ ਸੰਭਵ ਨਹੀਂ ਸੀ, ਉਹ ਕਮਿਊਨਿਜ਼ਮ ਕਾਰਨ ਪੂਰਾ ਹੋਇਆ, ਪਰ ਉਨ੍ਹਾਂ ਕੰਮਾਂ ਦੇ ਪੂਰਾ ਹੋਣ ਤੋਂ ਬਾਅਦ, ਉੱਥੋਂ ਦੇ ਲੋਕਾਂ ਨੂੰ ਬੁੱਧ ਦੁਆਰਾ ਪ੍ਰਚਾਰੇ ਗਏ ਪਿਆਰ ਨਾਲ ਆਜ਼ਾਦੀ ਕਿਉਂ ਨਹੀਂ ਮਿਲਣੀ ਚਾਹੀਦੀ? ਇਹ ਦੇਖਦੇ ਹੋਏ ਕਿ ਉਨ੍ਹਾਂ ਨੂੰ ਇਹ ਨਹੀਂ ਮਿਲ ਰਿਹਾ, ਦੱਖਣ-ਪੂਰਬੀ ਏਸ਼ੀਆ ਦੇ ਲੋਕਾਂ ਨੂੰ ਸਾਵਧਾਨ ਰਹਿਣਾ ਚਾਹੀਦਾ ਹੈ। ਰੂਸੀ ਕਮਿਊਨਿਜ਼ਮ ਦੇ ਜਾਲ ਵਿੱਚ ਨਾ ਫਸੋ।

"ਇਕੁਐਲਿਟੀ ਐਂਡ ਜਸਟਿਸ"
"Equality and Justice"

ਨਹੀਂ ਤਾਂ ਉਹ ਕਦੇ ਵੀ ਉਸ ਜਾਲ ਵਿੱਚੋਂ ਬਾਹਰ ਨਹੀਂ ਨਿਕਲ ਸਕਣਗੇ। ਉਨ੍ਹਾਂ ਨੂੰ ਬੁੱਧ ਦੀਆਂ ਸਿੱਖਿਆਵਾਂ ਨੂੰ ਅਪਣਾਉਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਰਾਜਨੀਤਿਕ ਢਾਂਚੇ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ। ਗਰੀਬੀ ਪਹਿਲਾਂ ਵੀ ਮੌਜੂਦ ਸੀ ਅਤੇ ਭਵਿੱਖ ਵਿੱਚ ਵੀ ਮੌਜੂਦ ਰਹੇਗੀ। ਇਸ ਲਈ, ਗਰੀਬੀ ਦਾ ਮੁੱਦਾ ਉਠਾ ਕੇ ਮਨੁੱਖੀ ਆਜ਼ਾਦੀ ਦੀ ਬਲੀ ਦੇਣਾ ਸਹੀ ਨਹੀਂ ਹੋਵੇਗਾ।

ਇਹ ਬਦਕਿਸਮਤੀ ਦੀ ਗੱਲ ਹੈ ਕਿ ਬੁੱਧ ਦੀਆਂ ਸਿੱਖਿਆਵਾਂ ਦਾ ਸਹੀ ਅਰਥ ਜਾਂ ਕਦਰਦਾਨ ਅੱਜ ਤੱਕ ਸਹੀ ਢੰਗ ਨਾਲ ਨਹੀਂ ਕੀਤਾ ਗਿਆ ਹੈ। ਉਨ੍ਹਾਂ ਦੇ ਸਿਧਾਂਤਾਂ ਅਤੇ ਸਮਾਜਿਕ ਪੁਨਰ ਨਿਰਮਾਣ ਬਾਰੇ ਗਲਤ ਧਾਰਨਾਵਾਂ ਫੈਲੀਆਂ ਹਨ। ਬੁੱਧ ਧਰਮ ਸਿਧਾਂਤਾਂ ਦੀ ਇੱਕ ਸਮਾਜਿਕ ਪ੍ਰਣਾਲੀ ਹੈ ਅਤੇ ਜਦੋਂ ਹਰ ਕੋਈ ਇਸ ਬਾਰੇ ਜਾਣਦਾ ਹੈ, ਤਾਂ ਹੀ ਇਸਦਾ ਪੁਨਰ ਸੁਰਜੀਤੀ ਸਦੀਵੀ ਸਾਬਤ ਹੋਵੇਗੀ ਕਿਉਂਕਿ ਫਿਰ ਸਾਰੀ ਦੁਨੀਆ ਜਾਣ ਜਾਵੇਗੀ ਕਿ ਇਸ ਧਰਮ ਵਿੱਚ ਕੁਝ ਮਹਾਨਤਾ ਹੈ ਜੋ ਹਰ ਕਿਸੇ ਨੂੰ ਆਕਰਸ਼ਿਤ ਕਰਦੀ ਹੈ ਜਾਂ ਪ੍ਰਭਾਵਿਤ ਕਰਦੀ ਹੈ।

ਮਿਤੀ 12 ਮਈ, 1956
(ਦਸਤਖਤ) (ਬੀ. ਆਰ. ਅੰਬੇਡਕਰ)
26, ਅਲੀਪੁਰ ਰੋਡ, ਨਵੀਂ ਦਿੱਲੀ

---

# ਯੁੱਧ ਨਸ਼ਿਆਂ ਵਿਰੁੱਧ: ਅਤਿ- ਆਧੁਨਿਕ ANTF ਰੇਂਜ ਦਫਤਰ ਦਾ Patiala ਵਿੱਚ ਉਦਘਾਟਨ

## ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ 'ਯੁੱਧ ਨਸ਼ਿਆਂ ਵਿਰੁੱਧ' ਰਹੇਗਾ ਜਾਰੀ : ਡੀਜੀਪੀ ਗੌਰਵ ਯਾਦਵ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਹਿੱਸੇ ਵਜੋਂ, ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ,Patiala Police ਲਾਈਨਜ਼ ਵਿਖੇ ਅਤਿ-ਆਧੁਨਿਕ ਐਂਟੀ ਨਾਰਕੋਟਿਕਸ ਟਾਸਕ ਫੋਰਸ(ਏਐਨਟੀਐਫ) ਦੇ ਦਫਤਰ ਦਾ ਉਦਘਾਟਨ ਕੀਤਾ। ਇਸ ਦੌਰਾਨ ਡੀਜੀਪੀ ਗੌਰਵ ਯਾਦਵ ਦੇ ਨਾਲ ਵਿਸ਼ੇਸ਼ ਡੀਜੀਪੀ ਏ.ਐਨ.ਟੀ.ਐਫ. ਕੁਲਦੀਪ ਸਿੰਘ ਅਤੇ ਏ.ਐਨ.ਟੀ.ਐਫ. ਦੇ ਏ.ਡੀ.ਜੀ.ਪੀ. ਨਿਲਾਭ ਕਿਸ਼ੋਰ ਵੀ ਮੌਜੂਦ ਸਨ।

ਜ਼ਿਕਰਯੋਗ ਹੈ ਕਿ 1 ਕਰੋੜ ਰੁਪਏ ਦੀ ਲਾਗਤ ਨਾਲ 6,800 ਵਰਗ ਫੁੱਟ ਵਿੱਚ ਉਸਾਰੀ ਇਹ ਇੱਕ ਅਤਿ-ਆਧੁਨਿਕ, ਦੋ ਮੰਜ਼ਿਲਾ ਇਮਾਰਤ' ਹੈ, ਜੋ ਨਸ਼ਾ ਤਸਕਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਤਕਨੀਕੀ ਸਾਜੋ-ਸਮਾਨ ਨਾਲ ਲੈਸ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਹ ਸਹੂਲਤ ਨਵੀਨਤਮ ਫੌਰੈਂਸਿਕ ਸਾਜੋ-ਸਾਮਾਨ, ਡੇਟਾ ਵਿਸ਼ਲੇਸ਼ਣ ਪ੍ਰਣਾਲੀਆਂ, ਫੋਰੈਂਸਿਕ ਡਾਟਾ ਇਨਕ੍ਰਿਪਸ਼ਨ ਅਤੇ ਡਕ੍ਰਿਪਸ਼ਨ ਅਤੇ ਕ੍ਰਿਪਟੋ ਕਰੰਸੀ ਜਾਂਚ-ਪੜਤਾਲ ਕਰਨ ਵਾਲੇ ਉਪਕਰਣਾਂ ਨਾਲ ਲੈਸ ਹੈ। ਉਨ੍ਹਾਂ ਕਿਹਾ ਕਿ ਇਸ ਸਹੂਲਤ ਦੀ ਪ੍ਰਭਾਵਸ਼ੀਲਤਾ ਨੂੰ ਹੋਰ ਕਾਰਗਰ ਬਣਾਉਣ ਲਈ ਕੁਸ਼ਲ ਤਕਨੀਕੀ ਮਾਹਰਾਂ ਦੀ ਸਮਰਪਿਤ ਟੀਮ ਨੂੰ ਤਾਇਨਾਤ ਕੀਤਾ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਕਿਸਮ ਦਾ ਅਪਰਾਧਿਕ ਨੈਟਵਰਕ ਪੰਜਾਬ ਵਿੱਚ ਸਿਰ ਚੁੱਕਣ ਦੀ ਜੁਰੱਅਤ ਨਾ ਕਰ ਸਕੇ।

ਡੀਜੀਪੀ ਨੇ ਕਿਹਾ, ''ਰੈਪਿਡ ਰਿਸਪਾਂਸ ਅਤੇ ਕਾਰਜਸ਼ੀਲ




ਗਤੀਸ਼ੀਲਤਾ ਨੂੰ ਵਧਾਉਣ ਲਈ, ਯੂਨਿਟ ਨੂੰ ਨਵੇਂ ਵਾਹਨ ਵੀ ਉਪਲਬਧ ਕਰਵਾਏ ਜਾ ਰਹੇ ਹਨ ਤਾਂ ਜੋ ਮੁਸਤੈਦ ਤੇ ਪ੍ਰਭਾਵੀ ਢੰਗ ਨਾਲ ਫੈਸਲਾਕੁੰਨ ਕਾਰਵਾਈ ਨੂੰ ਅੰਜਾਮ ਦਿੱਤਾ ਜਾ ਸਕੇ।

ਏਐਨਟੀਐਫ ਦੀ ਬਿਲਡਿੰਗ ਦਾ ਉਦਘਾਟਨ ਕਰਨ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ ਡੀਜੀਪੀ ਗੌਰਵ ਯਾਦਵ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਵੱਡੀ ਸਫਲਤਾ ਦੱਸਦੇ ਹੋਏ ਕਿਹਾ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ ਇਹ ਮੁਹਿੰਮ ਸੂਬੇ ਵਿੱਚ ਜਾਰੀ ਰਹੇਗੀ।

ਪੰਜਾਬ ਪੁਲਿਸ ਨੇ ਵਿਆਪਕ ਪਹੁੰਚ ਅਪਣਾਈ ਹੈ ਜਿਸਦੇ ਉਦੇਸ਼ ਨਾ ਕੇਵਲ ਨਸ਼ਾ ਤਸਕਰਾਂ ਨੂੰ ਕਾਬੂ ਕਰਨਾ ਹੈ ਸਗੋਂ ਨਸ਼ਿਆਂ ਦੇ ਕਾਲੇ ਕਾਰੋਬਾਰ ਵਿੱਚ ਸ਼ਾਮਲ ਵੱਡੀ ਮੱਛੀਆਂ 'ਤੇ ਨਕੇਲ ਕੱਸਣਾ ਵੀ ਹੈ। ਉਨ੍ਹਾਂ ਕਿਹਾ,'' ਅਸੀਂ ਤਸਕਰਾਂ ਵਿਰੁੱਧ ਸਖ਼ਤ ਰਵੱਈਆ ਅਪਣਾਇਆ ਹੈ ਅਤੇ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਏਐਨਟੀਐਫ ਨੂੰ ਨਸ਼ਿਆਂ ਵਿਰੋਧੀ ਮੁਹਿੰਮ ਦਾ ਧੁਰਾ ਦੱਸਦਿਆਂ ਡੀਜੀਪੀ ਨੇ ਕਿਹਾ ਕਿ ਜ਼ਿਲ੍ਹਿਆਂ ਵਿਚ ਇਨਫੋਰਸਮੈਂਟ ਗਤੀਵਿਧੀਆਂ ਦੀ ਨਿਗਾਹਸਾਨੀ ਤੋਂ ਇਲਾਵਾ, ਇਹ ਇਕਾਈ ਹੋਰ ਵਿਭਾਗਾਂ ਨਾਲ ਤਾਲਮੇਲ ਕਰਕੇ ਨਸ਼ਾ ਛੁਡਾਊ ਰਣਨੀਤੀਆਂ ਨੂੰ ਲਾਗੂ ਕਰਨ ਵਿਚ ਵੀ ਮਹੱਤਵਪੂਰਣ ਭੂਮਿਕਾ ਨਿਭਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਪਿਛਲੇ ਵਿੱਤੀ ਸਾਲ ਵਿੱਚ ਤਕਨੀਕੀ ਆਧੁਨਿਕੀਕਰਨ ਲਈ 12 ਕਰੋੜ ਰੁਪਏ ਦੀ ਗਰਾਂਟ ਦਿੱਤੀ ਸੀ, ਜਦ ਕਿ ਇਸ ਸਾਲ ਇਸ ਗਰਾਂਟ ਨੂੰ ਵਧਾ ਕੇ 13.5 ਕਰੋੜ ਰੁਪਏ ਕਰ ਦਿੱਤਾ ਗਿਆ , ਜੋ ਕਿ ਏ.ਐਨ.ਟੀ.ਐਫ. ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਤੇ ਬਿਹਤਰ ਬਣਾਉਣ ਲਈ ਵਰਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰਜ਼ 'ਤੇ ਜਲੰਧਰ ਰੇਂਜ ਵਿੱਚ, ਏ.ਐਨ.ਟੀ.ਐਫ ਦਾ ਦਫਤਰ ਨਿਰਮਾਣ ਅਧੀਨ ਹੈ ਅਤੇ ਬਹੁਤ ਜਲਦੀ ਸਾਰੀਆਂ ਰੇਂਜਜ਼ ਵਿੱਚ ਅਜਿਹੇ ਏ.ਐਨ.ਟੀ.ਐਫ. ਦਫਤਰ ਹੋਣਗੇ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ 'ਸੇਫ਼ ਪੰਜਾਬ' ਵਟਸਐਪ ਚੈਟਬੋਟ ਪੋਰਟਲ— 9779100200— ਇੱਕ ਮਹੱਤਵਪੂਰਨ ਪਹਿਲ ਵਜੋਂ ਉਭਰਿਆ ਹੈ। ਉਨ੍ਹਾਂ ਕਿਹਾ ਕਿ ਇਸ ਪੋਰਟਲ 'ਤੇ ਨਸ਼ਾ ਤਸਕਰਾਂ ਤੇ ਨਸ਼ੇ ਦੇ ਆਦੀ ਵਿਅਕਤੀਆਂ ਬਾਰੇ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਗੁਪਤ ਰੱਖੀ ਜਾਂਦੀ ਹੈ ਜਿਸ ਕਰਕੇ ਲੋਕਾਂ ਵੱਲੋਂ ਇਸਨੂੰ ਵੱਡਾ ਹੁੰਗਾਰਾ ਮਿਲਿਆ ਹੈ ਅਤੇ ਉਹ ਇਸ 'ਤੇ ਆਪਣੇ ਸੁਝਾਅ ਵੀ ਦੇ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਪੋਰਟਲ 'ਤੇ ਪ੍ਰਾਪਤ ਹੋਏ 7635 ਮਾਮਲਿਆਂ ਵਿੱਚੋਂ 1596 ਵਿੱਚ ਐਫਆਈਆਰਜ਼ ਦਰਜ ਕਰਦਿਆਂ 1814 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ ਨਤੀਜੇ ਸਾਂਝੇ ਕਰਦਿਆਂ ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ ਹੁਣ ਤੱਕ 8,960 ਐਫਆਈਆਰਜ਼ ਦਰਜ ਕਰਕੇ 15,272 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 603 ਕਿਲੋ ਹੈਰੋਇਨ, 249 ਕਿਲੋ ਅਫੀਮ, 14 ਟਨ ਭੁੱਕੀ, 9 ਕਿਲੋ ਚਰਸ, 262 ਕਿਲੋ ਗਾਂਜਾ, 2.5 ਕਿਲੋ ਆਈਸੀਈ, 1.6 ਕਿਲੋ ਕੋਕੇਨ, 26.28 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 10.81 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਨਾਲ ਹੀ 144 ਨਸ਼ਾ ਤਸਕਰਾਂ ਦੀਆਂ 74.27 ਕਰੋੜ ਰੁਪਏ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਵੀ ਜ਼ਬਤ ਕੀਤੀਆਂ ਗਈਆਂ ਹਨ।

ਡੀਜੀਪੀ ਗੌਰਵ ਯਾਦਵ ਨੇ ਆਪਣੀ ਰਣਨੀਤੀ ਦੇ ਵਿਸ਼ੇਸ਼ ਪੱਖ ਨੂੰ ਉਭਾਰਦਿਆਂ ਕਿਹਾ ਕਿ ਧਿਆਨ ਦੇਣ ਵਾਲੀ ਗੱਲ ਇਹ ਹੈ ਕਿ 1121 ਨਸ਼ਾ ਕਰਨ ਵਾਲੇ ਜਿਨ੍ਹਾਂ ਵਿਅਕਤੀਆਂ ਨੂੰ ਨਸ਼ੇ ਦੀ ਥੋੜ੍ਹੀ ਜਿਹੀ ਮਾਤਰਾ ਨਾਲ ਕਾਬੂ ਕੀਤਾ ਗਿਆ ਸੀ , ਨੂੰ ਅਪਰਾਧੀਆਂ ਵਾਂਗ ਨਹੀਂ ਸਗੋਂ ਉਨ੍ਹਾਂ ਪੀੜ੍ਹਤ ਮੰਨਦਿਆਂ ਐਨਡੀਪੀਐਸ ਐਕਟ ਦੀ ਧਾਰਾ 64ਏ ਤਹਿਤ ਮੁੜ ਵਸੇਬੇ ਲਈ ਭੇਜਿਆ ਗਿਆ ਹੈ। ਇਸ ਤੋਂ ਇਲਾਵਾ, ਪੁਲਿਸ ਨੇ ਡੀ-ਅਡਿਕਸ਼ਨ ਸੈਂਟਰਾਂ ਵਿਚ 5,786 ਨਸ਼ਾ ਛੁਡਾਊ ਇਲਾਜ ਲਈ ਦਾਖਲ ਕਰਵਾਇਆ ਹੈ ਅਤੇ 6483 ਨਸ਼ਾ ਪੀੜਤਾਂ ਨੂੰ ਓਟ ਕਲੀਨਿਕਾਂ ਵਿਚ ਸੇਵਾਵਾਂ ਹਾਸਲ ਕਰਨ ਲਈ ਰਾਜ਼ੀ ਕੀਤਾ ਹੈ।

ਉਨ੍ਹਾਂ ਕਿਹਾ ਕਿ ਮੁਹਿੰਮ ਦੀ ਸਫਲਤਾ ਦਾ ਸਿਹਰਾ ਲੋਕਾਂ ਦੇ ਸਿਰ ਹੈ ਕਿਉਂਕਿ 19,559 ਪਿੰਡ ਦੀ ਰੱਖਿਆ ਕਮੇਟੀਆਂ ਨੇ ਬੜੀ ਸਰਗਰਮੀ ਨਾਲ ਸਬੰਧਤ ਅਥਾਰਟੀਆਂ ਦਾ ਸਾਥ ਦਿੱਤਾ ਹੈ। ਡੀਜੀਪੀ ਨੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਸ ਲੋਕਪੱਖੀ ਮੁਹਿੰਮ ਨੂੰ ਸਮਰਥਨ ਜਾਰੀ ਰੱਖਣ ਅਤੇ ਉਨ੍ਹਾਂ ਨੂੰ ਸੇਫ ਪੰਜਾਬ ਚੈਟਬੋਟ: 9779100200 'ਤੇ ਗੁਪਤ ਰੂਪ ਵਿੱਚ ਨਸ਼ਿਆਂ ਸੰਬੰਧੀ ਜਾਣਕਾਰੀ ਦੇਣ ਲਈ ਅਪੀਲ ਕੀਤੀ ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਜ਼ਮਾਨਤ 'ਤੇ ਬਾਹਰ ਆਏ ਵੱਡੇ ਨਸ਼ਾ ਤਸਕਰਾਂ ਦੀ ਗਤੀਵਿਧੀਆਂ ਦੀ ਨਜ਼ਰਸਾਨੀ ਅਤੇ ਟਰੈਕ ਕਰਨ ਲਈ ਜੀਪੀਐਸ ਐਂਕਲੈਟਾਂ ਦੀ ਵਰਤੋਂ ਨੂੰ ਪੜਚੋਲਿਆ ਜਾ ਰਿਹਾ ਹੈ। ਡੀਜੀਪੀ ਨੇ ਕਿਹਾ,'' ਅਸੀਂ ਸਮਰੱਥ ਅਦਾਲਤ ਦੀ ਪ੍ਰਵਾਨਗੀ ਨਾਲ ਜੀਪੀਐਸ ਐਨਕਲੇਟਸ ਰਾਹੀਂ ਜ਼ਮਾਨਤ 'ਤੇ ਰਿਹਾ ਹੋਏ ਵੱਡੇ ਤਸਕਰਾਂ ਦੀਆਂ ਗਤੀਵਿਧੀਆਂ ਨੂੰ ਟਰੈਕ ਕਰਨ ਅਤੇ ਨਿਗਰਾਨੀ ਲਈ ਕਾਨੂੰਨੀ ਪੱਖ ਤੋਂ ਪ੍ਰਸਤਾਵ ਦੀ ਪੜਚੋਲ ਕਰ ਰਹੇ ਹਾਂ''।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਏਆਈ ਅਧਾਰਤ ਡੇਟਾਬੇਸ ਵੀ ਵਿਕਸਤ ਕਰ ਰਹੀ ਹੈ ਤਾਂ ਜੋ ਐਨਡੀਪੀਐਸ ਐਕਟ ਅਧੀਨ ਗ੍ਰਿਫਤਾਰ ਕੀਤੇ ਵਿਅਕਤੀਆਂ ਦੇ ਅਗਲੇਰੇ-ਪਿਛਲੇਰੇ ਸਬੰਧ ਦੀ ਹੋਰ ਡੂੰਘਾਈ ਨਾਲ ਪੜਤਾਲਿਆ ਜਾ ਸਕੇ।

ਇਸ ਮੌਕੇ ਡੀਆਈਜੀ ਏਐਨਟੀਐਫ ਸੰਜੀਵ ਕੁਮਾਰ ਰਾਮਪਾਲ, ਡੀਆਈਜੀ ਪਟਿਆਲਾ ਰੇਂਜ ਡਾ: ਨਾਨਕ ਸਿੰਘ, ਐਸਐਸਪੀ ਵਰੁਣ ਸ਼ਰਮਾ ਅਤੇ ਏਆਈਜੀ ਏਐਨਟੀਐਫ ਭੁਪਿੰਦਰ ਸਿੰਘ ਮੌਜੂਦ ਸਨ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

# ਸਾਕਾ ਨੀਲਾ ਤਾਰਾ ਦੇ ਵਾਪਰੇ ਦੁਖਾਂਤ ਦੌਰਾਨ ਧਰਮੀ ਫੌਜੀਆਂ ਦੀ ਦਰਦਨਾਕ ਗਾਥਾ



ਦਲਬੀਰ ਸਿੰਘ ਧਾਲੀਵਾਲ
ਪਟਿਆਲਾ 86993—22704

ਸਾਕਾ ਨੀਲਾ ਤਾਰਾ ਦਾ ਦਿਲਾਂ ਨੂੰ ਝਿੰਝੋੜ ਦੇਣ ਵਾਲਾ ਅਣਮਨੁੱਖੀ ਦੁਖਾਂਤ ਜੋ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਜੂਨ 1984 ਵਿੱਚ ਸ੍ਰੀ ਹਰਮਿੰਦਰ ਸਾਹਿਬ ਅੰਮ੍ਰਿਤਸਰ ਵਿਖੇ ਵਾਪਰਿਆ ਸੀ ਜਿਸ ਵਿੱਚ ਅਨੇਕਾਂ ਬੇਦੋਸ਼ੇ ਸ਼ਰਧਾਲੂ ਹਮਲਾਵਰ ਫੌਜ ਵੱਲੋਂ ਗੋਲੀਆਂ ਮਾਰ ਕੇ ਕਤਲ ਕਰ ਦਿੱਤੇ ਗਏ ਸਨ ਅਤੇ ਇਸੇ ਦੌਰਾਨ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲਾ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਿਸ਼ਾਨ ਸਾਹਿਬ ਦੇ ਪਾਸ ਜੋ ਭੋਰੇ ਵਿੱਚੋਂ ਆ ਕੇ ਬਾਹਰ ਖਲੋਤੇ ਸਨ ਨੂੰ ਫੌਜ ਵੱਲੋਂ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤੇ ਗਏ ਸਨ । ਇਸੇ ਦਿਨ ਹੀ ਭਾਈ ਅਮਰੀਕ ਸਿੰਘ ਖਾਲਸਾ ਅਤੇ ਜਨਰਲ ਸੁਬੇਗ ਸਿੰਘ ਜੋ ਭਿੰਡਰਾਂਵਾਲਾ ਦੀ ਸਿੱਖ ਲਹਿਰ ਆਪਰੇਸ਼ਨ ਦੇ ਮੁੱਖ ਨੀਤੀਕਾਰ ਸਨ ਉਹ ਵੀ ਇਸੇ ਦਿਨ ਹੀ ਸ਼ਹੀਦ ਕਰ ਦਿੱਤੇ ਗਏ ਸਨ । ਇਸੇ ਸਾਕੇ ਦੌਰਾਨ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵੀ ਗੋਲੀਆਂ ਨਾਲ ਜਖਮੀ ਹੋਏ ਸਨ ਜਿਨਾਂ ਦੇ ਦਰਸ਼ਨ ਅੱਜ ਸਿੱਖ ਸੰਗਤਾਂ ਨੂੰ ਕਰਵਾਏ ਜਾ ਰਹੇ ਹਨ । ਇਵੇਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਦੀਵਾਰਾਂ ਉੱਤੇ ਜੋ ਗੋਲੀਆਂ ਦੇ ਨਿਸ਼ਾਨ ਲੱਗੇ ਸਨ ਉਹ ਵੀ ਇੱਥੋਂ ਦੇ ਪ੍ਰਬੰਧਕਾਂ ਵੱਲੋਂ ਅਤੇ ਯਾਦਗਾਰ ਵਜੋਂ ਸੰਭਾਲ ਕੇ ਰੱਖੇ ਹੋਏ ਹਨ । ਇਸ ਉਪਰੰਤ ਮਨੁੱਖਤਾ ਦੇ ਸੱਚੇ ਹਮਦਰਦ, ਬੁੱਧੀਜੀਵੀਆਂ ਅਤੇ ਲਿਖਾਰੀਆਂ ਜਿੰਨਾਂ ਦੀਆਂ ਭਾਵਨਾਵਾਂ ਨੂੰ ਇਸ ਸਾਕੇ ਨੇ ਜ਼ਖਮੀ ਕਰ ਦਿੱਤਾ ਸੀ ਤਾਂ ਉਨ੍ਹਾਂ ਨੇ ਇਸ ਵਿਰੁੱਧ ਆਪਣੀਆਂ ਆਵਾਜ਼ਾਂ ਬੁਲੰਦ ਕੀਤੀਆਂ, ਕਲਮਕਾਰਾਂ ਨੇ ਆਪਣੀਆਂ ਹੰਝੂ ਭਿੱਜੀਆਂ ਕਲਮਾਂ ਨਾਲ ਇਸ ਦੁਖਾਂਤ ਦੀ ਗਾਥਾ ਲਿਖੀ ਅਤੇ ਕਲਮਾਂ ਰਾਹੀਂ ਇਸ ਵਿਰੁੱਧ ਹੋਕਾ ਵੀ ਦਿੱਤਾ ਜਿਵੇਂ ਸਤਿਗੁਰੂ ਨਾਨਕ ਜੀ ਨੇ ਬਾਬਰ ਵਿਰੁੱਧ ਹੋਕਾ ਦਿੱਤਾ ਸੀ ਕਿ ' ਏਤੀ ਮਾਰ ਪਈ ਕਰਲਾਣੈ ਤੈਂ ਕੀ ਦਰਦੁ ਨ ਆਇਆ ' ਜੋ ਰੱਬ ਨੂੰ ਇਸ ਅਣਮਨੁੱਖੀ ਜ਼ੁਲਮ ਵਿਰੁੱਧ ਮਿਹਣਾ ਵੀ ਮਾਰਿਆ ਗਿਆ ਸੀ । ਸਾਡੀ ਭਾਰਤੀ ਫੌਜ ਜਿਸ ਵਿੱਚੋਂ ਬਹੁਗਿਣਤੀ ਗੈਰ ਪੰਜਾਬੀ ਫੌਜੀਆਂ ਨੇ ਜੋ ਸਿੱਖੀ ਸਿਧਾਂਤਾਂ ਦੇ ਜਾਣਕਾਰ ਨਹੀਂ ਸਨ ਨੂੰ ਹੀ ਇਸ ਜ਼ੁਲਮ ਲਈ ਵਰਤਿਆ ਗਿਆ ਸੀ ਕਿਉਂਕਿ ਸਿੱਖ ਫੌਜੀ ਜਰਨੈਲਾਂ ਨੇ ਤਾਂ ਸ੍ਰੀ ਦਰਬਾਰ ਸਾਹਿਬ ਉਪਰ ਹਮਲਾ ਕਰਨ ਲਈ ਕਾਰਵਾਈ ਦੀ ਅਗਵਾਈ ਕਰਨ ਤੋਂ ਇੰਦਿਰਾ ਗਾਂਧੀ ਨੂੰ ਆਪਣੀ ਭਾਵਨਾ ਕਾਰਨ ਕੋਰੀ ਨਾਂਹ ਕਰ ਦਿੱਤੀ ਸੀ । ਪਰ ਫਿਰ ਇਸ ਹਮਲੇ ਦੀ ਅਗਵਾਈ ਮੇਜਰ ਜਨਰਲ ਕੇ.ਐਸ.ਬਰਾੜ ਜੋ ਇੱਕ ਘੋਨਾ ਮੋਨਾ ਸਿੱਖ ਸੀ ਉਸ ਨੇ ਹਾਂ ਕੀਤੀ ਸੀ ਜੋ ਸਿੱਖ ਕੌਮ ਦਾ ਗਦਾਰ ਅਤੇ ਦੋਖੀ ਬਣ ਗਿਆ ਸੀ । ਇਸੇ ਫੌਜੀ ਹਮਲੇ ਦੌਰਾਨ ਕਰੀਬ ਇੱਕ ਦਰਜਨ ਬੇਦੋਸ਼ੇ ਸ਼ਰਧਾਲੂ ਮਾਰੇ ਗਏ ਸਨ ਅਤੇ 30 ਤੋਂ ਵੱਧ ਗੋਲੀਆਂ ਦਰਬਾਰ ਸਾਹਿਬ ਦੀ ਇਮਾਰਤ ਨੂੰ ਲੱਗੀਆਂ ਸਨ । ਇਸੇ ਦੌਰਾਨ ਹੀ ਭਾਰਤੀ ਫੌਜ ਵਿੱਚ ਸਿੱਖ ਰੈਜਮੈਂਟ ਜੋ ਹੈ ਉਸ ਦੇ ਫੌਜੀ ਜਵਾਨਾਂ ਤੋਂ ਵੀ ਇਹ ਦਰਦ ਸਹਾਰਿਆ ਨਾ ਗਿਆ ਤੇ ਉਨ੍ਹਾਂ ਦੀ ਅਣਖ ਨੇ ਉਨ੍ਹਾਂ ਨੂੰ ਹਲੂਣਿਆਂ ਕਿ ਤੁਹਾਡੇ ਬੇਦੋਸ਼ੇ ਸਿੱਖ ਭੈਣ, ਭਰਾ, ਬੱਚੇ, ਮਾਂ ਬਾਪ ਰੂਪੀ ਬਜ਼ੁਰਗ ਸ੍ਰੀ ਦਰਬਾਰ ਸਾਹਿਬ ਵਿੱਚ ਬੇਰਹਿਮੀ ਨਾਲ ਕਤਲ ਕੀਤੇ ਜਾ ਰਹੇ ਹਨ, ਫਿਰ ਤੁਸੀਂ ਇੱਥੇ ਬੈਠੇ ਕੀ ਕਰ ਰਹੇ ਹੋ ਉਠੋ ਕਰੋ ਕੁੱਝ । ਫਿਰ ਉਹ ਸਿੱਖ ਜਵਾਨ ਫੌਜ ਤੋਂ ਬਾਗੀ ਹੋ ਕੇ ਚੱਲ ਪਏ ਬਦਲਾ ਲੈਣ ਲਈ ਪਰ ਅੱਗੇ ਵਿਰੋਧੀ ਤਾਕਤ ਬਹੁਤ ਜ਼ਿਆਦਾ ਸ਼ਕਤੀ ਭਰੀ ਸੀ ਜਿਸ ਨੇ ਉਨ੍ਹਾਂ ਨੂੰ ਫੜ ਕੇ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ । ਆਖਰ ਕੌਣ ਸਨ ਇਹ ਧਰਮੀ ਫੌਜੀ, ਕਿਉਂ ਹੋਏ ਸਨ ਫੌਜ ਤੋਂ ਬਾਗੀ ? ਜਰਾ ਸੋਚੀਏ ਕਿ ਧਰਮੀ ਫੌਜੀ ਜਿੰਨ੍ਹਾਂ ਨੇ ਕੱਟੀਆਂ ਸੀ ਜੇਲ੍ਹਾਂ ਤੇ ਝੱਲੇ ਸੀ ਤਸੀਹੇ ਕਿਉਂ ਨਹੀਂ ਲਈ ਸ਼੍ਰੋਮਣੀ ਕਮੇਟੀ ਜਾਂ ਹੋਰ ਸਿੱਖ ਸਿਆਸਤਦਾਨਾਂ ਨੇ ਇਨ੍ਹਾਂ ਦੀ ਸਾਰ ਜੋ ਅੱਜ ਵੀ 41 ਸਾਲਾਂ ਬਾਦ ਸੰਤਾਪ ਭੋਗ ਰਹੇ ਹਨ । ਇਹ ਬਹਾਦਰ ਫੌਜੀ ਜੋ ਇਸ ਹਮਲੇ ਦੇ ਵਿਰੁੱਧ ਧਾਰਮਿਕ ਭਾਵਨਾਵਾਂ ਵਿੱਚ ਵਹਿ ਕੇ ਆਪਣੀਆਂ ਬੈਰਕਾਂ ਵਿੱਚੋਂ ਵੱਖ ਵੱਖ ਥਾਂਵਾਂ ਤੋਂ ਚੱਲ ਪਏ ਸਨ ਅਤੇ ਕਈਆਂ ਨੂੰ ਤਾਂ ਰਸਤੇ ਵਿੱਚ ਹੀ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਕਈ ਸਖਤ ਜ਼ਖਮੀ ਹੋ ਕੇ ਆਪਣੇ ਹੱਥ ਪੈਰ ਵੀ ਗੁਆ ਬੈਠੇ ਸਨ । ਇਹ ਧਰਮੀ ਫੌਜੀ ਜੋ ਕਿ ਸਿਰਫ ਸਿੱਖ ਧਰਮ ਦੀ ਖਾਤਰ ਆਪਣੀਆਂ ਨੌਕਰੀਆਂ ਵੀ ਗਵਾ ਆਏ ਤੇ ਬਾਦ ਵਿੱਚ ਤਸੀਹੇ ਵੀ ਝਲਦੇ ਰਹੇ ਪਰ ਸਮੇਂ ਦੀ ਸਰਕਾਰ ਨੇ ਫੌਜ ਵਿੱਚੋਂ ਬਗਾਵਤ ਕਰਨ ਦੇ ਦੋਸ਼ ਤਹਿਤ ਉਨ੍ਹਾਂ ਦਾ ਜਨਰਲ ਕੋਰਟ ਮਾਰਸ਼ਲ ਕਰਕੇ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ । ਇੰਨ੍ਹਾਂ ਧਰਮੀ ਫੌਜੀਆਂ ਨੇ ਆਪਣੇ ਪਰਿਵਾਰ ਅਤੇ ਅਹੁੱਦਿਆਂ ਦੀ ਪਰਵਾਹ ਨਾ ਕਰਦੇ ਹੋਏ ਸਿੱਖੀ ਉਪਰ ਹੋ ਰਹੇ ਜ਼ੁਲਮ ਵਿਰੁੱਧ ਹੀ ਬਗਾਵਤ ਕੀਤੀ ਨਾ ਕਿ ਨਿੱਜੀ ਫਾਇਦੇ ਲਈ ? ਪਰ ਅਫ਼ਸੋਸ ਅੱਜ 41 ਸਾਲਾਂ ਬਾਦ ਵੀ ਇੰਨ੍ਹਾਂ ਧਰਮੀ ਫੌਜੀਆਂ ਨੂੰ ਨਾ ਤਾਂ ਪੰਜਾਬ ਸਰਕਾਰ ਵੱਲੋਂ ਕੋਈ ਢੁੱਕਵੀਂ ਸਹੂਲਤ ਮਿਲੀ ਅਤੇ ਨਾ ਹੀ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਉਨ੍ਹਾਂ ਦੀ ਬਾਂਹ ਫੜੀ ਭਾਵੇਂ ਕਿ ਕਈ ਧਾਰਮਿਕ ਸੰਸਥਾਂਵਾਂ ਵੱਲੋਂ ਉਨ੍ਹਾਂ ਨੂੰ ਮਾਣ ਸਨਮਾਨ ਦਿੱਤਾ ਗਿਆ ਪਰ ਇੰਨ੍ਹਾਂ ਧਰਮੀ ਫੌਜੀਆਂ ਲਈ ਇਹ ਕਾਫੀ ਨਹੀਂ ਸੀ । ਸ਼ਾਇਦ ਅੱਜ ਦੀ ਨਵੀਂ ਪੀੜ੍ਹੀ ਨੂੰ ਤਾਂ ਇੰਨ੍ਹਾਂ ਧਰਮੀ ਫੌਜੀਆਂ ਬਾਰੇ ਪਤਾ ਹੀ ਨਹੀਂ ਹੋਣਾ ਕਿ ਇਹ ਧਰਮੀ ਫੌਜੀ ਕੌਣ ਸਨ ਅਤੇ ਨਵੀਂ ਪੀੜ੍ਹੀ ਨੂੰ ਇਹ ਵੀ ਪਤਾ ਨਹੀਂ ਹੋਣਾ ਕਿ ਸਿੱਖ ਰੈਜੀਮੈਂਟ ਵਿੱਚ ਹੁੰਦੇ ਹੋਏ ਇੰਨ੍ਹਾਂ ਦੇ ਹਿਰਦੇ ਸਿੱਖੀ ਉਪਰ ਹੁੰਦੇ ਜ਼ੁਲਮ ਨੂੰ ਦੇਖ ਕੇ ਵਲੂੰਧਰੇ ਗਏ ਸਨ ਜਿਸ ਕਾਰਨ ਫੌਜ ਵਿੱਚ ਇੰਨਾਂ ਨੇ ਹਥਿਆਰ ਚੁੱਕ ਲਏ ਸਨ ਅਤੇ ਫੌਜ ਵਿੱਚੋਂ ਬਗਾਵਤ ਕਰਕੇ ਦਰਬਾਰ ਸਾਹਿਬ ਵੱਲ ਚਲ ਪਏ ਸਨ । ਬੇਸ਼ੱਕ ਸ਼੍ਰੋਮਣੀ ਕਮੇਟੀ ਨੇ ਕਈ ਵਾਰ ਇੰਨ੍ਹਾਂ ਫੌਜੀਆਂ ਦੀ ਮਦਦ ਲਈ ਮਤੇ ਪਾਏ ਹਨ ਜਿੰਨਾਂ ਵਿੱਚ ਕਿਹਾ ਗਿਆ ਸੀ ਕਿ ਧਰਮੀ ਫੌਜੀਆਂ ਨੂੰ ਹਰ ਸਾਲ 50,000/—ਰੁਪਏ ਦਿੱਤੇ ਜਾਣਗੇ ਪਰ ਅੱਜ ਤੱਕ ਇਸ ਨੂੰ ਅਮਲੀ ਰੂਪ ਬਿਲਕੁੱਲ ਨਹੀਂ ਦਿੱਤਾ ਗਿਆ ਜਿਸ ਕਾਰਨ ਧਰਮੀ ਫੌਜੀ ਸ਼੍ਰੋਮਣੀ ਕਮੇਟੀ ਨੂੰ ਕਈ ਵਾਰ ਮਿਲੇ ਵੀ ਪਰ ਫਿਰ ਵੀ ਕੋਈ ਸੁਣਵਾਈ ਨਹੀਂ ਕੀਤੀ ਗਈ ਉਲਟਾ ਇੱਕ ਵਾਰ ਪ੍ਰਧਾਨ ਵੱਲੋਂ ਇਹ ਕਹਿ ਦਿੱਤਾ ਗਿਆ ਕਿ ਇਹੋ ਜਿਹੇ ਮਤੇ ਦਾ ਪੈਂਦੇ ਹੀ ਰਹਿੰਦੇ ਹਨ । ਹੁਣ ਜ਼ਰਾ ਸੋਚੀਏ ਕਿ ਕੀ ਸੰਦੇਸ਼ ਦਿੰਦੀ ਹੈ ਇਹੋ ਜਿਹੀ ਮਾਨਸਿਕਤਾ ਸਾਡੇ ਸਿੱਖ ਆਗੂਆਂ ਦੀ ।



ਪਿੰਡ ਵੈਰੋਵਾਲ ਦਾ ਧਰਮੀ ਫੌਜੀ ਜੋ ਕਿ ਕੁੱਝ ਸਾਲ ਪਹਿਲਾਂ ਆਪਣੀ ਬਿਮਾਰੀ ਕਾਰਨ ਆਪਣੀ ਜਿੰਦਗੀ ਦੀ ਜੰਗ ਇਸ ਕਰਕੇ ਹਾਰ ਗਿਆ ਕਿ ਉਸ ਦਾ ਇਲਾਜ ਪੈਸੇ ਦੀ ਕਮੀ ਕਾਰਨ ਨਾ ਹੋ ਸਕਿਆ ਅਤੇ ਲੰਬੀ ਬਿਮਾਰੀ ਨਾਲ ਮੰਜੇ ਤੇ ਪਿਆ ਹੀ ਬਿਮਾਰੀ ਨਾਲ ਜੂਝਦਾ ਇਸ ਜਹਾਨੋਂ ਚਲਾ ਗਿਆ । ਇਸੇ ਤਰ੍ਹਾਂ ਇਹ ਬਹੁਤ ਸਾਰੇ ਧਰਮੀ ਫੌਜੀ ਪੰਜਾਬ ਵਿੱਚ ਹਨ ਜਿੰਨਾਂ ਨੂੰ ਕੋਈ ਭੱਤਾ ਨਹੀਂ ਮਿਲਦਾ ਜਿਸ ਕਾਰਨ ਫੌਜੀਆਂ ਦੇ ਮਨਾਂ ਨੂੰ ਬੜੀ ਠੇਸ ਤੇ ਨਿਰਾਸ਼ਤਾ ਪੁੱਜ ਰਹੀ ਹੈ । ਸੋ ਲੋੜ ਹੈ ਕਿ ਸ਼੍ਰੋਮਣੀ ਕਮੇਟੀ ਇੰਨ੍ਹਾਂ ਧਰਮੀ ਫੌਜੀਆਂ ਦੀ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਅੱਜ ਸਾਕਾ ਨੀਲਾ ਤਾਰਾ ਦੇ ਮੌਕੇ ਤੇ ਸਾਰ ਲੈਣ ਦਾ ਪ੍ਰਣ ਕਰੇ ਜੋ ਸਿੱਖ ਧਰਮ ਲਈ ਬਗਾਵਤ ਕਰਕੇ ਆਪਣੀਆਂ ਨੌਕਰੀਆਂ ਛੱਡ ਆਏ ਸਨ । ਇਹ ਵੀ ਯਾਦ ਰੱਖਿਆ ਜਾਵੇ ਕਿ 6 ਜੂਨ ਦਾ ਦਿਨ ਸਿੱਖ ਕੌਮ ਅਤੇ ਹਰ ਇਨਸਾਫ ਪਸੰਦ ਇਨਸਾਨ ਲਈ ਇੱਕ ਖਾਸ ਮਹੱਤਵ ਰੱਖਦਾ ਹੈ । ਸੋ ਆਓ ਅੱਜ ਸਾਕਾ ਨੀਲਾ ਤਾਰਾ ਦੇ ਖੂਨੀ ਸਾਕੇ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

# ਜੂਨ ਮਹੀਨਾ

ਬਲਵਿੰਦਰ ਕੌਰ ਲਗਾਣਾ
ਦਸੂਹਾ (ਹੁਸ਼ਿਆਰਪੁਰ)

*ਮਹੀਨਾ ਜੂਨ ਦਾ ਮਚੀ ਹਾਹਾਕਾਰ ਸਾਰੇ,
ਘਾਣ ਧਰਮ ਇਨਸਾਨੀਅਤ ਦਾ ਖੂਬ ਹੋਇਆ।
ਤਾਂਡਵ ਮੌਤ ਦਾ ਰਲ ਦੇਖਣ ਸਾਰੇ,
ਸਿੱਖ ਕੌਮ ਨਾਲ, ਤਸ਼ੱਦਦ ਖੂਬ ਹੋਇਆ।

*ਪਾਵਨ ਪਵਿੱਤਰ ਧਰਤ ਦਰਬਾਰ ਸਾਹਿਬ ਵਾਲੀ,
ਕਰਕੇ ਦਾਗ਼ਦਾਰ ਤੇ ਖੂਨ ਨਾਲ ਧੋਇਆ,
ਝੂਠੇ ਰਾਜ ਨੇਤਾ ਭ੍ਰਿਸ਼ਟ ਹੋਏ ਬੁੱਚੜਾਂ ਨੇ,
ਜੋ ਕੀਤਾ ਜ਼ੁਲਮ,ਅੰਬਰ ਵੀ ਖੂਬ ਰੋਇਆ।

*ਚਾੜ੍ਹ ਕੇ ਟੈਂਕ ਅਤੇ ਸੈਨਾ ਗੁਰੂ ਘਰ ਅੰਦਰ,
ਖੰਜਰ ਸਿੱਖ ਕੌਮ ਦੇ ਦਿਲ ਅੰਦਰ ਪਰੋਇਆ,
ਮੁੱਛ ਫੁੱਟ ਗੱਭਰੂ ਤੇ ਦੁੱਧ ਮੂੰਹੇ ਬੱਚੇ,
ਕੌਣ ਨੀ, ਭਲਾ ਘੱਲੂਘਾਰੇ 'ਚ' ਸ਼ਹੀਦ ਹੋਇਆ?

*ਇੱਜ਼ਤ ਧੀਆਂ ਭੈਣਾਂ ਦੀ ਖੂਬ ਤਾਰ ਤਾਰ ਹੋਈ,
ਰੱਤ ਭਰੇ ਬਾਜ਼ਾਰਾਂ 'ਚ ਸ਼ਰੇਆਮ ਚੋਇਆ ।
ਉਜੜਿਆਂ ਪੰਜਾਬ, ਕਾਤਲ ਗ਼ਦਾਰ ਕਹਿ ਕੇ,
ਜਿਹੜਾ ਹਰ ਦੁੱਖ ਸੁੱਖ 'ਚ ਸੀ ਨਾਲ ਖਲੋਇਆ ।

*ਬਲਦੇ ਟਾਇਰਾਂ ਦੇ ਗਲੇ ਚ ਹਾਰ ਪਾਏ,
ਤੜਫਦੇ ਪਿਆਸਿਆਂ ਦੇ ਮੂੰਹੋਂ ਪਾਣੀ ਤੱਕ ਖੋਹਿਆ,
ਦੇਸ਼ ਦਾ ਕਾਤਲ ਵੀ ਹਾਕਮਾਂ ਨਾਲ ਰਲ ਕੇ ,
ਭੱਜ ਗਦਾਰਾਂ ਦੀ ਟੋਲੀ ਨਾਲ ਖਲੋਇਆ।

*ਅੱਤਵਾਦ ਦਾ ਖਿਤਾਬ ਮੱਥੇ ਮੜ੍ਹ ਕੇ ,
ਪਾਪੀ ਸਰਕਾਰਾਂ ਨੇ ਆਪਣਾ ਪਾਪ ਲਕੋਇਆ।
ਗੱਲ ਯਾਦ ਰੱਖਿਓ, ਮੌਤ ਸੱਥਰ ਵਿਛਾਉਣ ਵਾਲਿਓ ,
ਫਿਰ ਤੜਫਿਓ ਨਾਲ ਜਦੋਂ ਤੁਹਾਡੇ ਨਾਲ ਹੋਇਆ ।

*ਮਹੀਨਾ ਜੂਨ ਦਾ ਮਚੀ ਹਾਹਾਕਾਰ ਸਾਰੇ,
ਘਾਣ ਧਰਮ ਇਨਸਾਨੀਅਤ ਦਾ ਖੂਬ ਹੋਇਆ।



ਬਲਵਿੰਦਰ ਕੌਰ ਲਗਾਣਾ
ਦਸੂਹਾ (ਹੁਸ਼ਿਆਰਪੁਰ)
ਮੋਂ: 94649-28014.
ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ ਕੋਟਗੁਰੂ

# ਪੰਜਾਬੀ ਯੂਨੀਵਰਸਿਟੀ ਦੇ ਖੋਜਾਰਥੀ ਨੇ ਹਵਾ ਦੀ ਸ਼ੁੱਧਤਾ ਨੂੰ ਤੁਰੰਤ ਜਾਂਚ ਸਕਣ ਵਾਲਾ ਉਪਕਰਣ ਕੀਤਾ ਵਿਕਸਿਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com





ਪਟਿਆਲਾ, 3 ਜੂਨ ( ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ )-ਪੰਜਾਬੀ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਦੇ ਇੱਕ ਖੋਜਾਰਥੀ ਵੱਲੋਂ ਵਿਕਸਿਤ ਕੀਤੇ ਗਏ ਹਵਾ ਦੀ ਸ਼ੁੱਧਤਾ/ਗੁਣਵੱਤਾ ਦੇ ਪੱਧਰ ਨੂੰ ਤੁਰੰਤ ਮਾਪ ਸਕਣ ਵਾਲੇ ਇੱਕ ਵਿਸ਼ੇਸ਼ ਯੰਤਰ ਨੂੰ ਭਾਰਤ ਸਰਕਾਰ ਤੋਂ ਪੇਟੈਂਟ ਹਾਸਿਲ ਹੋ ਗਿਆ ਹੈ। ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਤੋਂ ਪੀ-ਐਚ.ਡੀ. ਕਰ ਰਹੇ ਖੋਜਾਰਥੀ ਬਚਨਦੀਪ ਸਿੰਘ ਭੱਠਲ ਨੇ 'ਰੀਅਲ ਟਾਈਮ ਏਅਰ ਕੁਆਲਿਟੀ ਇੰਡੈਕਸ ਡਿਟੈਕਟਰ' ਨਾਮਕ ਇਹ ਉਪਰਕਰਣ ਡਿਜ਼ਾਇਨ ਕੀਤਾ ਹੈ ਜਿਸ ਦੀ ਮਦਦ ਨਾਲ ਹਵਾ ਦੀ ਗੁਣਵੱਤਾ ਨੂੰ ਤੁਰੰਤ ਚੈੱਕ ਕੀਤਾ ਜਾ ਸਕਦਾ ਹੈ। ਯੂਨੀਵਰਸਿਟੀ ਵਿਖੇ ਉਹ ਡਾ.ਗੌਰਵ ਗੁਪਤਾ ਅਤੇ ਬ੍ਰਹਮਲੀਨ ਸਿੱਧੂ ਦੀ ਅਗਵਾਈ ਹੇਠ ਆਪਣਾ ਪੀ-ਐੱਚ.ਡੀ. ਖੋਜ ਕਾਰਜ ਕਰ ਰਿਹਾ ਹੈ। ਜ਼ਿਕਰਯੋਗ ਹੈ ਕਿ ਇਸ ਖੋਜ ਵਿੱਚ ਡਾ.ਗੁਰਜੀਤ ਸਿੰਘ ਭੱਠਲ ਅਤੇ ਡਾ.ਪ੍ਰਿਯੰਕਾ ਗੁਪਤਾ ਦਾ ਵੀ ਯੋਗਦਾਨ ਰਿਹਾ ਹੈ।

ਬਚਨਦੀਪ ਸਿੰਘ ਭੱਠਲ ਨੇ ਦੱਸਿਆ ਕਿ ਡਿਜ਼ਾਇਨ ਕੀਤੇ ਗਏ ਇਸ ਵਿਸ਼ੇਸ਼ ਉਪਰਕਰਣ ਦੀ ਖਾਸੀਅਤ ਇਹ ਹੈ ਕਿ ਇਹ ਵਰਤੋਂਕਾਰਾਂ ਲਈ ਆਸਾਨ ਹੈ ਅਤੇ ਕਿਸੇ ਵੀ ਇਨ-ਡੋਰ ਭਾਵ ਬੰਦ ਜਗ੍ਹਾ ਜਿਵੇਂ ਜਮਾਤ ਕਮਰਾ, ਹਸਪਤਾਲ, ਦਫ਼ਤਰ, ਸ਼ੌਪਿੰਗ ਮਾਲ, ਪਾਰਟੀ ਹਾਲ, ਥੀਏਟਰ, ਘਰ ਆਦਿ ਦੀ ਸੀਮਿਤ ਥਾਂ ਵਿਚਲੀ ਹਵਾ ਦੀ ਗੁਣਵੱਤਾ ਅਤੇ ਸ਼ੁੱਧਤਾ ਨੂੰ ਤੁਰੰਤ ਮਾਪ ਸਕਦਾ ਹੈ।ਡਾ.ਗੌਰਵ ਗੁਪਤਾ ਨੇ ਦੱਸਿਆ ਕਿ ਉਪਕਰਣ ਦੀ ਇਸ ਖਾਸੀਅਤ ਦਾ ਲਾਭ ਇਹ ਹੈ ਕਿ ਕਿਸੇ ਵੀ ਥਾਂ ਉੱਤੇ ਹਵਾ ਦੀ ਗੁਣਵੱਤਾ ਬਾਰੇ ਤੁਰੰਤ ਪਤਾ ਲੱਗਣ ਨਾਲ ਉਸ ਨੂੰ ਠੀਕ ਕਰਨ ਜਾਂ ਉਸ ਦੇ ਬਦਲ ਵਜੋਂ ਕੋਈ ਢੰਗ ਵਿਉਂਤੇ ਜਾਣ ਦੇ ਉਪਰਾਲੇ ਸੰਭਵ ਹੋ ਸਕਦੇ ਹਨ। ਅਜਿਹਾ ਹੋਣ ਨਾਲ ਸਬੰਧਤ ਖੇਤਰ ਵਿਚਲੇ ਲੋਕਾਂ ਦੀ ਸਿਹਤ ਉੱਤੇ ਪੈਣ ਵਾਲੇ ਮਾੜੇ ਅਸਰਾਂ ਤੋਂ ਬਚਿਆ ਜਾ ਸਕਦਾ ਹੈ।ਡਾ.ਬ੍ਰਹਮਲੀਨ ਸਿੱਧੂ ਨੇ ਦੱਸਿਆ ਕਿ ਆਮ ਰਵਾਇਤੀ ਕਿਸਮ ਦੇ ਏ.ਕਿਊ. ਆਈ ਸਿਸਟਮ ਨਾਲੋਂ ਇਸ ਉਪਕਰਣ ਦਾ ਇਹ ਫਰਕ ਹੈ ਕਿ ਇਸ ਨੂੰ ਵਿਸ਼ੇਸ਼ ਤੌਰ ਉੱਤੇ ਬੰਦ ਥਾਵਾਂ ਦੀ ਹਵਾ ਜਾਂਚਣ ਲਈ ਡਿਜ਼ਾਇਨ ਕੀਤਾ ਗਿਆ ਹੈ। ਇਸ ਰਾਹੀਂ ਰੀਅਲ-ਟਾਈਮ ਭਾਵ ਉਸੇ ਸਮੇਂ ਤੁਰੰਤ ਪਤਾ ਲਗਾਇਆ ਜਾ ਸਕਦਾ ਹੈ ਕਿ ਹਵਾ ਦੀ ਸ਼ੁੱਧਤਾ ਦਾ ਮਿਆਰ/ਪੱਧਰ ਕੀ ਹੈ। ਤੁਰੰਤ ਅਜਿਹਾ ਪਤਾ ਲੱਗਣ ਨਾਲ ਹਵਾ ਨੂੰ ਸ਼ੁੱਧ ਕਰਨ ਜਾਂ ਨਿਕਾਸੀ ਆਦਿ ਦੇ ਪ੍ਰਬੰਧ ਕਰਨੇ ਆਸਾਨ ਹੋ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਇੱਕ ਥਾਂ ਤੋਂ ਦੂਜੀ ਥਾਂ ਲਿਜਾਏ ਜਾ ਸਕਣ ਦੀ ਸਹੂਲਤ ਨਾਲ ਸੰਪੰਨ ਬਿਹਤਰ ਡਿਜ਼ਾਇਨ ਵਾਲਾ ਉਪਕਰਣ ਹੈ।ਵਾਈਸ ਚਾਂਸਲਰ ਡਾ.ਜਗਦੀਪ ਸਿੰਘ ਨੇ ਇਸ ਪ੍ਰਾਪਤੀ ਲਈ ਖੋਜਾਰਥੀ ਬਚਨਦੀਪ ਸਿੰਘ ਭੱਠਲ ਅਤੇ ਉਸ ਦੇ ਨਿਗਰਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਿਸੇ ਵੀ ਅਦਾਰੇ ਵੱਲੋਂ ਆਮ ਲੋਕਾਈ ਦੇ ਜੀਵਨ ਪੱਧਰ ਨੂੰ ਸਰਲ ਅਤੇ ਬਿਹਤਰ ਬਣਾਉਣ ਵਿੱਚ ਮਦਦਗਾਰ ਸਾਬਿਤ ਹੋਣ ਵਾਲੀਆਂ ਖੋਜਾਂ ਕਰਨਾ ਉਸ ਅਦਾਰੇ ਦੀ ਸਮਰਥਾ ਦੇ ਨਾਲ ਉਸ ਦੀਆਂ ਤਰਜੀਹਾਂ ਬਾਰੇ ਵੀ ਗਵਾਹੀ ਭਰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੂੰ ਇਸ ਗੱਲ ਦਾ ਮਾਣ ਹੈ ਕਿ ਇੱਥੇ ਸਿਰਫ਼ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਪ੍ਰਚਾਰ-ਪ੍ਰਸਾਰ ਲਈ ਹੀ ਮਾਅਰਕੇ ਦਾ ਕੰਮ ਨਹੀਂ ਹੋ ਰਿਹਾ ਬਲਕਿ ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਵੀ ਉੱਚ ਪੱਧਰ ਦੇ ਅਜਿਹੇ ਕਾਰਜ ਸਾਹਮਣੇ ਆ ਰਹੇ ਹਨ ਜੋ ਪੇਟੈਂਟ ਦੇ ਪੜਾਅ ਤੱਕ ਵੀ ਪਹੁੰਚ ਰਹੇ ਹਨ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

# ਧੀਆਂ ਪੁੱਤ ਪਰਦੇਸੀ ਹੋ ਗਏ

ਹੈਪੀ ਰਾਜਪਾਲ
ਕੋਟਭਾਈ,

ਧੀਆਂ ਪੁੱਤ ਪਰਦੇਸੀ ਹੋ ਗਏ
ਬੈਠੀ ਵੇਹੜੇ ਦੇ ਵਿਚ ਕਰੇ ਉਡੀਕਾਂ,
ਉਹ ਬੁੱਢੀ ਉਮਰੇ ਮਾਂ ਵਿਚਾਰੀ,
ਚਾਰ- ਚਾਰ ਪੁੱਤਾਂ ਦਾ ਪਿਉ ਹੋ ਕੇ,
ਹੁਣ ਕੀਹਨੂੰ ਆਪਣਾ ਦਰਦ ਸੁਣਾਵੇ ,
ਉਹ ਵਿਚ ਦਰਵਾਜੇ ਬਾਪੂ ਬੈਠਾ,
ਨਾ ਕੋਈ ਪਾਣੀ ਦੀ ਘੁੱਟ ਪਿਆਵੇ
ਮੋਹ ਪੈਸੇ ਦਾ ਰਿਸ਼ਤੇ ਖਾ ਗਿਆ,
ਹੈਪੀ ਘਰ ਘਰ ਦੀ ਇਹੋ ਕਹਾਣੀ,
ਸੱਚੀ ਉਦੋਂ ਜੱਗ ਸੁੰਨਾ ਲੱਗਦਾ,
ਜਦੋਂ ਤੁਰ ਜਾਂਦੇ ਹਾਣਦੇ ਹਾਣੀ,
ਸੱਚੀ ਉਦੋਂ ਜਗ ਸੁੰਨਾ ਲੱਗਦਾ,
ਜਦੋਂ ਕੋਈ ਤੁਰ ਜਾਂਦੇ ਹਾਣਦੇ, ਹਾਣੀ,

ਹੈਪੀ ਰਾਜਪਾਲ ਕੋਟਭਾਈ,
(ਸ੍ਰੀ ਮੁਕਤਸਰ ਸਾਹਿਬ)
ਮੋਬਾਇਲ 99887 44695,
ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ ਕੋਟਗੁਰੂ

# ਡਾਕਟਰ ਅੰਬੇਡਕਰ ਜੀ ਦੀਆਂ ਬੇ- ਅਦਬੀਆਂ ਦੇ ਮੁੱਖ ਕਾਰਣ ਅਤੇ ਰੋਕ (ਬਦਲ)

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com





ਅਸਲ ਵਿੱਚ ਬਾਬਾ ਸਾਹਿਬ ਜੀ ਦੀ ਮੂਰਤੀ ਤੋੜਨਾ ਜਾਂ ਓਹਨਾ ਦੀ ਨਿੰਦਿਆ ਕਰਨੀ ਅੱਜ ਦੇ ਸਮੇਂ ਵਿੱਚ ਕੋਈ ਵੱਡੀ ਗੱਲ ਨਹੀਂ ਰਹੀ । ਭਾਵੇਂ ਵਿਸ਼ਾ ਸੰਵਿਧਾਨ ਬਦਲਣ ਦਾ ਹੋਵੇ ਜਾਂ ਸੰਵਿਧਾਨ ਦੇ ਪੰਨੇ ਜਲਾਉਣ ਦਾ ਹੋਵੇ ਅਸੀਂ ਕੀਤਾ ਕੀ? ਧਰਨੇ ਲਗਾ ਕੇ ਮਾਫੀ ਮੰਗਵਾ ਲਈ ਜਾਂ ਜੇਲ ਭੇਜ ਦੇਵਾਂਗੇ ਪਰ ਦੂਜੇ ਦਿਨ ਫਿਰ ਉਹੀ ਕੰਮ ਪਰ ਸਾਨੂੰ ਇਸ ਦੇ ਪਿੱਛੇ ਛੁਪੇ ਕਾਰਣ ਦੀ ਤਹਿ ਤੱਕ ਪਹੁੰਚ ਕੇ ਮੰਥਨ ਕਰਨਾ ਚਾਹੀਦਾ ਹੈ।

ਜਿੱਥੇ ਤੱਕ ਮੇਰੀ ਥੋੜ੍ਹੀ ਬਹੁਤ ਸਮਝ ਹੈ ਤਾਂ ਮੈਨੂੰ ਲਗਦਾ ਹੈ ਕਿ ਇਨ੍ਹਾਂ ਬੇ- ਅਦਬੀਆਂ ਕਰਵਾਉਣ ਵਿੱਚ ਉਨੀ ਗਲਤੀ ਸਾਡੀ ਮਤਲਬ ਬਹੁਜਨ ਸਮਾਜ ਦੀ ਵੀ ਹੈ , ਜਿੰਨੀ ਮਨੂੰਵਾਦੀ ਮੂਰਤੀ ਤੋੜਨ ਵਾਲਿਆਂ ਦੀ, ਜਿਸ ਦਾ ਮੁੱਖ ਕਾਰਨ ਹੈ, ਬਹੁਜਨ ਸਮਾਜ ਦਾ ਆਪਣੀ ਮੂਲ ਵਿਚਾਰਧਾਰਾ ਤੋ ਬੇ-ਮੁੱਖ ਹੋਣਾ ਅਤੇ ਗੈਰ ਸਮਾਜ ਦੀ ਵਿਚਾਰਧਾਰਾ ਦੀ ਗੁਲਾਮੀ ਕਰਨਾ । ਸਾਡੇ ਵੱਖਰੇ ਧਰਮ ਸਨ ਅਤੇ ਵੱਖਰੇ ਵੱਖਰੇ ਵਿਚਾਰ, ਰਹਿਬਰ ਕੀ ਕਹਿ ਕੇ ਗਏ ਇਹ ਕੋਈ ਮਤਲਬ ਨਹੀਂ ਰੱਖਦਾ।

ਤੁਸੀ ਜਰਾ ਆਪਣੇ ਆਲੇ ਦੁਆਲੇ ਝਾਤ ਮਾਰ ਕੇ ਵੇਖੋ ਕਿ ਜਿਹੜੀ ਵਿਚਾਰਧਾਰਾ ਜਾਂ ਧਰਮ ਦੇ ਲੋਕ ਅੱਜ ਇਕੱਠੇ ਹਨ ਕਿ ਉਹਨਾਂ ਦੇ ਦੂਜੇ ਕੁ ਦਿਨ ਅਜਿਹੇ ਇਸ਼ੂ ਬਣਦੇ ਹਨ ? ਨਿੱਤ ਬੇਅਦਬੀਆਂ ਹੁੰਦੀਆਂ ਹਨ? ਮੂਰਤੀਆਂ ਤੋੜੀਆਂ ਜਾਂਦੀਆਂ ਹਨ? ਗ੍ਰੰਥ ਜਲਾਏ ਜਾਂ ਪਾੜੇ ਜਾਂਦੇ ਹਨ ? ਜਵਾਬ ਮਿਲੇਗਾ ਨਹੀਂ ਜਾਂ ਬਹੁਤ ਘੱਟ ਪਰ ਕਿਉਂ? ਇਸਦਾ ਮੁੱਖ ਕਾਰਨ ਹੈ ਓਹਨਾ ਦੀ ਆਪਸੀ ਭਾਈਚਾਰਕ ਏਕਤਾ ਅਤੇ ਵਿਚਾਰਧਾਰਾ ਦੇ ਨਾਲ ਫੈਵੀਕੋਲ ਵਰਗਾ ਪੱਕਾ ਜੋੜ ਅਤੇ ਉਹਨਾਂ ਦਾ ਆਪਣੇ ਮਹਾਂਪੁਰਸ਼ਾ ਤੇ ਵਿਸਵਾਸ਼, ਜਿਸ ਕਾਰਨ ਕਿਸੇ ਦੀ ਜੁਰਅੱਤ ਤੱਕ ਨਹੀਂ ਪੈਂਦੀ ਕਿ ਉਹਨਾਂ ਦੀ ਧੀ ਭੈਣ ਵੱਲ ਕੋਈ ਅੱਖ ਚੁੱਕ ਲਵੇ, ਗ੍ਰੰਥਾਂ ਨੂੰ ਕੋਈ ਹੱਥ ਲਾ ਦੇਵੇ ਜਾਂ ਕੋਈ ਮੂਰਤੀ ਨੂੰ ਹੱਥ ਲਾ ਦੇਵੇ। ਅੰਤ; - ਸਾਨੂੰ ਆਪਣੇ ਮਹਾਪੁਰਸ਼ਾ ਦੇ ਦਰਸਾਏ ਵਿਗਿਆਨਕ ਮਾਰਗ ਤੇ ਬਿਨ੍ਹਾਂ ਕਿੰਤੂ-ਪ੍ਰੰਤੂ ਕੀਤੇ ਚੱਲਣਾ ਚਾਹੀਦਾ ਹੈ ਤਾਂ ਹੀ ਅਸੀਂ ਸ਼ਾਸ਼ਕ ਕਰਤਾ ਜਮਾਤ ਬਣ ਪਾਵਾਂਗੇ ਅਤੇ ਪ੍ਰਬੁੱਧ ਭਾਰਤ ਦਾ ਨਿਰਮਾਣ ਕਰ ਪਾਵਾਂਗੇ,ਜਦੋਂ ਇੱਕ ਸੋਚ,ਇੱਕ ਵਿਚਾਰ,ਇੱਕ ਧਰਮ ਹੋਵੇਗਾ ਕਿਸੇ ਦੀ ਜੁਰਅੱਤ ਨਹੀਂ ਕਿ ਉਹ ਬਹੁਜਨ ਸਮਾਜ ਦੀ ਕਿਸੇ ਧੀ ਭੈਣ ਵੱਲ ਅੱਖ ਚੁੱਕ ਲਵੇ ਜਾਂ ਵਿਚਾਰਧਾਰਾ,ਸੰਵਿਧਾਨ ਅਤੇ ਮੂਰਤੀਆਂ ਤੋੜਨ ਬਾਰੇ ਸੋਚ ਵੀ ਲਵੇ । ਇਸ ਲਈ ਸਾਨੂੰ ਇੱਕ ਮੰਚ ਤੇ ਇਕੱਠੇ ਹੋ ਕੇ ਬਹੁਜਨ ਮਹਾਪੁਰਸ਼ਾ ਦੀ ਵਿਚਾਰਧਾਰਾ/ ਧਰਮ/ਰਾਜਨੀਤੀ ਹੇਠ ਇਕੱਠੇ ਹੋਣ ਦੀ ਲੋੜ ਹੈ ਨਹੀਂ ਤਾਂ ਨਿੱਤ ਨਮੀ ਬੇਅਦਬੀ ਸਹਿਣ ਲਈ ਤਿਆਰ ਰਹਿਣਾ ਪਵੇਗਾ । ਜੈ ਭੀਮ ਨਮੋ ਬੁਧਾਏ

ਇੰਜ ਵਿਸ਼ਾਲ ਖੈਰਾ, ਵਾਸਤਵਿਕ ਕਲਮ ਤੋਂ

# ਪੁਲਿਸ ਚੌਂਕੀ ਇੰਚਾਰਜ ਗਲਵੱਟੀ ਵੱਲੋਂ ਦੋਸੀ ਨਾਲ ਮਿਲੀ ਭੁਗਤ ਕਰਕੇ ਕੇਸ ਦਾ ਚਲਾਣ ਅਦਾਲਤ ਵਿੱਚ ਪੇਸ਼ ਨਾ ਕਰਨ ਦਾ ਰੋਸ- ਰਾਜ ਸਿੰਘ ਟੋਡਰਵਾਲ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com





ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਗਰੀਬ ਅਤੇ ਪੀੜਿਤ ਮੁਦਈ ਵਿਅਕਤੀ ਬਲਵਿੰਦਰ ਸਿੰਘ ਉਰਫ ਕਾਲਾ ਵਲੋ ਦਸੰਬਰ 20 23 ਵਿੱਚ ਦਰਜ ਕਰਵਾਈ ਐਫ. ਆਈ ਆਰ ਨੰਬਰ 269/23 ਦਾ ਡੇਢ ਸਾਲ ਤੱਕ ਪੁਲਿਸ ਚੌਂਕੀ ਇੰਚਾਰਜ ਗਲਵੱਟੀ ਵੱਲੋਂ ਦੋਸੀ ਵਿਅਕਤੀ ਨਾਲ ਮਿਲੀ ਭੁਗਤ ਕਰਕੇ ਕੇਸ ਦਾ ਚਲਾਣ ਅਦਾਲਤ ਵਿੱਚ ਪੇਸ਼ ਨਾ ਕਰਨ ਦੇ ਰੋਸ ਵਜੋਂ ਜਬਰ ਜੁਲਮ ਵਿਰੋਧੀ ਫਰੰਟ ਪੰਜਾਬ ਦੇ ਵਰਕਰਾਂ ਵੱਲੋਂ ਪੁਲਿਸ ਚੌਂਕੀ ਗਲਵੱਟੀ ਅੱਗੇ ਧਰਨਾ ਲਗਾ ਕੇ ਪੁਲਿਸ ਚੌਂਕੀ ਇੰਚਾਰਜ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਕੇਸ ਦਾ ਚਲਾਨ ਕੋਰਟ ਵਿੱਚ ਪੇਸ਼ ਕਰਨ ਦੀ ਮੰਗ ਕੀਤੀ ਬਾਅਦ ਵਿੱਚ ਉੱਚ ਅਫਸਰਾਂ ਵੱਲੋਂ ਆ ਕੇ 9 ਜੂਨ 2025 ਤੋਂ ਪਹਿਲਾਂ ਪਹਿਲਾਂ ਚਲਾਣ ਕੋਰਟ ਵਿੱਚ ਪੇਸ਼ ਕਰਨ ਦਾ ਭਰੋਸਾ ਦੇ ਕੇ ਧਰਨਾ ਚੁਕਵਾਇਆ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਰਾਜ ਸਿੰਘ ਟੋਡਰਵਾਲ ਨੇ ਕਿਹਾ ਕਿ ਗਰੀਬ ਵਿਅਕਤੀਆਂ ਦੀ ਕੋਈ ਗੱਲ ਨਾ ਸੁਣਨ ਵਾਲੇ ਅਫਸਰਾਂ ਖਿਲਾਫ ਸੜਕਾਂ ਤੇ ਆਉਣਾ ਜਾਇਜ਼ ਹੁੰਦਾ ਹੈ। ਇਸ ਤੋਂ ਇਲਾਵਾ ਭੋਲੀ ਗੋਬਿੰਦਪੁਰਾ, ਕਾਕਾ ਗਲਵੱਟੀ ,ਐਡਵੋਕੇਟ ਰਫੀਕ ਮੁਹੰਮਦ, ਬਲਜੀਤ ਕੌਰ ਤੋਂ ਇਲਾਵਾ ਹੋਰ ਬਹੁਤ ਸਾਰੇ ਵਰਕਰਾਂ ਤੇ ਆਗੂਆਂ ਨੇ ਧਰਨੇ ਨੂੰ ਸੰਬੋਧਨ ਕੀਤਾ

# ਆਮ ਆਦਮੀ ਪਾਰਟੀ ਦੀ ਸਰਕਾਰ ਬਾਬਾ ਸਾਹਿਬ ਅੰਬੇਡਕਰ ਜੀ ਦੇ ਬੁੱਤਾਂ ਦੀ ਰਾਖੀ ਕਰਨ ਵਿੱਚ ਹੋਈ ਬੁਰੀ ਤਰ੍ਹਾਂ ਫੇਲ- ਚਮਕੌਰ ਸਿੰਘ ਵੀਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਸੰਗਰੂਰ( ) ਪਿਛਲੇ ਦਿਨੀ ਫਿਲੌਰ ਵਿਖੇ ਜੋ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ ਦੂਸਰੀ ਵਾਰੀ ਬੇਅਦਬੀ ਹੋਈ ਹੈ, ਬਹੁਜਨ ਸਮਾਜ ਪਾਰਟੀ ਇਸ ਘਟਨਾ ਦੀ ਬੇਹੱਦ ਨਿੰਦਾ ਕਰਦੀ ਹੈ ਅਤੇ ਇਸ ਸਬੰਧੀ ਚਮਕੌਰ ਸਿੰਘ ਵੀਰ ਜਨਰਲ ਸੈਕਟਰੀ ਬਹੁਜਨ ਸਮਾਜ ਪਾਰਟੀ ਪੰਜਾਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅੰਬੇਡਕਰ ਸਾਹਿਬ ਦਾ ਕੋਈ ਸਤਿਕਾਰ ਨਹੀਂ ਕਰਦੀ, ਸਿਰਫ ਦਫਤਰਾਂ ਵਿੱਚ ਅੰਬੇਡਕਰ ਸਾਹਿਬ ਦੀਆਂ ਅਤੇ ਸ਼ਹੀਦੇ ਆਜ਼ਮ ਭਗਤ ਸਿੰਘ ਦੀਆਂ ਫੋਟੋਆਂ ਲਾਉਣ ਤੱਕ ਸੀਮਤ ਹੈ, ਪਰ ਉਹਨਾਂ ਦੀ ਵਿਚਾਰਧਾਰਾ ਤੇ ਅਮਲ ਨਹੀਂ ਕਰਦੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਸੰਜੀਦਗੀ ਦੇ ਨਾਲ ਸਾਰੇ ਪੰਜਾਬ ਵਿੱਚ ਅੰਬੇਡਕਰ ਸਾਹਿਬ ਦੇ ਬੁੱਤਾਂ ਦੀ ਰਾਖੀ ਕਰਨੀ ਚਾਹੀਦੀ ਹੈ।

ਸ੍ ਵੀਰ ਨੇ ਇਹ ਵੀ ਕਿਹਾ ਕਿ ਅਕਾਲ ਤਖਤ ਦੇ ਜਥੇਦਾਰ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੂੰ ਅਪੀਲ ਕੀਤੀ ਕਿ ਜਿਹੜੇ ਕੁਝ ਗਰਮ ਖਿਆਲੀ ਵਿਆਕਤੀ ਹਨ ਉਹ ਸੰਵਿਧਾਨ ਨੂੰ ਨਹੀਂ ਮੰਨਦੇ, ਉਹ ਗੁਰੂ ਦੇ ਸਿੱਖ ਹੋ ਹੀ ਨਹੀਂ ਸਕਦੇ, ਉਹਨਾਂ ਕਿਹਾ ਕਿ ਅਜਿਹੇ ਵਿਅਕਤੀਆਂ ਪ੍ਰਤੀ ਸਤਿਕਾਰਯੋਗ ਜਥੇਦਾਰ ਸਾਹਿਬ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਖਤ ਸਟੈਂਡ ਲੈ ਕੇ ਉਹਨਾਂ ਵਿਰੁੱਧ ਕਾਰਵਾਈ ਕਰਨੀ ਚਾਹੀਦੀ ਕਿਉਂਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਤਸ਼ਾਹ ਨੇ ਜਦੋਂ ਪੰਜ ਪਿਆਰਿਆਂ ਦੀ ਸਾਜਨਾ ਕੀਤੀ ਉਸ ਵਕਤ ਸਾਰੇ ਹੀ ਪੰਜ ਪਿਆਰੇ ਦੱਬੇ ਕੁੱਚਲੇ ਸਮਾਜ ਵਿੱਚੋਂ ਸਨ ਅਤੇ ਸਭ ਤੋਂ ਜਿਆਦਾ ਸਤਿਕਾਰ ਦਬਿਆ ਕੁਚਲਿਆ ਸਮਾਜ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਕਰਦਾ ਹੈ ।ਉਹਨਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਬੁੱਤਾਂ ਦੀ ਰਾਖੀ ਸਬੰਧੀ ਕੋਈ ਠੋਸ ਕਦਮ ਨਾ ਚੱਕਿਆ ਗਿਆ ਤਾਂ



ਬਹੁਜਨ ਸਮਾਜ ਪਾਰਟੀ ਸੂਬੇ ਦੀ ਮੀਟਿੰਗ ਦੇ ਵਿੱਚ ਵਿਚਾਰ ਕੇ ਇਸ ਸਬੰਧੀ ਤਕੜਾ ਐਕਸ਼ਨ ਲੈ ਸਕਦੀ ਹੈ ਇਸ ਸਮੇਂ ਉਹਨਾਂ ਦੇ ਨਾਲ ਸਤਗੁਰ ਸਿੰਘ ਕੌਹਰੀਆਂ, ਸੂਬੇਦਾਰ ਰਣਧੀਰ ਸਿੰਘ ਨਾਗਰਾ, ਨਿਰਮਲ ਸਿੰਘ ਮੱਟੂ, ਹਰਮੇਲ ਸਿੰਘ, ਪਵਿੱਤਰ ਸਿੰਘ, ਮਿੱਠਾ ਸਿੰਘ, ਲਾਭ ਸਿੰਘ ਫੌਜੀ, ਗੁਰਦੇਵ ਸਿੰਘ ਘਾਰ ਦਾ, ਆਦਿ ਹਾਜ਼ਰ ਸਨ।

# ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ‘ਚੋਂ ਬਾਹਿਰ ਕੱਢਣ ਲਈ ਮਾਪੇ ਤੇ ਆਮ ਲੋਕ ਸਹਿਯੋਗ ਦੇਣ- ਡਾਕਟਰ ਸੁਖਵਿੰਦਰ ਕੁਮਾਰ ਸੁੱਖੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਬੰਗਾ, 03 ਜੂਨ ( ਚਰਨਜੀਤ ਸੱਲ੍ਹਾਂ ) ਪੰਜਾਬ ਸਰਕਾਰ ਵਲੋਂ ਪੰਜਾਬ ਨੂੰ ਨਸ਼ਾ-ਮੁਕਤ ਕਰਨ ਹਿੱਤ ਆਰੰਭੀ ਲਹਿਰ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਹਲਕਾ ਬੰਗਾ ਦੇ ਵਿਧਾਇਕ ਤੇ ਕੰਨਵੇਅਰ ਦੇ ਚੇਅਰਮੈਂਨ ਕੈਬਨਿਟ ਰੈਂਕ ਪੰਜਾਬ ਡਾਕਟਰ ਸੁਖਵਿੰਦਰ ਕੁਮਾਰ ਸੁੱਖੀ ਨੇ ਪਿੰਡ ਸਾਹਲੋਂ ਵਿਖੇ ਭਰਵੀਂ ਪਬਲਿਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਸੁਹਿਰਦ ਯਤਨਾ ਸਦਕਾ ਪਿੰਡਾਂ ਦੇ ਪਿੰਡ ਨਸ਼ਾ-ਮੁਕਤ ਹੋ ਰਹੇ। ਹਰ ਪਿੰਡ ਵਿੱਚ ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇ ਆਮ ਲੋਕਾਂ ਵਲੋਂ ਨਸ਼ਿਆਂ ਨੂੰ ਰੋਕਣ ਦਾ ਪ੍ਰਣ ਕਰ ਲਿਆ ਜਾਵੇ। ਨਸ਼ਿਆਂ ਦੇ ਆਦਿ ਹੋਏ ਬੱਚਿਆਂ ਨੂੰ ਪਿਆਰ ਦੀ ਜ਼ਰੂਰਤ ਹੈ ਇਹਨਾ ਨੂੰ ਸਮਝਾ ਬੁਝਾ ਕੇ ਹੀ ਨਸ਼ਾ-ਮੁਕਤ ਕੀਤਾ ਜਾ ਸਕਦਾ ਉਹਨਾ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਨੌਜਵਾਨਾ ਦਾ ਨਸ਼ਾ ਛੁਡਾਉਂਣ ਲਈ ਇਹਨਾ ਦੀ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ ਜਿੱਥੇ ਸਖਤੀ ਦੀ ਲੋੜ ਹੈ ਉੱਥੇ ਸਖਤੀ ਵੀ ਕਰ ਰਹੀ ਹੈ। ਇਸ ਮੌਕੇ ਨਸ਼ੇ ਨਾ ਕਰਨ ਲਈ ਪਿੰਡ ਵਾਸੀਆਂ ਨੂੰ ਸਹੁੰ ਚੁਕਾਈ ਗਈ।ਇਸ ਮੌਕੇ ਪਿੰਡ ਦੇ ਸਰਪੰਚ ਹਰਮੇਸ਼ ਭਾਰਤੀ ਨੇ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਤੇ ਭਰੋਸਾ ਦੁਆਇਆ ਕਿ ਪੰਚਾਇਤ ਇਸ ਮੁਹਿਮ ਨੂੰ ਸਫਲ ਕਰਨ ਲਈ ਸਰਕਾਰ ਦਾ ਪੂਰਾ ਸਾਥ ਦੇ ਰਹੀ ਹੈ ਤੇ ਦੇਵੇਗੀ। ਨਸ਼ੇ ਦੇ ਸੰਬੰਧ ਵਿੱਚ ਪਿੰਡ ਦਾ ਕੋਈ ਵਿਅਕਤੀ ਪੁਲਿਸ ਵਲੋਂ ਫੜਿਆ ਜਾਂਦਾ ਹੈ ਤਾਂ ਪੰਚਾਇਤ ਉਸ ਦੀ ਮਦਦ ਨਹੀਂ ਕਰੇਗੀ। ਉਹਨਾ ਆਦਿ ਹੋ ਚੁੱਕੇ ਨੌਜਵਾਨਾ ਨੂੰ ਅਪੀਲ ਕੀਤੀ ਕਿ ਨਸ਼ੇ ਛੱਡਣ ਲਈ ਆਪਣਾ ਮਨ ਬਣਾਓ ਪੰਚਾਇਤ ਤੁਹਾਡੀ ਹਰ ਸੰਭਵ ਮਦਦ ਕਰੇਗੀ। ਇਸ ਮੌਕੇ ਹੋਰਨਾ ਤੋਂ ਇਲਾਵਾ ਐਸ ਐਮ ਓ ਮੈਡਮ ਗਿਤਾਂਜਲੀ ਜੀ, ਐਸ ਐੱਚ ਓ ਮੈਡਮ ਨਰੇਸ਼ ਕੁਮਾਰੀ ਜੀ, ਆਪ ਆਗੂ ਸੋਹਣ ਲਾਲ ਢੰਡਾ, ਪ੍ਰਧਾਨ ਰੁਲਦਾ ਸਿੰਘ, ਸਰਦਾਰਾ ਸਿੰਘ,



ਭਜਨ ਸਿੰਘ, ਕਿਸ਼ਨ ਲਾਲ, ਚੈਂਚਲ ਸਿੰਘ, ਪਰਮਿੰਦਰ ਸਿੰਘ, ਗੁਰਚਰਨ ਸਿੰਘ, ਹਰਜੀਤ ਸਿੰਘ ਵਿੱਕੀ, ਕਿਸ਼ਨ ਸਿੰਘ ਬਾਬਾ, ਇੰਦਰਪਾਲ ਸਿੰਘ, ਹਰੀ ਸਿੰਘ, ਜਸਵਿੰਦਰ ਸਿੰਘ, ਦਵਿੰਦਰ ਵਿੱਕੀ ਪੰਚ, ਪਰਮਜੀਤ ਸਿੰਘ ਨੀਟੂ ਪੰਚ, ਵੰਦਨਾ ਪੰਚ, ਪਰਮਜੀਤ ਪੰਮਾ ਅਮਰੀਕ ਸਿੰਘ ਤੋਂ ਭਾਰੀ ਗਿਣਤੀ ਵਿੱਚ ਯੂਥ ਦੇ ਆਗੂ ਪਿੰਡ ਦੇ ਪਤਵੰਤੇ ਸੱਜਣ ਤੇ ਔਰਤਾਂ ਹਜ਼ਰ ਸਨ।

# ਭਗਵਾਨ ਸ਼੍ਰੀ ਵਿਸ਼ਵਕਰਮਾ ਮੰਦਰ ਕਮੇਟੀ ਅਤੇ ਟਰਸਟ ਹੋਏ ਅਲੱਗ ਅਲੱਗ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com



ਬੀਤੇ ਦਿਨੀ ਮਿਤੀ(1/6/2025 )ਨੂੰ ਭਗਵਾਨ ਸ੍ਰੀ ਵਿਸ਼ਵਕਰਮਾ ਮੰਦਰ ਲਹੌਰੀ ਗੇਟ ਪਟਿਆਲਾ ਵਿਖੇ ਸਮੂਹ ਵਿਸ਼ਵਕਰਮਾ ਵੰਸ਼ੀ ਮੈਂਬਰਾਂ ਦੀ ਮੀਟਿੰਗ ਵਿਸ਼ਵਕਰਮਾ ਮੰਦਿਰ ਲਹੌਰੀ ਗੇਟ ਪਟਿਆਲਾ ਵਿਖੇ ਹੋਈ ਵਿਸ਼ਵਕਰਮਾ ਮੰਦਿਰ ਕਮੇਟੀ ਤੋਂ ਬਣਾਏ ਗਏ ਵਿਸ਼ਵਕਰਮਾ ਚੈਰੀਟੇਬਲ ਐਜੂਕੇਸ਼ਨਲ ਵੈਲਫੇਅਰ ਟਰਸਟ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਨੂੰ ਸਮੂਹ ਮੈਂਬਰਾਂ ਨੂੰ ਜਾਣੂ ਕਰਵਾਇਆ ਗਿਆ ਪਿਛਲੇ ਸਮੇਂ ਦੌਰਾਨ ਕੁਝ ਟਰਸਟੀ ਮੈਂਬਰਾਂ ਵੱਲੋਂ ਆਪਣੇ ਚਹੇਤਿਆਂ ਨੂੰ ਟਰਸਟੀ ਮੈਂਬਰ ਬਣਾਇਆ ਗਿਆ ਤਾਂ ਵਿਸ਼ਵਕਰਮਾ ਮੰਦਿਰ ਕਮੇਟੀ ਦੀ ਸੰਪਤੀ ਬੈਂਕ ਬੈਲੈਂਸ ,ਮੰਦਰ ਕਮੇਟੀ ਵੱਲੋਂ ਸਰਕਾਰੀ ਗਰਾਂਟਾਂ ਰਾਹੀਂ ਖਰੀਦੀ ਗਈ ਦੋ ਏਕੜ ਜਮੀਨ ਨੂੰ ਖੁਰਦ ਬੁਰਦ ਕੀਤਾ ਜਾ ਸਕੇ ਪ੍ਰਧਾਨ ਤੇ ਟਰਸਟੀ ਸਰਦਾਰ ਸੁਰਜੀਤ ਸਿੰਘ ਮਹਿਲ ਨੂੰ ਰਾਹ ਦਾ ਰੋੜਾ ਸਮਝਦੇ ਹੋਏ ਗੈਰ ਕਾਨੂੰਨੀ ਢੰਗ ਨਾਲ ਪ੍ਰਧਾਨਗੀ ਤੋਂ ਬਰਖਾਸਤ ਕਰ ਦਿੱਤਾ ਗਿਆ ਜਿਸ ਕਰਕੇ ਸਮੁੱਚੇ ਵਿਸ਼ਵਕਰਮਾ ਭਾਈਚਾਰੇ ਵਿੱਚ ਰੋਸ ਪਾਇਆ ਗਿਆ ਮੰਦਰ ਵਿੱਚ (60) ਮੈਂਬਰਾਂ ਦੀ ਹਾਜ਼ਰੀ ਵਿੱਚ ਸਰਬ ਸੰਮਤੀ ਨਾਲ ਲੰਬੇ ਸਮੇਂ ਤੋਂ ਚਲਦੀ ਆ ਰਹੀ ਵਿਸ਼ਵਕਰਮਾ ਮੰਦਿਰ ਕਮੇਟੀ ਰਜਿਸਟਰ ਨੰਬਰ 1429 ਲਾਹੌਰੀ ਗੇਟ ਪਟਿਆਲਾ ਨੂੰ ਮੁੜ ਸੁਰਜੀਤ ਕੀਤਾ ਗਿਆ ਸਮੂਹ ਮੈਂਬਰਾਂ ਦੀ ਸਰਬਸੰਮਤੀ ਨਾਲ ਸੁਰਜੀਤ ਸਿੰਘ ਮਹਿਲ ਨੂੰ ਮੰਦਰ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਕੋਰਮ ਪੂਰਾ ਕਰਨ ਲਈ ਆਪਣੀ ਟੀਮ ਦੀ ਚੋਣ ਕਰਨ ਦੇ ਅਧਿਕਾਰ ਦਿੱਤੇ ਗਏ ਇਸ ਕਾਰਵਾਈ ਦਾ ਮਤਾ ਪਾ ਕੇ ਆਏ ਮੈਂਬਰਾਂ ਦੀ ਦਸਤਕ ਕਰਵਾਏ ਗਏ। ਇਸ ਮੀਟਿੰਗ ਵਿੱਚ ਖਾਸ ਤੋਰ ਤੇ ਜਗਜੀਤ ਸਿੰਘ ਸਗੂ, ਅਮਰਜੀਤ ਸਿੰਘ ਰਾਮਗੜ੍ਹੀਆ, ਸੁਖਦੇਵ ਸਿੰਘ, ਸਰੂਪ ਸਿੰਘ, ਅਮਰਜੀਤ ਸਿੰਘ ਸਪਾਲ, ਸੁਰਜੀਤ ਸਿੰਘ ਧੀਮਾਨ, ਸੂਬਾ ਸਿੰਘ ਰਾਮਗੜ੍ਹੀਆ, ਅਮਰੀਕ ਸਿੰਘ ਭੁਲਰ, ਹਾਕਮ ਸਿੰਘ, ਬਾਬੂ ਰਾਮ ਕ੍ਰਿਸਨ, ਗੁਰਦੀਪ ਸਿੰਘ ਮਹਿਲ, ਬਲਦੇਵ ਸਿੰਘ, ਸੁਸੀਲ ਸਿੰਘ, ਸੁਰਿੰਦਰ ਜੰਡੂ, ਬਲਜਿੰਦਰ ਸਿੰਘ ਜੰਡੂ ਅਤੇ ਹੋਰ ਵਿਸ਼ਵਕਰਮਾ ਵੰਸ਼ ਮੈਬਰ ਹਾਜਰ ਸਨ

# ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਢੀਂਡਸਾ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com



ਨਾਭਾ 3 ਜੂਨ (ਬਾਂਗਾਂ/ ਬੇਅੰਤ ਸਿੰਘ ਰੋਹਟੀ ਖਾਸ) ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਪਿਛਲੇ ਦਿਨ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਦੇ ਦੇਹਾਂਤ ਤੇ ਉਹਨਾਂ ਦੇ ਘਰ ਸੰਗਰੂਰ ਪਹੁੰਚ ਕੇ ਉਹਨਾਂ ਦੇ ਪੁੱਤਰ ਪਰਮਿੰਦਰ ਸਿੰਘ ਢੀਂਡਸਾ ਦੇ ਨਾਲ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਆਤਮਾ ਨੂੰ ਸ਼ਾਂਤੀ ਦੇਵੇ ਅਤੇ ਪਰਿਵਾਰ ਨੂੰ ਇਸ ਅਸਹਿਣਯੋਗ ਘਾਟੇ ਨੂੰ ਸਹਿਣ ਦੀ ਤਾਕਤ ਦੇਵੇ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ ਚਾਰ ਵਾਰ ਸੰਸਦ ਮੈਂਬਰ, ਚਾਰ ਵਾਰ ਵਿਧਾਇਕ, ਇੱਕ ਵਾਰ ਕੇਂਦਰੀ ਮੰਤਰੀ ਅਤੇ ਕਈ ਵਾਰ ਪੰਜਾਬ ਵਜਾਰਤ ਵਿੱਚ ਕਈ ਵਾਰ ਮੰਤਰੀ ਮੰਡਲ ਵਿੱਚ ਮੰਤਰੀ ਰਹੇ ਹਨ। ਜੋ ਵੀ ਉਨ੍ਹਾਂ ਕੋਲ ਆਪਣੀਆਂ ਫਰਿਆਦ ਲੈ ਕੇ ਆਇਆ, ਉਹਨਾ ਨੇ ਉਨ੍ਹਾਂ ਨੂੰ ਕਦੇ ਵੀ ਖਾਲੀ ਹੱਥ ਵਾਪਸ ਨਹੀਂ ਭੇਜਦੇ ਸਨ। ਦੇਵ ਮਾਨ ਨੇ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ ਵਰਗੇ ਆਗੂਆਂ ਨੇ ਇਮਾਨਦਾਰੀ ਅਤੇ ਲਗਨ ਨਾਲ ਪੰਜਾਬ ਦੀ ਸੇਵਾ ਕੀਤੀ। ਫੋਟੋ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਪਰਮਿੰਦਰ ਸਿੰਘ ਢੀਂਡਸਾ ਨਾਲ ਉਹਨਾ ਦੇ ਪਿਤਾ ਸਵ ਸੁਖਦੇਵ ਸਿੰਘ ਢੀਂਡਸਾ ਦੇ ਦੇਹਾਂਤ ‘ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ।

# 10ਸਾਲ ਦੀ ਸੇਵਾ ਪੂਰੀ ਕਰ ਚੁੱਕੇ ਕੱਚੇ ਕਾਮਿਆ ਦਾ ਧਰਨਾ 21ਵੇਂ ਦਿਨ ਵੀ ਜਾਰੀ, ਪ੍ਰਸ਼ਾਸ਼ਨ ਗੁੰਗਾ ਬਹਿਰਾ ਹੋਇਆ

## ਕਰਮਚਾਰੀਆਂ ਵਲੋਂ ਲੜੀਵਾਰ ਭੁੱਖ ਹੜਤਾਲ 16ਵੇਂ ਦਿਨ ਵਿੱਚ ਪਰਵੇਸ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਅੱਜ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕੱਚੇ ਕਰਮਚਾਰੀਆਂ ਜਿਹਨਾਂ ਨੂੰ 10 ਤੋਂ 15 ਸਾਲ ਸੇਵਾ ਕਾਲ ਹੋ ਚੁੱਕਾ ਦਾ ਧਰਨਾ 21ਵੇਂ ਦਿਨ ਵੀ ਜਾਰੀ ।

ਕਰਮਚਾਰੀਆਂ ਵਲੋਂ ਲੜੀਵਾਰ ਭੁੱਖ ਹੜਤਾਲ 16ਵੇਂ ਦਿਨ ਵਿੱਚ ਪਰਵੇਸ਼। ਪਿਛਲੇ 21 ਦਿਨਾਂ ਤੋਂ ਧਰਨਾ ਡੀਨ ਅਕੈਡਮਿਕ ਅਤੇ ਰਜਿਸਟਰਾਰ ਦਫਤਰ ਵਿੱਚ ਚਲਦਾ ਰਿਹਾ ਪਰ ਕਿਸੇ ਨੇ ਨਹੀਂ ਲਈ ਸਾਰ ।ਸਿਡੀਕੇਟ ਵਿੱਚ ਬਣਾਈਆਂ ਹੋਈਆਂ ਆਪਣੀਆਂ ਹੀ ਪਾਲਿਸੀਆਂ ਤੋਂ ਮੁਕਰ ਰਿਹਾ ਪੰਜਾਬੀ ਯੂਨੀਵਰਸਿਟੀ ਪ੍ਰਸ਼ਾਸਨ। ਨਵੇਂ ਵਾਈਸ ਚਾਂਸਲਰ ਤੋਂ ਸੀ ਪੂਰੀ ਪੂਰੀ ਆਸ ਨਵੇਂ ਵਾਈਸ ਚਾਂਸਲਰ ਵਲੋਂ ਬਣਾਈ ਕਮੇਟੀ ਵੱਲੋਂ ਨਹੀਂ ਕਿੱਤੀ ਗਈ ਕੋਈ ਗੱਲ ਬਾਤ । ਕਰਮਚਾਰੀਆਂ ਵੱਲੋਂ ਧਰਨਾ ਵਾਈਸ ਚਾਂਸਲਰ ਦਫਤਰ ਅੱਗੇ ਕੀਤਾ ਗਿਆ ਸ਼ਿਫਟ । ਅੱਜ ਵਾਇਸ ਚਾਂਸਲਰ ਸਾਹਿਬ ਦਫ਼ਤਰ ਤੋਂ ਰਹੇ ਗ਼ੈਰ ਹਾਜ਼ਰ।

ਧਰਨੇ ਵਿੱਚ ਬੈਠੇ ਕਰਮਚਾਰਸ਼ੀਆਂ ਨੇਂ ਕਿਹਾ ਕਿ ਸਾਡੇ ਹੌਸਲੇ ਬੁਲੰਦ । ਜਦ ਤਕ ਸਾਡੀ ਮੰਗ ਪੂਰੀ ਨਹੀਂ ਹੁੰਦੀ ਧਰਨਾ ਇਸ ਤਰ੍ਹਾਂ ਹੀ ਚਲਦਾ ਰਹੇਗਾ। ਜ਼ੇਕਰ ਲੋੜ ਪਈ ਤਾਂ ਸੰਘਰਸ਼ ਨੂੰ ਹੋਰ ਕਰਨਗੇ ਤੇਜ ਕੀਤੀ ਜਾਵੇਗੀ।

ਇਸ ਮੌਕੇ ਰਾਜੇਸ਼ ਗੱਗੂ, ਅਜੇ ਅਰੋੜਾ,ਇਕਬਾਲ ਚੰਦ,ਕੁਲਦੀਪ ਸਿੰਘ, ,ਜਤਿੰਦਰ ਕਾਲਾ,ਬਿਕਰਮਜੀਤ ਸਿੰਘ, ਗੁਰਤੇਜ ਸਿੰਘ , ਸੰਦੀਪ ਕੁਮਾਰ , ਹੈਪੀ, ਅਮਨਦੀਪ, ਗੁਰਮੀਤ,ਸੁਰਜੀਤ ਬਠਿੰਡਾ, ਲੋਕੇਸ਼, ਜਗਤਾਰ ਸਿੰਘ ਅਤੇ ਧਰਾਤਰੀ ਜਥੇਬੰਦੀਆਂ ਦੇ ਸੀਨੀਅਰ ਆਗੂ ਮੌਜੂਦ ਰਹੇ।

# ਗੋਲੀ ਲੱਗਣ ਕਾਰਨ ਥਾਣੇਦਾਰ ਦੀ ਮੌਤ, ਕਮਾਂਡੋ ਕੰਪਲੈਕਸ ਬਹਾਦਰਗੜ੍ਹ 'ਚ ਵਾਪਰੀ ਘਟਨਾ

## ਦੋ ਧੀਆਂ ਨੂੰ ਪਿੱਛੇ ਛੱਡ ਗਏ ਹਨ ਮਨਪ੍ਰੀਤ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਪਟਿਆਲਾ : ਕਮਾਂਡੋ ਟ੍ਰੇਨਿੰਗ ਕੰਪਲੈਕਸ ਬਹਾਦਰਗੜ੍ਹ ਵਿਚ ਰਹਿੰਦੇ ਇਕ ਏਐਸਆਈ ਦੀ ਸਰਕਾਰੀ ਰਿਵਾਲਵਰ ਦੀ ਗੋਲੀ ਵੱਜਣ ਕਾਰਨ ਮੌਤ ਹੋ ਗਈ। ਮ੍ਰਿਤਕ ਦੀ ਪਛਾਣ 41 ਸਾਲਾ ਮਨਪ੍ਰੀਤ ਸਿੰਘ ਵਾਸੀ ਪਿੰਡ ਕੁੰਡਲ ਨੇੜੇ ਅਬੋਹਰ ਵਜੋਂ ਹੋਈ ਹੈ। ਇੰਨੀ ਦਿਨੀ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਸਕਿਊਰਿਟੀ ਵਿਚਲੇ ਸਪੈਸ਼ਲਆਪ੍ਰੇਸ਼ਨ ਗਰੁੱਪ (ਐਸਓਜੀ) ਵਿਚ ਡੈਪੂਟੇਸ਼ਨ 'ਤੇ ਤਾਇਨਾਤ ਸੀ।

ਜਾਣਕਾਰੀ ਅਨੁਸਾਰ ਮਨਪ੍ਰੀਤ ਸਿੰਘ ਉਥੋਂ ਇਹ ਕਹਿ ਕੇ ਆ ਗਿਆ ਸੀ ਕਿ ਉਹ ਰੈਸਟ 'ਤੇ ਪਿੰਡ ਜਾਣਗੇ ਪ੍ਰੰਤੂ ਪਿੰਡ ਜਾਣ ਦੀ ਬਜਾਏ ਉਹ ਬਹਾਦਰਗੜ੍ਹ ਕਮਾਂਡੋ ਕੰਪਲੈਕਸ ਦੇ ਵਿਚ ਅਪਣੇ ਕੁਆਰਟਰ ਵਿਚ ਚਲੇ ਗਏ, ਜਿੱਥੇ ਕੱਲ ਸ਼ਾਮੀ ਛਾਤੀ ਵਿਚ ਗੋਲੀ ਲੱਗਣ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਉਹ ਹੁਣ ਦੋ ਧੀਆਂ ਨੂੰ ਪਿੱਛੇ ਛੱਡ ਗਏ ਹਨ।

ਜ਼ਿਕਰਯੋਗ ਹੈ ਕਿ ਉਨ੍ਹਾਂ ਦੀ ਜੱਦੀ ਪੁਸ਼ਤੀ ਦੇ ਕਿਲੇ ਜ਼ਮੀਨ ਵੀ ਪਿਛਲੇ ਸਾਲ ਵਿਕ ਗਈ ਸੀ। ਕਿਹਾ ਜਾ ਰਿਹਾ ਹੈ ਕਿ ਉਹ ਮਾਨਸਿਕ ਤਨਾਅ ਵਿਚ ਵੀ ਰਹਿੰਦੇ ਸਨ। ਇਸ ਘਟਨਾ ਤੋਂ ਬਾਅਦ ਚਰਚਾ ਤਾਂ ਇਹ ਵੀ ਹੈ ਕਿ ਉਨ੍ਹਾਂ ਨੇ ਖ਼ੁਦਕੁਸ਼ੀ ਕੀਤੀ ਹੈ, ਪਰ ਪੁਲਿਸ ਇਸ ਨੂੰ ਅਚਾਨਕ ਵਾਪਰੀ ਘਟਨਾ ਦੱਸ ਰਹੀ ਹੈ।



ਥਾਣਾ ਸਦਰ ਪਟਿਆਲਾ ਦੇ ਐਸਐਚਓ ਇੰਸਪੈਕਟਰ ਅੰਮ੍ਰਿਤਵੀਰ ਸਿੰਘ ਚਹਿਲ ਦਾ ਕਹਿਣਾ ਹੈ ਕਿ ਮੁਢਲੀ ਤਫ਼ਤੀਸ਼ ਦੌਰਾਨ ਇਹ ਮਾਮਲਾ ਅਚਾਨਕ ਵਾਪਰੀ ਘਟਨਾ ਵਜੋਂ ਸਾਹਮਣੇ ਆਇਆ ਹੈ। ਬਾਕੀ ਪੁਲਿਸ ਜਾਂਚ ਕਰ ਰਹੀ ਹੈ। ਉਹ ਇਸ ਕੁਆਟਰ ਵਿਚ ਇਕੱਲੇ ਹੀ ਰਹਿੰਦੇ ਸਨ

# ਜੇਲ 'ਚੋਂ ਰਿਹਾਅ ਹੋਏ ਕਿਸਾਨਾਂ ਨੇ ਮੁੜ ਸ਼ੁਰੂ ਕੀਤੀ ਭੁੱਖ ਹੜਤਾਲ, ਕਿਸਾਨਾਂ ਨੂੰ ਹਸਪਤਾਲ ਦੇ ਕੈਦੀ ਵਾਰਡ 'ਚ ਕੀਤਾ ਦਾਖ਼ਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਪਿਛਲੇ ਕਰੀਬ 10 ਦਿਨਾਂ ਤੋਂ ਲਗਾਤਾਰ ਸੰਘਰਸ਼ ਕਰਦੇ ਆ ਰਹੇ ਕਿਸਾਨਾਂ ਨੂੰ ਪੁਲਿਸ ਵੱਲੋਂ ਲਗਾਤਾਰ ਹਰ ਗ੍ਰਿਫ਼ਤਾਰ ਕਰਕੇ ਪੰਜਾਬ ਦੀਆਂ ਵੱਖ-ਵੱਖ ਜੇਲਾਂ 'ਚ ਭੇਜਿਆ ਜਾ ਰਿਹਾ ਹੈ। ਸਰਕਾਰ ਦੀ ਇਸ ਧੱਕੇਸ਼ਾਹੀ ਖਿਲਾਫ਼ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਵਰਕਰਾਂ ਵੱਲੋਂ ਜੇਲ ਵਿੱਚ ਹੀ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਗਈ ਸੀ। ਇਸੇ ਦੇ ਚਲਦੇ ਪੁਲਿਸ ਪ੍ਰਸ਼ਾਸਨ ਵੱਲੋਂ ਸ੍ਰੀ ਮੁਕਤਸਰ ਸਾਹਿਬ ਤੋਂ 7 ਕਿਸਾਨਾਂ ਨੂੰ ਰਿਹਾਅ ਕਰ ਦਿੱਤਾ ਸੀ। ਪਰ ਕਿਸਾਨਾਂ ਵੱਲੋਂ ਆਪਣੇ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਆਂ ਬੀਤੀ ਦੇਰ ਰਾਤ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ। ਜਿਸ ਤੋਂ ਬਾਅਦ ਪੁਲਿਸ ਵੱਲੋਂ ਕਰੀਬ ਅੱਧੀ ਦਰਜਨ ਕਿਸਾਨਾਂ ਨੂੰ ਹਿਰਾਸਤ 'ਚ ਲੈ ਕੇ ਸਰਕਾਰੀ ਹਸਪਤਾਲ ਦੇ ਕੈਦੀ ਵਾਰਡ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

ਕੈਦੀ ਵਾਰਡ ਵਿੱਚ ਦਾਖਲ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਸਦੋਹਾ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਲਗਾਤਾਰ ਧੱਕੇਸ਼ਾਹੀ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੀ ਜਥੇਬੰਦੀ ਦੇ ਕਰੀਬ 100 ਤੋਂ ਉੱਪਰ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਦੀਆਂ ਵੱਖ-ਵੱਖ ਜੇਲਾਂ 'ਚ ਬੰਦ ਕੀਤਾ ਗਿਆ ਹੈ।

ਇਸੇ ਰੋਸ ਵਜੋਂ ਉਹਨਾਂ ਵੱਲੋਂ ਇਹ ਭੁੱਖ ਹੜਤਾਲ ਕੀਤੀ ਗਈ ਸੀ ਤੇ ਅੱਜ ਉਹਨਾਂ ਵੱਲੋਂ ਭੁੱਖ ਹੜਤਾਲ ਸ਼ੁਰੂ ਕਰ ਦਿੱਤਾ ਗਿਆ ਹੈ। ਜਿੰਨਾਂ ਸਮਾਂ ਪੰਜਾਬ ਸਰਕਾਰ ਗਿਰਫਤਾਰ ਕੀਤੇ ਗਏ ਕਿਸਾਨਾਂ ਨੂੰ ਰਿਹਾ ਨਹੀਂ ਕਰਦੀ ਅਤੇ ਘਸੋਖਾਣਾ ਪਿੰਡ ਵਿੱਚ ਚੱਲ ਰਹੇ ਸੰਘਰਸ਼ ਦੀਆਂ ਮੰਗਾਂ ਨੂੰ ਨਹੀਂ ਮੰਨਦੀ ਉਹਨਾਂ ਸਮਾਂ ਉਹ ਅਨਸ਼ਨ ਇਸੇ ਤਰ੍ਹਾਂ ਜਾਰੀ ਰੱਖਣਗੇ ਉਹਨਾਂ ਕਿਹਾ ਕਿ ਪ੍ਰਸ਼ਾਸਨ ਦੀ ਇਸ ਧੱਕੇਸ਼ਾਹੀ ਦਾ ਜਵਾਬ ਕਿਸਾਨਾਂ ਵੱਲੋਂ ਸੰਘਰਸ਼ ਕਰਕੇ ਦਿੱਤਾ ਜਾਵੇਗਾ।

# ਦਿਆਨੰਦ ਹਸਪਤਾਲ ਵਿਖੇ ਨੌਜਵਾਨ ਦੇ ਦਾਨ ਕੀਤੇ ਅੰਗ ਲੋੜਵੰਦ ਨੂੰ ਸਫਲ ਟਰਾਂਸਪਲਾਂਟ ਕੀਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਲੁਧਿਆਣਾ (ਗੁਰਦੀਪ ਸਿੰਘ) ਇੱਕ ਬਹੁਤ ਹੀ ਭਾਵੁਕ ਅਤੇ ਹਿੰਮਤ ਵਾਲੇ ਮਨੁੱਖਤਾ ਦੇ ਕਾਰਜ ਵਿੱਚ, ਇੱਕ 23 ਸਾਲਾ ਨੌਜਵਾਨ ਜੋ ਇੱਕ ਹਾਦਸੇ ਤੋਂ ਬਾਅਦ ਬ੍ਰੇਨ ਡੈੱਡ ਘੋਸ਼ਿਤ ਕੀਤਾ ਗਿਆ ਸੀ, ਉਸਦੇ ਪਰਿਵਾਰ ਨੇ ਉਸਦੇ ਅੰਗ ਦਾਨ ਕਰਨ ਦਾ ਫੈਸਲਾ ਲਿਆ, ਜਿਸ ਨਾਲ ਕਈ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਮਿਲੀ। ਬ੍ਰੇਨ ਡੈੱਡ ਦੀ ਪੁਸ਼ਟੀ ਹੋਣ 'ਤੇ ਅਤੇ ਟ੍ਰਾਂਸਪਲਾਂਟ ਕੋਆਰਡੀਨੇਸ਼ਨ ਟੀਮ ਵੱਲੋਂ ਵਿਸਥਾਰਪੂਰਵਕ ਸਲਾਹ ਮਸ਼ਵਰੇ ਤੋਂ ਬਾਅਦ, ਪਰਿਵਾਰ ਨੇ ਉਸਦਾ ਜਿਗਰ, ਗੁਰਦੇ, ਪੈਂਕਰੀਆਸ ਅਤੇ ਅੱਖਾਂ ਦਾਨ ਕਰਨ ਲਈ ਸਹਿਮਤੀ ਦਿੱਤੀ। ਇਹ ਦਾਨ ਦੀ ਪ੍ਰਕਿਰਿਆ ਸਟੇਟ ਆਰਗਨ ਐਂਡ ਟਿਸ਼ੂ ਟ੍ਰਾਂਸਪਲਾਂਟ ਆਰਗੇਨਾਈਜੇਸ਼ਨ ਅਤੇ ਰੀਜਨਲ ਆਰਗਨ ਐਂਡ ਟਿਸ਼ੂ ਟ੍ਰਾਂਸਪਲਾਂਟ ਆਰਗੇਨਾਈਜੇਸ਼ਨ ਨੌਰਥ ਦੇ ਸਹਿਯੋਗ ਨਾਲ ਸੰਚਾਲਿਤ ਕੀਤੀ ਗਈ। ਜਿਗਰ ਅਤੇ ਇੱਕ ਗੁਰਦਾ ਦਿਆਨੰਦ ਮੈਡੀਕਲ ਹਸਪਤਾਲ ਵਿੱਚ ਲੀਵਰ ਸਿਰੋਸਿਸ ਅਤੇ ਆਖਰੀ ਪੜਾਅ ਦੀ ਗੁਰਦੇ ਦੀ ਬੀਮਾਰੀ ਨਾਲ ਜੂਝ ਰਹੇ ਮਰੀਜ਼ਾਂ ਵਿੱਚ ਸਫਲਤਾਪੂਰਵਕ ਟ੍ਰਾਂਸਪਲਾਂਟ ਕੀਤਾ ਗਿਆ, ਜਿਸ ਨਾਲ ਉਨ੍ਹਾਂ ਨੂੰ ਇੱਕ ਨਵੀਂ ਉਮੀਦ ਮਿਲੀ। ਦੂਜਾ ਗੁਰਦਾ ਅਤੇ ਪੈਂਕਰੀਆਸ ਇਹ ਪੀਜੀਆਈਐਮਈਆਰ ਚੰਡੀਗੜ੍ਹ ਨੂੰ ਦਿੱਤੇ ਗਏ, ਤਾਂ ਜੋ ਹੋਰ ਜ਼ਿੰਦਗੀਆਂ ਵੀ ਇਸ ਨਿਡਰ ਦਾਨ ਦਾ ਲਾਭ ਲੈ ਸਕਣ। ਉਨ੍ਹਾਂ ਦੀਆਂ ਅੱਖਾਂ ਆਖ ਦੀ ਬੈਂਕ ਵਿੱਚ ਸੰਭਾਲੀ ਗਈਆਂ ਹਨ ਅਤੇ ਜਲਦੀ ਹੀ ਅੰਨ੍ਹਿਆਂ ਦੀ ਰੋਸ਼ਨੀ ਵਾਪਸ ਲਿਆਉਣ ਵਿੱਚ ਸਹਾਇਕ ਹੋਣਗੀਆਂ।

ਡਾ. ਪੀ. ਐਲ. ਗੌਤਮ, ਹੈੱਡ ਆਫ਼ ਕਰੀਟਿਕਲ ਕੇਅਰ ਡਿਪਾਰਟਮੈਂਟ, ਨੇ ਇਸ ਪੁਨੀਤ ਕੰਮ ਦੀ ਯੋਜਨਾ ਬਣਾਉਣ ਅਤੇ ਲਾਗੂ ਕਰਨ ਵਿੱਚ ਮੁੱਖ ਭੂਮਿਕਾ ਨਿਭਾਈ। ਲਿਵਰ ਟ੍ਰਾਂਸਪਲਾਂਟ ਟੀਮ ਦੀ ਅਗਵਾਈ ਡਾ. ਗੁਰਸਾਗਰ ਸਿੰਘ ਸਾਹੋਤਾ, ਚੀਫ ਲਿਵਰ ਟ੍ਰਾਂਸਪਲਾਂਟ ਸਰਜਨ ਨੇ ਕੀਤੀ, ਜਿਨ੍ਹਾਂ ਨੇ ਲਿਵਰ ਦੀ ਸਫਲ ਸਰਜਰੀ ਕੀਤੀ। ਡਾ. ਸੁਨੀਤ ਕੰਤ ਕਥੂਰੀਆ, ਹੈੱਡ ਆਫ ਐਨੇਸਥੀਸੀਆ, ਨੇ ਵੀ ਇਸ ਪ੍ਰਕਿਰਿਆ ਦੌਰਾਨ ਮਹੱਤਵਪੂਰਨ ਭੂਮਿਕਾ ਨਿਭਾਈ। ਗੁਰਦੇ ਦੀ ਟ੍ਰਾਂਸਪਲਾਂਟ ਸਰਜਰੀ ਡਾ. ਵਿਕਾਸ ਕੁਮਾਰ ਅਤੇ ਡਾ. ਹਰਮਨਦੀਪ ਸਿੰਘ ਚਾਹਲ ਵੱਲੋਂ ਕੀਤੀ ਗਈ। ਇਸ ਮੌਕੇ ਤੇ ਦਿਆਨੰਦ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਡਾ. ਜੀ.ਐਸ. ਵਾਂਡਰ ਨੇ ਦਾਤਾ ਪਰਿਵਾਰ ਪ੍ਰਤੀ ਗਹਿਰੀ ਕਦਰ ਜਤਾਈ: "ਗਮ ਦੇ ਵੇਲੇ ਪਰਿਵਾਰ ਨੇ ਜੋ ਹਿੰਮਤ ਦਿਖਾਈ, ਉਹ ਬਹੁਤ ਹੀ ਪ੍ਰੇਰਣਾਦਾਇਕ ਅਤੇ ਨਮਰਤਾ ਭਰੀ ਹੈ। ਦਿਆਨੰਦ ਮੈਡੀਕਲ ਕਾਲਜ ਹਸਪਤਾਲ ਮੈਨੇਜਮੈਂਟ ਸੋਸਾਇਟੀ ਦੇ ਸਕੱਤਰ ਸ਼੍ਰੀ ਬਿਪਿਨ ਗੁਪਤਾ ਨੇ ਵੀ ਮੈਡੀਕਲ ਟੀਮ ਅਤੇ ਦਾਤਾ ਪਰਿਵਾਰ ਦੀ ਸਲਾਹਣਾ ਕੀਤੀ।ਡਾ. ਸੰਦੀਪ ਸ਼ਰਮਾ, ਮੈਡੀਕਲ ਸੁਪਰਡੈਂਟ ਨੇ ਕਿਹਾ: "ਇਹ ਸਫਲ ਅੰਗਦਾਨ ਅਤੇ ਟ੍ਰਾਂਸਪਲਾਂਟ ਕੇਸ ਟੀਮ ਵਰਕ, ਨੈਤਿਕ ਮੈਡੀਕਲ ਪ੍ਰੈਕਟਿਸ ਅਤੇ ਜਨਤਾ ਵਿੱਚ ਜਾਗਰੂਕਤਾ ਦੀ ਮਹੱਤਤਾ ਨੂੰ ਦਰਸਾਉਂਦਾ ਹੈ।

# ਜੌੜਾ ਨੇ ਚੰਨੀ ਨਾਲ ਮੁਲਾਕਾਤ ਕਰਕੇ ਲੁਧਿਆਣਾ ਜਿਮਨੀ ਚੋਣ ਦੀਆਂ ਰਣਨੀਤੀਆਂ 'ਤੇ ਕੀਤੀ ਚਰਚਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਜ਼ੀਰਾ 3 ਜੂਨ ( ਅੰਗਰੇਜ਼ ਬਰਾੜ ) - ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਲੁਧਿਆਣਾ ਵੈਸਟ ਵਿਧਾਨ ਸਭਾ ਜਿਮਨੀ ਚੋਣ ਵਿੱਚ ਕਾਂਗਰਸ ਦੇ ਉਮੀਦਵਾਰ ਅਤੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦੇ ਹੱਕ ਵਿੱਚ ਤਨਦੇਹੀ ਨਾਲ ਪ੍ਰਚਾਰ ਕਰ ਰਹੇ ਹਨ। ਇਸੇ ਸਿਲਸਿਲੇ ਵਿੱਚ ਉਨ੍ਹਾਂ ਨੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਦੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਦੋਵਾਂ ਨੇਤਾਵਾਂ ਨੇ ਜਿਮਨੀ ਚੋਣ ਦੀਆਂ ਰਣਨੀਤੀਆਂ ਅਤੇ ਕਾਂਗਰਸ ਪਾਰਟੀ ਦੀ ਮੌਜੂਦਾ ਸਥਿਤੀ 'ਤੇ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ।

ਸੁਰਿੰਦਰ ਸਿੰਘ ਜੌੜਾ ਜੋ ਕਾਂਗਰਸ ਦੇ ਸਰਗਰਮ ਮੈਂਬਰ ਹਨ, ਨੇ ਚੰਨੀ ਨਾਲ ਮੁਲਾਕਾਤ ਵਿੱਚ ਲੁਧਿਆਣਾ ਵੈਸਟ ਦੀ ਚੋਣ ਨੂੰ ਲੈ ਕੇ ਪਾਰਟੀ ਦੀਆਂ ਤਿਆਰੀਆਂ 'ਤੇ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਭੂਸ਼ਣ ਆਸ਼ੂ ਜੋ ਲੁਧਿਆਣਾ ਵੈਸਟ ਤੋਂ ਦੋ ਵਾਰ ਵਿਧਾਇਕ ਰਹਿ ਚੁੱਕੇ ਹਨ, ਨੂੰ ਜਨਤਾ ਦਾ ਵਿਸ਼ਾਲ ਸਮਰਥਨ ਹਾਸਲ ਹੈ। ਜੌੜਾ ਨੇ ਕਿਹਾ ਕਿ ਆਸ਼ੂ ਨੇ ਸੂਬੇ ਵਿੱਚ ਮੰਤਰੀ ਵਜੋਂ ਅਤੇ ਵਿਧਾਇਕ ਵਜੋਂ ਲੁਧਿਆਣਾ ਦੇ ਵਿਕਾਸ ਲਈ ਅਹਿਮ ਯੋਗਦਾਨ ਪਾਇਆ ਹੈ। ਅਸੀਂ ਪਾਰਟੀ ਵਰਕਰਾਂ ਨਾਲ ਮਿਲ ਕੇ ਪੂਰੀ ਤਾਕਤ ਨਾਲ ਉਨ੍ਹਾਂ ਦੀ ਜਿੱਤ ਯਕੀਨੀ ਬਣਾਵਾਂਗੇ।

ਚਰਨਜੀਤ ਸਿੰਘ ਚੰਨੀ, ਜੋ ਲੁਧਿਆਣਾ ਵੈਸਟ ਜਿਮਨੀ ਚੋਣ ਵਿੱਚ ਆਸ਼ੂ ਦੇ ਪ੍ਰਚਾਰ ਲਈ ਪਹਿਲਾਂ ਹੀ ਸਰਗਰਮ ਹਨ, ਨੇ ਜੌੜਾ ਨਾਲ ਮੁਲਾਕਾਤ ਵਿੱਚ ਪਾਰਟੀ ਦੀ ਏਕਤਾ ਅਤੇ ਜਨਤਕ ਮੁੱਦਿਆਂ 'ਤੇ ਜ਼ੋਰ ਦਿੱਤਾ। ਚੰਨੀ ਨੇ ਕਿਹਾ ਕਿ ਲੁਧਿਆਣਾ ਵੈਸਟ ਦੀ ਜਨਤਾ ਆਮ ਆਦਮੀ ਪਾਰਟੀ (ਆਪ) ਦੀਆਂ ਅਸਫਲ ਨੀਤੀਆਂ ਤੋਂ ਤੰਗ ਆ ਚੁੱਕੀ ਹੈ। ਕਾਂਗਰਸ ਪਾਰਟੀ ਇਸ ਚੋਣ ਵਿੱਚ ਜਨਤਕ ਮੁੱਦਿਆਂ ਨੂੰ ਉਠਾਏਗੀ ਅਤੇ ਆਸ਼ੂ ਦੀ ਜਿੱਤ ਨਾਲ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮਜ਼ਬੂਤ ਸੁਨੇਹਾ ਦੇਵੇਗੀ

ਮੁਲਾਕਾਤ ਦੌਰਾਨ ਦੋਵਾਂ ਨੇਤਾਵਾਂ ਨੇ ਚੋਣ ਪ੍ਰਚਾਰ ਦੀਆਂ ਰਣਨੀਤੀਆਂ 'ਤੇ ਵਿਚਾਰ ਕੀਤਾ, ਜਿਸ ਵਿੱਚ ਘਰ-ਘਰ ਜਾ ਕੇ ਪ੍ਰਚਾਰ, ਜਨ ਸਭਾਵਾਂ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਸ਼ਾਮਲ ਹਨ। ਜੌੜਾ ਨੇ ਸੁਝਾਅ ਦਿੱਤਾ ਕਿ ਨੌਜਵਾਨ ਵੋਟਰਾਂ ਅਤੇ ਵਪਾਰੀ ਵਰਗ ਨੂੰ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ, ਕਿਉਂਕਿ ਲੁਧਿਆਣਾ ਵੈਸਟ ਇੱਕ ਸ਼ਹਿਰੀ ਹਲਕਾ ਹੈ, ਜਿੱਥੇ ਵਪਾਰੀ ਅਤੇ ਹਿੰਦੂ ਵੋਟਰਾਂ ਦੀ ਗਿਣਤੀ ਵੱਡੀ ਹੈ।

ਚੰਨੀ ਨੇ ਜੌੜਾ ਦੀ ਸਰਗਰਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਾਰਟੀ ਦੇ ਅਜਿਹੇ ਸਮਰਪਿਤ ਵਰਕਰ ਹੀ ਕਾਂਗਰਸ ਦੀ ਤਾਕਤ ਹਨ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਆਸ਼ੂ ਨੂੰ ਜਿਤਾਉਣ ਲਈ ਸਾਰੇ ਵਰਕਰ ਇੱਕਜੁੱਟ ਹੋ ਕੇ ਕੰਮ ਕਰਨ। ਇਸ ਮੁਲਾਕਾਤ ਨੇ ਪਾਰਟੀ ਦੀ ਅੰਦਰੂਨੀ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ, ਜੋ ਚੋਣ ਵਿੱਚ ਸਫਲਤਾ ਲਈ ਜ਼ਰੂਰੀ ਮੰਨੀ ਜਾ ਰਹੀ ਹੈ।

# ਬੀਬੀ ਗੁਲਾਬ ਕੌਰ ਨੂੰ ਸਮਰਪਤ ਹੋਏਗਾ 34ਵਾਂ ਮੇਲਾ ਗ਼ਦਰੀ ਬਾਬਿਆਂ ਦਾ

## 28 ਜੂਨ ਭਖ਼ਦੇ ਮੁੱਦਿਆਂ 'ਤੇ ਹੋਏਗੀ ਵਿਚਾਰ-ਚਰਚਾ, ਮਾਓਵਾਦੀ ਆਗੂਆਂ ਅਤੇ ਆਦਿਵਾਸੀਆਂ ਸਮੇਤ ਵਿਛੜੇ ਸੰਗਰਾਮੀਆਂ ਨੂੰ ਦਿੱਤੀ ਸ਼ਰਧਾਂਜ਼ਲੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਜਲੰਧਰ (ਸਤਨਾਮ ਸਿੰਘ ਸਹੂੰਗੜਾ)

ਗ਼ਦਰ ਲਹਿਰ ਦੀ ਸਿਰਮੌਰ ਵੀਰਾਂਗਣਾ, ਗ਼ਦਰੀ ਗੁਲਾਬ ਬੀਬੀ ਗੁਲਾਬ ਕੌਰ ਦੇ ਵਿਛੋੜੇ ਦੀ 100ਵੀਂ ਵਰ੍ਹੇ ਗੰਢ ਨੂੰ ਸਮਰਪਤ ਹੋਏਗਾ 34ਵਾਂ ਮੇਲਾ ਗ਼ਦਰੀ ਬਾਬਿਆਂ ਦਾ।

ਹਰ ਸਾਲ ਨਵੀਆਂ ਬੁਲੰਦੀਆਂ ਨੂੰ ਛੋਹੰਦਾ ਮੇਲਾ ਗ਼ਦਰੀ ਬਾਬਿਆਂ ਦਾ, ਇਸ ਵਰ੍ਹੇ ਗ਼ਦਰੀ ਗੁਲਾਬ ਕੌਰ ਦੀ ਸੰਗਰਾਮੀ ਜੀਵਨ ਗਾਥਾ ਦੇ ਹਵਾਲੇ ਨਾਲ ਸਾਡੇ ਸਮਿਆਂ ਅੰਦਰ ਵੰਨ-ਸੁਵੰਨੀ ਗ਼ੁਲਾਮੀ, ਵਿਤਕਰੇ, ਨਿਰਾਦਰ ਅਤੇ ਸਿਤਮ ਹੰਢਾਉਂਦੇ ਔਰਤ ਵਰਗ ਲਈ ਉੱਘੜਵਾਂ ਸੁਨੇਹਾ ਦੇਵੇਗਾ ਕਿ ਮਿਹਨਤਕਸ਼ ਸਮੂਹ ਤਬਕਿਆਂ ਦੇ ਮੋਢੇ ਸੰਗ ਮੋਢਾ ਜੋੜਕੇ ਗ਼ਦਰੀ ਗੁਲਾਬ ਕੌਰ ਵਰਗੀ ਮਚਲਦੀ ਭਾਵਨਾ ਨਾਲ ਲੋਕਾਂ ਦੇ ਵਿਹੜੇ ਨਵੀਂ ਬਸੰਤ ਰੁੱਤ ਲਿਆਉਣ ਲਈ ਲੋਕ ਸੰਗਰਾਮ ਦਾ ਰਾਹ ਹੀ ਇੱਕੋ ਇੱਕ ਸੁਵੱਲੜਾ ਰਾਹ ਹੈ। ਅੱਜ ਦੇਸ਼ ਭਗਤ ਯਾਦਗਾਰ ਕਮੇਟੀ ਦੇ ਬੋਰਡ ਆਫ਼ ਟਰੱਸਟ ਦੀ ਮੀਟਿੰਗ 'ਚ ਉਪਰੋਕਤ ਸੰਕਲਪ ਦੁਹਰਾਉਂਦਿਆਂ ਫੈਸਲਾ ਕੀਤਾ ਗਿਆ ਕਿ ਹੁਣ ਤੋਂ ਹੀ ਦੇਸ਼-ਬਦੇਸ਼ ਵਸਦੇ



ਗ਼ਦਰੀ ਸੰਗਰਾਮੀਆਂ ਦੇ ਵਾਰਸਾਂ ਵੱਲੋਂ ਥਾਓਂ-ਥਾਈਂ ਸਮਾਗਮ, ਪ੍ਰਚਾਰ ਮੁਹਿੰਮ ਅਤੇ ਕਾਫ਼ਲੇ ਬੰਨ੍ਹਕੇ ਪਹਿਲੀ ਨਵੰਬਰ 2025 ਨੂੰ ਸਿਖ਼ਰਾਂ ਛੋਹਣ ਵਾਲੇ ਮੇਲੇ ਵਿੱਚ ਹੁੰਮ-ਹੁੰਮਾ ਕੇ ਸ਼ਾਮਲ ਹੋਣ ਲਈ ਜ਼ੋਰਦਾਰ ਤਿਆਰੀਆਂ ਆਰੰਭ ਦੇਣੀਆਂ ਚਾਹੀਦੀਆਂ ਹਨ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਵਿੱਤ ਸਕੱਤਰ ਸੀਤਲ ਸਿੰਘ ਸੰਘਾ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਪ੍ਰੈਸ ਨਾਲ ਅੱਜ ਦੀ ਮੀਟਿੰਗ ਦੇ ਫੈਸਲੇ ਸਾਂਝੇ ਕਰਦਿਆਂ ਦੱਸਿਆ ਕਿ 28 ਜੂਨ ਦਿਨ ਸ਼ਨਿਚਰਵਾਰ, ਦੇਸ਼ ਭਗਤ ਯਾਦਗਾਰ ਹਾਲ ਅੰਦਰ ਬਣੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ ਬਹੁਤ ਹੀ ਭਖ਼ਦੇ ਮੁੱਦਿਆਂ ਉਪਰ ਵਿਸ਼ੇਸ਼ ਵਿਚਾਰ-ਚਰਚਾ ਕੀਤੀ ਜਾਏਗੀ, ਜਿਸ ਵਿੱਚ ਖ਼ਾਸ ਕਰਕੇ ਵਿਸ਼ਵ ਬੈਂਕ, ਵਿਸ਼ਵ ਵਪਾਰ ਸੰਸਥਾ, ਵਿਸ਼ਵ ਅਤੇ ਦੇਸ਼ੀ ਕਾਰਪੋਰੇਟ ਘਰਾਣਿਆਂ ਵੱਲੋਂ ਸਾਡੇ ਮੁਲਕ ਦੇ ਜੰਗਲ, ਜਲ, ਜ਼ਮੀਨ, ਸਿੱਖਿਆ, ਸਿਹਤ, ਰੁਜ਼ਗਾਰ, ਸਾਹਿਤ, ਸਭਿਆਚਾਰ, ਬੋਲੀ ਆਦਿ ਉਪਰ ਮੁਕੰਮਲ ਜੱਫਾ ਮਾਰਨ ਅਤੇ ਲੋਕ ਆਵਾਜ਼ ਦੀ ਮੂਲੋਂ ਸੰਘੀ ਨੱਪਣ ਲਈ ਵੰਨ ਸੁਵੰਨੇ ਲੇਵਲਾਂ ਹੇਠ ਬੋਲੇ ਫ਼ਿਰਕੂ ਫਾਸ਼ੀ ਹੱਲੇ ਖਿਲਾਫ਼ ਗੰਭੀਰ ਵਿਚਾਰ-ਚਰਚਾ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਦਾ ਕਾਰਜ਼ ਹੋਰ ਵੀ ਸ਼ਿੱਦਤ ਨਾਲ ਹੱਥ ਲਿਆ ਜਾਵੇਗਾ। ਮੀਟਿੰਗ 'ਚ ਸ਼ਹੀਦ ਕਰਤਾਰ ਸਿੰਘ ਸਰਾਭਾ ਮੰਚ ਅਤੇ ਜੀ.ਟੀ. ਰੋਡ ਦੀ ਤਰਫ਼ ਗ਼ਦਰੀ ਦੇਸ਼ ਭਗਤਾਂ ਅਤੇ ਇਨਕਲਾਬੀਆਂ ਦੇ ਭੁੱਲੇ ਵਿਸਰੇ ਨਗ਼ਮੇ ਗੂੰਜਣ ਲਾਉਣ ਅਤੇ ਦੇਸ਼ ਭਗਤ ਯਾਦਗਾਰ ਹਾਲ ਦੇ ਸਾਰੇ ਸੈਮੀਨਾਰ ਅਤੇ ਆਡੀਟੋਰੀਅਮ ਹਾਲਾਂ ਵਿੱਚ ਸਾਊਂਡ ਸਿਸਟਮ ਲਾਉਣ ਦੇ ਫੈਸਲੇ ਨੂੰ ਅਮਲੀ ਜਾਮਾ ਪਹਿਨਾਉਣ ਦੇ ਕਾਰਜ ਤਰਜੀਹ ਦੇ ਆਧਾਰ 'ਤੇ ਹੱਥ ਲੈਣ ਦਾ ਮਤਾ ਪਾਸ ਕੀਤਾ ਗਿਆ। ਸਾਊਂਡ ਸਿਸਟਮ ਲਈ ਵਿਸ਼ੇਸ਼ ਆਰਥਿਕ ਸਹਾਇਤਾ ਕਰਨ ਲਈ ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ ਦਾ ਧੰਨਵਾਦ ਕੀਤਾ ਗਿਆ। ਬੋਰਡ ਆਫ਼ ਟਰੱਸਟ ਨੇ ਖੜ੍ਹੇ ਹੋ ਕੇ ਸੀ.ਪੀ.ਆਈ. ਮਾਓਵਾਦੀ ਦੇ ਜਨਰਲ ਸਕੱਤਰ ਕਾਮਰੇਡ ਕੇਸ਼ਵ ਰਾਓ ਅਤੇ ਔਰਤ ਕਾਮਰੇਡਾਂ ਸਮੇਤ ਦਰਜਨਾਂ ਕਮਿਊਨਿਸਟ ਇਨਕਲਾਬੀਆਂ ਨੂੰ ਸੂਹੀ ਸ਼ਰਧਾਂਜ਼ਲੀ ਦਿੱਤੀ ਗਈ। ਇਸ ਤੋਂ ਇਲਾਵਾ ਆਰ.ਐਮ.ਪੀ.ਆਈ. ਗੁਰਦਾਸਪੁਰ ਦੇ ਕਾਮਰੇਡ ਦਰਸ਼ਨ ਸਿੰਘ, ਸੇਵਾ ਸਿੰਘ ਨਵੀਪੁਰ ਤਰਨਤਾਰਨ ਪੱਟੀ, ਪ੍ਰੇਮ ਸਿੰਘ ਮੰਢਾਲੀ ਨੂੰ ਵੀ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਮੀਟਿੰਗ 'ਚ ਇਹ ਵੀ ਫੈਸਲਾ ਕੀਤਾ ਗਿਆ ਕਿ ਜੂਨ ਮਹੀਨੇ ਝੋਨੇ ਦੀ ਲੁਆਈ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਸਿਖਿਆਰਥੀ ਚੇਤਨਾ ਕੈਂਪ ਸਤੰਬਰ ਮਹੀਨੇ ਦੇਸ਼ ਭਗਤ ਯਾਦਗਾਰ ਹਾਲ 'ਚ ਲਗਾਇਆ ਜਾਏਗਾ। ਅੱਜ ਦੀ ਮੀਟਿੰਗ 'ਚ ਅਹੁਦੇਦਾਰਾਂ ਤੋਂ ਇਲਾਵਾ, ਸੀਨੀਅਰ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਡਾ. ਪਰਮਿੰਦਰ ਸਿੰਘ, ਹਰਦੇਵ ਸਿੰਘ ਅਰਸ਼ੀ, ਗੁਰਮੀਤ ਸਿੰਘ, ਰਣਜੀਤ ਸਿੰਘ ਔਲਖ, ਪ੍ਰਗਟ ਸਿੰਘ ਜਾਮਾਰਾਏ ਵੀ ਮੌਜੂਦ ਸਨ।

# ਵਿਧਾਇਕ ਜਿੰਪਾ ਨੇ ਵਾਰਡ ਨੰਬਰ 4 ਦੇ ਸ਼ਿਵ ਸ਼ਕਤੀ ਨਗਰ ਵਿਚ ਸੜਕ ਨਿਰਮਾਣ ਕਾਰਜ ਦਾ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਅੱਜ ਵਾਰਡ ਨੰਬਰ 4 ਦੇ ਮਹਾਰਾਣਾ ਪ੍ਰਤਾਪ ਭਵਨ ਨੇੜੇ ਸਥਿਤ ਸ਼ਿਵ ਸ਼ਕਤੀ ਨਗਰ ਵਿਚ 30 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੜਕ ਨਿਰਮਾਣ ਪ੍ਰੋਜੈਕਟ ਦਾ ਰਸਮੀ ਉਦਘਾਟਨ ਕੀਤਾ। ਵਿਧਾਇਕ ਜਿੰਪਾ ਨੇ ਕਿਹਾ ਕਿ ਇਹ ਸੜਕ ਸਥਾਨਕ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ, ਜਿਸ ਨੂੰ




ਹੁਣ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਵਿਚ ਹੋਰ ਅਧੂਰੇ ਵਿਕਾਸ ਕਾਰਜਾਂ ਨੂੰ ਵੀ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸਪੱਸ਼ਟ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਨਿਰਮਾਣ ਕਾਰਜ ਵਿਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਗੁਣਵੱਤਾ ਦੀ ਘਾਟ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਨਤਾ ਦੀਆਂ ਸਹੂਲਤਾਂ ਲਈ ਜਾਰੀ ਕੀਤੇ ਗਏ ਫੰਡਾਂ ਦੀ ਪੂਰੀ ਵਰਤੋਂ ਕੀਤੀ ਜਾਵੇ। ਉਨ੍ਹਾਂ ਠੇਕੇਦਾਰ ਅਤੇ ਸਬੰਧਤ ਵਿਭਾਗ ਨੂੰ ਨਿਰਧਾਰਿਤ ਸਮਾਂ ਸੀਮਾ ਦੇ ਅੰਦਰ ਸੜਕ ਦਾ ਕੰਮ ਪੂਰਾ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਲੋਕਾਂ ਨੂੰ ਬਾਰਿਸ਼ਾਂ ਤੋਂ ਪਹਿਲਾਂ ਇਸ ਦਾ ਲਾਭ ਮਿਲ ਸਕੇ।ਸੜਕ ਨਿਰਮਾਣ ਕਾਰਜ ਸ਼ੁਰੂ ਹੋਣ ਨਾਲ ਸਥਾਨਕ ਨਿਵਾਸੀਆਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ। ਲੋਕਾਂ ਨੇ ਵਿਧਾਇਕ ਜਿੰਪਾ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਉਨ੍ਹਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਇਲਾਕੇ ਦੇ ਸਮੁੱਚੇ ਵਿਕਾਸ ਨੂੰ ਵੀ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਰਣਜੀਤ ਚੌਧਰੀ, ਸੁਮੇਸ਼ ਸੋਨੀ, ਵਰਿੰਦਰ ਵੈਦਿਆ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਸੈਣੀ ਜਾਗ੍ਰਿਤੀ ਮੰਚ ਨੇ ਸੰਦੀਪ ਸੈਣੀ ਨੂੰ 'ਆਪ' ਦਾ ਸੂਬਾ ਸਕੱਤਰ ਬਣਨ 'ਤੇ ਸਨਮਾਨਿਤ ਕੀਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਸੈਣੀ ਜਾਗ੍ਰਿਤੀ ਮੰਚ ਪੰਜਾਬ ਨੇ ਮੰਚ ਦੇ ਸਰਪ੍ਰਸਤ ਅਤੇ ਬੈਂਕਫਿਕੋ ਦੇ ਚੇਅਰਮੈਨ ਸੰਦੀਪ ਸੈਣੀ ਨੂੰ 'ਆਪ' ਵੱਲੋਂ ਸੂਬਾ ਸਕੱਤਰ ਨਿਯੁਕਤ ਕੀਤੇ ਜਾਣ 'ਤੇ ਸਨਮਾਨਿਤ ਕੀਤਾ। ਇਸ ਮੌਕੇ ਅਧਿਕਾਰੀਆਂ ਨੇ ਸੰਦੀਪ ਸੈਣੀ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ 'ਆਪ' ਨੇ ਸੰਦੀਪ ਸੈਣੀ ਨੂੰ ਪਹਿਲਾਂ ਚੇਅਰਮੈਨ ਅਤੇ ਹੁਣ ਸੂਬਾ



ਸਕੱਤਰ ਨਿਯੁਕਤ ਕਰਕੇ ਸੈਣੀ ਭਾਈਚਾਰੇ ਦਾ ਮਾਣ ਵਧਾਇਆ ਹੈ ਅਤੇ ਉਨ੍ਹਾਂ ਨੂੰ ਸੰਦੀਪ ਸੈਣੀ 'ਤੇ ਮਾਣ ਹੈ। ਉਨ੍ਹਾਂ ਕਿਹਾ ਕਿ ਸੰਦੀਪ ਸੈਣੀ ਲੰਬੇ ਸਮੇਂ ਤੋਂ ਸਮਾਜ ਦੇ ਹਰ ਵਰਗ ਦੇ ਭਲਾਈ ਅਤੇ ਲੋਕ ਭਲਾਈ ਦੇ ਕੰਮਾਂ ਨਾਲ ਜੁੜੇ ਹੋਏ ਹਨ ਅਤੇ ਸਮਾਜ ਵਿਰੋਧੀ ਗਤੀਵਿਧੀਆਂ ਦਾ ਸਖ਼ਤ ਵਿਰੋਧ ਕਰਨਾ ਉਨ੍ਹਾਂ ਦੇ ਸੁਭਾਅ ਵਿੱਚ ਹੈ। ਇਸ ਮੌਕੇ ਸੰਦੀਪ ਸੈਣੀ ਨੇ ਫੋਰਮ ਦੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਹੀ ਉਨ੍ਹਾਂ ਦਾ ਇੱਕੋ ਇੱਕ ਉਦੇਸ਼ ਹੈ ਅਤੇ ਟਰਾਂਸਕੋ ਵੀ ਉਹ ਇਸ ਉਦੇਸ਼ ਨੂੰ ਪ੍ਰਾਪਤ ਕਰਨ ਲਈ ਨਿਰੰਤਰ ਯਤਨਸ਼ੀਲ ਰਹਿਣਗੇ। ਇਸ ਮੌਕੇ ਕੁਲਵੰਤ ਸਿੰਘ ਸੈਣੀ, ਪ੍ਰੇਮ ਸੈਣੀ, ਪਰਵੀਨ ਸੈਣੀ ਸੀਨੀਅਰ ਡਿਪਟੀ ਮੇਅਰ, ਹਰਿੰਦਰ ਸੈਣੀ, ਹਰਵਿੰਦਰ ਸਿੰਘ ਸੈਣੀ, ਪਿਆਰੇ ਲਾਲ ਸੈਣੀ, ਸੁਰਿੰਦਰਪਾਲ ਕੌਰ ਸੈਣੀ, ਕ੍ਰਿਪਾਲ ਸਿੰਘ ਪਾਲੀ ਸੈਣੀ, ਪ੍ਰਭਜੋਤ ਸੈਣੀ, ਅਰਵਿੰਦ ਸੈਣੀ ਰੋਮੀ, ਸ਼੍ਰੀ ਕ੍ਰਿਸ਼ਨ ਸੈਣੀ, ਭੁਪਿੰਦਰ ਸੈਣੀ, ਨਰੇਸ਼ ਸੈਣੀ, ਹਰਜੀਤ ਸਿੰਘ ਸੈਣੀ, ਹਰਜੀਤ ਸਿੰਘ ਸੈਣੀ, ਹਰਜੀਤ ਸਿੰਘ ਸੈਣੀ, ਐਨ. ਸਿੰਘ ਸੈਣੀ ਭੂਪਾ, ਸੁਖਪ੍ਰੀਤ ਸਿੰਘ ਸੈਣੀ, ਅਜੇ ਸੈਣੀ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਤੀਰਅੰਦਾਜ਼ ਪਰਨੀਤ ਕੌਰ ਨੇ ਚੀਨ ਦੇ ਚੇਂਗਦੂ ਵਿੱਚ ਹੋਣ ਵਾਲ਼ੀਆਂ 'ਵਰਲਡ ਗੇਮਜ਼ 2025' ਲਈ ਬਣਾਈ ਜਗ੍ਹਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਪਟਿਆਲਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਪੰਜਾਬੀ ਯੂਨੀਵਰਸਿਟੀ ਨੂੰ ਤੀਰਅੰਦਾਜ਼ੀ ਦੇ ਹਵਾਲੇ ਨਾਲ਼ ਦੋ ਖੁਸ਼ੀ ਵਾਲੀਆਂ ਖ਼ਬਰਾਂ ਪ੍ਰਾਪਤ ਹੋਈਆਂ ਹਨ। ਯੂਨੀਵਰਸਿਟੀ ਦੀ ਹੋਣਹਾਰ ਤੀਰਅੰਦਾਜ਼ ਪਰਨੀਤ ਕੌਰ ਨੇ ਸੋਨੀਪਤ ਵਿਖੇ ਹੋਏ 'ਵਰਲਡ ਗੇਮਜ਼ 2025' ਦੇ ਟਰਾਇਲ ਦੌਰਾਨ ਪਹਿਲਾ ਸਥਾਨ ਹਾਸਲ ਕਰ ਕੇ ਚੀਨ ਦੇ ਚੇਂਗਦੂ ਸ਼ਹਿਰ ਵਿੱਚ 7 ਅਗਸਤ ਤੋਂ 17 ਅਗਸਤ 2025 ਤੱਕ ਹੋਣ ਵਾਲੀਆਂ ਇਨ੍ਹਾਂ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਲਈ ਆਪਣੀ ਥਾਂ ਬਣਾ ਲਈ ਹੈ। ਉਸ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ਼ ਭਾਰਤ ਲਈ ਕੋਟਾ ਸਥਾਨ ਵੀ ਜਿੱਤਿਆ ਹੈ।ਡਾਇਰੈਕਟਰ ਸਪੋਰਟਸ ਡਾ.ਗੁਰਦੀਪ ਕੌਰ ਰੰਧਾਵਾ ਨੇ ਇਹ ਜਣਕਾਰੀ ਦਿੰਦਿਆਂ ਦੱਸਿਆ ਕਿ ਓਧਰ ਦੂਜੇ ਪਾਸੇ ਯੂਨੀਵਰਸਿਟੀ ਦੀ ਤੀਰਅੰਦਾਜ਼ ਪੂਜਾ ਨੇ ਇਟਲੀ ਦੇ ਰੋਮ ਵਿਖੇ ਹੋਏ 'ਯੂਰਪੀਅਨ ਪੈਰਾ ਆਰਚਰੀ ਵਰਲਡ ਰੈਂਕਿੰਗ ਟੂਰਨਾਮੈਂਟ' ਵਿੱਚ ਤਿੰਨ ਤਗ਼ਮੇ ਜਿੱਤ ਲਏ ਹਨ। ਉਸ ਨੇ ਵਿਅਕਤੀਗਤ ਤੌਰ ਉੱਤੇ ਕਾਂਸੀ ਤਗ਼ਮਾ, ਵਿਮੈਨ'ਜ਼ ਡਬਲ ਟੀਮ ਵਿੱਚ ਕਾਂਸੀ ਤਗ਼ਮਾ ਅਤੇ ਮਿਕਸਡ ਟੀਮ ਵਿੱਚ ਚਾਂਦੀ ਤਗ਼ਮਾ ਜਿੱਤਿਆ ਹੈ।ਵਾਈਸ ਚਾਂਸਲਰ ਡਾ.ਜਗਦੀਪ ਸਿੰਘ ਨੇ ਦੋਹੇਂ ਖਿਡਾਰੀ ਲੜਕੀਆਂ ਅਤੇ ਉਨ੍ਹਾਂ ਦੇ ਕੋਚ ਸਰਿੰਦਰ ਸਿੰਘ ਰੰਧਾਵਾ ਨੂੰ ਇਸ ਉਪਲਬਧੀ ਉੱਤੇ ਵਧਾਈ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਦੇ ਹੋਣਹਾਰ ਖਿਡਾਰੀ ਯੂਨੀਵਰਸਿਟੀ ਦੀ ਸ਼ਾਨ ਹਨ ਜੋ ਅੰਤਰਰਾਸ਼ਟਰੀ ਪੱਧਰ ਉੱਤੇ ਯੂਨੀਵਰਸਿਟੀ ਦੇ ਵੱਕਾਰ ਨੂੰ ਹੋਰ ਉਚਾ ਚੁੱਕਣ ਲਈ ਆਪਣੀਆਂ ਪ੍ਰਾਪਤੀਆਂ ਦੇ ਝੰਡੇ ਗੱਡ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਹੋਰ ਵੀ ਮਾਣ ਵਾਲ਼ੀ ਗੱਲ ਹੈ ਕਿ ਦੋਹੇਂ ਤਾਜ਼ਾ ਪ੍ਰਾਪਤੀਆਂ ਪੰਜਾਬੀ ਯੂਨੀਵਰਸਿਟੀ ਦੀਆਂ ਧੀਆਂ ਨੇ ਕੀਤੀਆਂ ਹਨ। ਉਨ੍ਹਾਂ




ਕਿਹਾ ਕਿ ਯੂਨੀਵਰਸਿਟੀ ਵਿੱਚ ਬਿਹਤਰ ਅਕਾਦਮਿਕ ਮਾਹੌਲ ਦੇ ਨਾਲ਼ ਨਾਲ਼ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਵਾਲ਼ੇ ਮਾਹੌਲ ਦੀ ਸਿਰਜਣਾ ਲਈ ਹਰ ਸੰਭਵ ਕਦਮ ਉਠਾਏ ਜਾਣਗੇ ਤਾਂ ਕਿ ਭਵਿੱਖ ਵਿੱਚ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਦੀ ਇਹ ਲੜੀ ਹੋਰ ਲੰਬੀ ਹੋ ਸਕੇ।

# ਫੂਡ ਸੇਫਟੀ ਟੀਮ ਨੇ ਅਲਕੋਹਲ ਯੁਕਤ ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ ( ਸਤਨਾਮ ਸਿੰਘ ਸਹੂੰਗੜਾ) ਮਾਣਯੋਗ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਸ੍ਰੀ ਦਿਲਰਾਜ ਸਿੰਘ ਆਈਏਐਸ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ ਪਵਨ ਕੁਮਾਰ ਸ਼ਗੋਤਰਾ ਦੇ ਹੁਕਮਾਂ ਅਤੇ ਜ਼ਿਲਾ ਸਿਹਤ ਅਫ਼ਸਰ ਡਾ. ਜਤਿੰਦਰ ਭਾਟੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮਾਂ ਵੱਲੋ ਲੋਕਾਂ ਨੂੰ ਵਧੀਆ ਖਾਧ ਪਦਾਰਥ ਮੁੱਹਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਸੇ ਤਹਿਤ ਫੂਡ ਸੇਫਟੀ ਅਫਸਰ ਵਿਵੇਕ ਕੁਮਾਰ



ਤੇ ਟੀਮ ਵੱਲੋਂ ਹੁਸ਼ਿਆਰਪੁਰ ਸ਼ਹਿਰ ਦੇ ਅਤੇ ਫੂਡ ਸੇਫਟੀ ਅਫ਼ਸਰ ਅਭਿਨਵ ਕੁਮਾਰ ਵੱਲੋਂ ਮਾਹਿਲਪੁਰ ਤੇ ਗੜ੍ਹਸ਼ੰਕਰ ਦੇ ਵੱਖ-ਵੱਖ ਰੈਸਟੋਰੈਂਟਾਂ ਅਤੇ ਬੀਅਰ ਬਾਰਾਂ ਦੀ ਚੈਕਿੰਗ ਕੀਤੀ ਗਈ ਅਤੇ ਪਾਨ-ਮਸਾਲਾ ਅਤੇ ਅਲਕੋਹਲ ਯੁਕਤ ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ ਗਏ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਫੂਡ ਸੇਫਟੀ ਅਫਸਰ ਵਿਵੇਕ ਕੁਮਾਰ ਅਤੇ ਅਭਿਨਵ ਕੁਮਾਰ ਨੇ ਦੱਸਿਆ ਕਿ ਇਹਨਾਂ ਰੈਸਟੋਰੈਂਟਾਂ ਅਤੇ ਬੀਅਰ ਬਾਰਾਂ ਦੀ ਚੈਕਿੰਗ ਦੌਰਾਨ ਪਾਨ-ਮਸਾਲਾ ਅਤੇ ਅਲਕੋਹਲ ਯੁਕਤ ਪੀਣ ਵਾਲੇ ਪਦਾਰਥਾਂ ਦੇ ਜੋ ਸੈਂਪਲ ਭਰੇ ਗਏ ਹਨ ਉਹ ਲੈਬ ਟੈਸਟ ਲਈ ਭੇਜ ਦਿੱਤੇ ਗਏ ਹਨ ਅਤੇ ਰਿਪੋਰਟ ਆਉਣ 'ਤੇ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਦੌਰਾਨ ਰੈਸਟੋਰੈਂਟਅਤੇ ਬੀਅਰ ਬਾਰ ਦੇ ਮਾਲਕਾਂ ਨੂੰ ਖਾਧ ਪਦਾਰਥ ਬਣਾਉਣ ਵਾਲੀਆਂ ਥਾਵਾਂ ਨੂੰ ਸਾਫ ਰੱਖਣ ਅਤੇ ਖਾਣਾ ਐਫ਼ ਐਸ ਐਸ ਏ ਆਈ ਦੇ ਮਿਆਰਾਂ ਦੇ ਅਨੁਸਾਰ ਹੋਣ ਬਾਰੇ ਕਿਹਾ ਗਿਆ। ਸ਼ਾਕਾਹਾਰੀ ਅਤੇ ਮਾਸਾਹਾਰੀ ਭੋਜਨ ਪਦਾਰਥ ਵੱਖਰੇ ਤੌਰ 'ਤੇ ਰੱਖਣ ਲਈ ਕਿਹਾ ਗਿਆ। ਇਸਦੇ ਨਾਲ ਹੀ ਉਹਨਾਂ ਨੂੰ ਹਮੇਸ਼ਾ ਚੰਗੀ ਸਫਾਈ ਅਭਿਆਸਾਂ ਦੀ ਪਾਲਣਾ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ ਹੈ। ਉਹਨਾਂ ਕਿਹਾ ਖਾਧ ਪਦਾਰਥਾਂ ਦੀ ਗੁਣਵੱਤਾ ਦਾ ਧਿਆਨ ਨਾ ਰੱਖਣ ਵਾਲਿਆਂ ਅਤੇ ਮਿਲਾਵਟ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

# ਸਮਾਜ ਸੇਵਾ ਨੂੰ ਹੀ ਆਪਣਾ ਧਰਮ ਸਮਝਦਾ ਹੈ ਅੰਗਰੇਜ ਸਿੰਘ ਗੇਜੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਸਿਆਣੇ ਆਖਦੇ ਹਨ ਕਿ ਸਭ ਤੋਂ ਵੱਡਾ ਧਰਮ ਮਨੁੱਖਤਾ ਦੀ ਸੇਵਾ ਹੀ ਹੁੰਦਾ ਹੈ। ਪ੍ਰੰਤੂ ਅਜੋਕੇ ਭੱਜ ਦੌੜ ਅਤੇ ਖੁਦਗਰਜੀ ਭਰੇ ਜ਼ਮਾਨੇ ਵਿੱਚ ਕੋਈ ਵਿਰਲਾ ਇਨਸਾਨ ਹੀ ਆਪਣੇ ਹਿੱਸੇ ਦਾ ਸੁੱਖ ਆਰਾਮ ਤਿਆਗ ਕੇ ਤੇ ਬਿਨਾਂ ਅੱਕੇ ਥੱਕੇ, ਨਿਰਸਵਾਰਥ ਹੋਕੇ ਦੂਜਿਆਂ ਦੀ ਸੇਵਾ ਲਈ ਹੀ ਦਿਨ ਰਾਤ ਭੱਜਿਆ ਫਿਰਦਾ ਰਹਿੰਦਾ ਹੈ। ਅਸਲ ਵਿੱਚ ਅਜਿਹੀ ਬਿਰਤੀ ਦੇ ਮਾਲਕ ਬਹੁਤ ਹੀ ਘੱਟ ਵੇਖਣ ਨੂੰ ਮਿਲਦੇ ਹਨ । ਅਜਿਹੇ ਲੋਕਾਂ ਨੂੰ ਅਸਲ ਵਿੱਚ ਆਨੰਦ/ ਸਕੂਨ ਹੀ ਦੂਜਿਆਂ ਦਾ ਦੁੱਖ ਦਰਦ ਘਟਾਕੇ ਤੇ ਨਿਰਸਵਾਰਥ ਸੇਵਾ ਕਰਕੇ ਮਿਲਦਾ ਹੈ। ਇੱਕ ਅਜਿਹੀ ਹੀ ਮਨੁੱਖਤਾ ਦੀ ਸੇਵਾ ਨੂੰ ਸੇਵਾ ਨੂੰ ਸਮਰਪਿਤ ਸ਼ਖ਼ਸੀਅਤ ਦਾ ਨਾਮ ਹੈ ਅੰਗਰੇਜ ਸਿੰਘ ਗੇਜੀ।



ਅੰਗਰੇਜ ਸਿੰਘ ਗੇਜੀ ਦਾ ਜਨਮ ਬਠਿੰਡਾ ਜਿਲੇ ਦੇ ਪਿੰਡ ਕੋਟਗੁਰੂ ਵਿਖੇ ਜਗਸੀਰ ਸਿੰਘ ਦੇ ਘਰ ਹੋਇਆ। ਬਚਪਨ ਦੇ ਦਿਨਾਂ ਵਿੱਚ ਹੀ ਉਸ ਨੂੰ ਦੂਜਿਆਂ ਦੇ ਕੰਮ ਸੇਵਾ ਭਾਵਨਾ ਵਜੋਂ ਕਰਨ ਦੀ ਚਿਣਗ ਲੱਗ ਗਈ ਸੀ। ਆਵਾਰਾ ਅਤੇ ਫੱਟੜ ਗਾਵਾਂ ਦੀ ਸੇਵਾ ਸੰਭਾਲ ਕਰਨਾ ਤਾਂ ਉਸਦਾ ਰੋਜਮਰਾਂ ਦਾ ਕੰਮ ਹੀ ਬਣ ਗਿਆ ਹੈ। ਹਰ ਰੋਜ ਗਰਮੀ/ਸਰਦੀ ਅਤੇ ਮੀਂਹ ਦੀ ਪ੍ਰਵਾਹ ਕੀਤੇ,ਬਿਨਾਂ ਕਿਸੇ ਲਾਲਚ ਦੇ ਸਵੇਰੇ ਚਾਰ ਵਜੇ ਨੀਂਦ ਦਾ ਤਿਆਗ ਕਰਕੇ ਸੰਗਤ ਮੰਡੀ ਦੀ ਗਾਊਸ਼ਾਲਾ ਵਿੱਚ ਜਾਕੇ ਕਈ ਕਈ ਘੰਟੇ ਸੇਵਾ ਕਰਦਾ ਹੈ। ਫੱਟੜ ਗਾਵਾਂ ਨੂੰ ਇਲਾਜ ਲਈ ਬਿਨਾਂ ਕੋਈ ਪੈਸਾ ਲਏ, ਆਪਣਾ ਕੰਮ ਛੱਡ ਕੇ ਆਪਣੇ ਸਾਧਨ ਰਾਹੀਂ ਇੱਧਰ ਓਧਰ ਅਕਸਰ ਹੀ ਲਿਜਾਂਦਾ ਰਹਿੰਦਾ ਹੈ। ਪਿੰਡ ਵਿੱਚ ਕੋਈ ਵੀ ਸਾਂਝਾ ਸਮਾਗਮ ਹੋਵੇ ਤਾਂ ਅੰਗਰੇਜ ਸਿੰਘ ਗੇਜੀ ਸਭ ਤੋਂ ਵੱਧ ਤਨੋ,ਮਨੋ ਅਤੇ ਧਨ ਪੱਖੋਂ ਮਦਦ ਕਰਦਾ ਹੈ। ਪਿੰਡ ਵਿੱਚ ਜੇਕਰ ਕਿਸੇ ਗਰੀਬ ਲੜਕੀ ਦਾ ਵਿਆਹ ਹੋਵੇ ਜਾਂ ਗਰੀਬ ਘਰ ਕੋਈ ਗਮੀ ਦਾ ਸਮਾਗਮ ਹੋਵੇ ਤਾਂ ਅੰਗਰੇਜ ਸਿੰਘ ਗੇਜੀ ਕਈ ਕਈ ਦਿਨ ਆਪਣੇ ਵੱਲੋਂ ਹਰ ਸੰਭਵ ਸਹਾਇਤਾ ਕਰਦਾ ਹੈ। ਪੂਰੇ ਪਿੰਡ ਦੇ ਕੰਮ ਆਉਣ ਵਾਲਾ ਅੰਗਰੇਜ ਸਿੰਘ ਗੇਜੀ ਲੋੜਵੰਦਾਂ ਲਈ ਕਈ ਵਾਰ ਖ਼ੂਨਦਾਨ ਵੀ ਕਰ ਚੁੱਕਾ ਹੈ। ਆਪਣੇ ਸਾਧਨ ਰਾਹੀਂ ਲੋੜਵੰਦ ਤੇ ਗਰੀਬ ਮਰੀਜ਼ਾਂ ਨੂੰ ਵੀ ਉਹ ਬਿਲਕੁੱਲ ਮੁਫ਼ਤ ਵਿੱਚ ਇਲਾਜ ਕਰਵਾਉਣ ਲਈ ਹਸਪਤਾਲ ਤੱਕ ਲਿਜਾਂਦਾ ਹੈ। ਸਾਂਝੀਆਂ ਥਾਂਵਾਂ ਤੇ ਦਰੱਖਤ ਲਗਾਉਣਾ ਤਾਂ ਉਹ ਆਪਣਾ ਕਰਮ ਹੀ ਸਮਝਦਾ ਹੈ। ਸਮਾਜ ਭਲਾਈ ਦੇ ਕੰਮਾਂ ਕਰਕੇ ਅੰਗਰੇਜ ਸਿੰਘ ਗੇਜੀ ਦੀ ਪਿੰਡ ਹੀ ਨਹੀਂ ਸਗੋਂ ਪੂਰੇ ਇਲਾਕੇ ਵਿੱਚ ਹੀ ਖ਼ੂਬ ਸੋਭਾ ਹੁੰਦੀ ਆਮ ਹੀ ਸੁਣੀ ਜਾ ਸਕਦੀ ਹੈ। ਲੋੜ ਹੈ ਹੋਰ ਲੋਕਾਂ ਨੂੰ ਉਸ ਤੋਂ ਸੇਧ ਲੈਕੇ ਸਮਾਜ ਭਲਾਈ ਦੇ ਵੱਧ ਵੱਧ ਕਾਰਜ ਕਰਨ ਦੀ, ਤਾਂ ਜੋ ਮਨੁੱਖਤਾ ਦੇ ਦਰਦ ਨੂੰ ਘਟਾਇਆ ਜਾ ਸਕੇ। ਸੱਚ ਮੁੱਚ ਅਜਿਹੀ ਸੇਵਾ ਵਿੱਚ ਹੀ ਮਨੁੱਖਤਾ ਦੀ ਅਸਲ ਭਲਾਈ ਛੁਪੀ ਹੋਈ ਹੈ ' ਤੇ ਇਸੇ ਵਿੱਚ ਹੀ ਸਭ ਦਾ ਭਲਾ ਹੈ।

# ਨਸ਼ਾ ਮੁਕਤੀ ਯਾਤਰਾ ਵਿਚ ਸਿਹਤ ਵਿਭਾਗ ਦੀ ਅਹਿਮ ਭੂਮਿਕਾ: ਡਾਕਟਰ ਜੰਗਜੀਤ ਸਿੰਘ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਸ਼੍ਰੀ ਕੀਰਤਪੁਰ ਸਾਹਿਬ (03 ਜੂਨ, 2025): ਕੀਰਤਪੁਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾ ਤਹਿਤ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਸਫ਼ਲਤਾਪੂਰਵਕ ਅੱਗੇ ਵੱਧ ਰਹੀ ਇਸ ਯਾਤਰਾ ਦੌਰਾਨ ਸਿਹਤ ਵਿਭਾਗ ਦੀ ਟੀਮ ਵੱਲੋਂ ਲੋਕਾਂ ਨੂੰ ਓਟ ਕਲੀਨਿਕਾਂ ਅਤੇ ਨਸ਼ਾ ਛਡਾਊ ਕੇਂਦਰਾਂ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਉਹਨਾਂ ਨੂੰ ਨਸ਼ਾ ਛੱਡਣ ਲਈ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਜਿੱਥੇ ਨਸ਼ਾ ਤਸਕਰਾਂ 'ਤੇ ਸ਼ਿਕੰਜਾ ਕਸਣ ਵਿਚ ਕਾਮਯਾਬ ਹੋ ਰਹੀ ਹੈ ਉੱਥੇ ਹੀ ਨਸ਼ਾ ਛੱਡਣ ਦੇ ਇੱਛੁਕ ਵਿਅਕਤੀਆਂ ਲਈ ਵੀ ਜੀਵਨਦਾਨ ਸਾਬਿਤ ਹੋ ਰਹੀ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਨਾ ਕੇਵਲ ਉਹਨਾਂ ਵੱਲੋਂ ਸਗੋਂ ਸਿਹਤ ਵਿਭਾਗ ਦੀ ਪੂਰੀ ਟੀਮ ਵੱਲੋਂ ਇਸ ਯਾਤਰਾ ਦੌਰਾਨ ਨਸ਼ਿਆਂ ਦੇ ਆਦੀ ਲੋਕਾਂ ਨੂੰ ਇਸ ਦਲਦਲ ਵਿਚੋਂ ਕੱਢਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਨੇ ਟੀਮ ਮੈਂਬਰ ਆਯੁਰਵੈਦਿਕ ਮੈਡੀਕਲ ਅਫ਼ਸਰ ਨਿਸ਼ਚਲ ਸ਼ਰਮਾ, ਐੱਸ.ਆਈ ਸੁਖਬੀਰ ਸਿੰਘ ਅਤੇ ਗੁਰਿੰਦਰ ਸਿੰਘ ਵੱਲੋਂ ਨਸ਼ਾ ਮੁਕਤੀ ਯਾਤਰਾ ਦੌਰਾਨ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਆਪਣੇ ਭਾਸ਼ਣ ਜ਼ਰੀਏ ਨਾ ਸਿਰਫ਼ ਲੋਕਾਂ ਨੂੰ ਕੀਰਤਪੁਰ ਸਾਹਿਬ ਅਤੇ ਸਹਿਜੋਵਾਲ ਵਿਖੇ ਖੁੱਲ੍ਹੇ ਓਟ ਕਲੀਨਿਕਾਂ ਅਤੇ ਰੋਪੜ੍ਹ ਵਿਚ ਖੁੱਲ੍ਹੇ ਨਸ਼ਾ ਛੁਡਾਊ ਕੇਂਦਰਾਂ ਦੀ ਜਾਣਕਾਰੀ ਦੇ ਰਹੇ ਹਨ ਸਗੋਂ ਲੋਕਾਂ ਦੀ ਨਸ਼ਾ ਛੱਡਣ ਵਿਚ ਮਦਦ ਵੀ ਕਰ ਰਹੇ ਹਨ। ਸੀਨੀਅਰ ਮੈਡੀਕਲ ਅਫ਼ਸਰ ਨੇ ਐੱਸ.ਐੱਮ.ਆਈ ਸਿਕੰਦਰ ਸਿੰਘ, ਐੱਚ.ਆਈ ਸੁਖਦੀਪ ਸਿੰਘ, ਸੀ.ਓ ਭਰਤ ਕਪੂਰ ਅਤੇ ਬਲਾਕ ਕੀਰਤਪੁਰ ਸਾਹਿਬ ਅਧੀਨ ਆਉਂਦੇ ਸਾਰੇ



ਆਯੁਸ਼ਮਾਨ ਅਰੋਗਿਆ ਕੇਂਦਰਾਂ ਦੀ ਸਮੂਹ ਟੀਮ ਵੱਲੋਂ ਸਿੱਧੇ ਅਤੇ ਅਸਿੱਧੇ ਤੌਰ 'ਤੇ ਇਸ ਯਾਤਰਾ ਦੀ ਸਫ਼ਲਤਾ ਵਿਚ ਪਾਏ ਜਾ ਰਹੇ ਯੋਗਦਾਨ ਦੀ ਪ੍ਰਸ਼ੰਸਾ ਵੀ ਕੀਤੀ। ਡਾਕਟਰ ਜੰਗਜੀਤ ਸਿੰਘ ਨੇ ਹਰ ਇੱਕ ਵਿਅਕਤੀ ਨੂੰ ਨਸ਼ਾ ਮੁਕਤੀ ਯਾਤਰਾ ਦਾ ਹਿੱਸਾ ਬਣਨ ਦੀ ਅਪੀਲ ਕਰਦਿਆਂ ਕਿਹਾ ਕਿ ਸਭ ਦਾ ਸਹਿਯੋਗ ਨਸ਼ਾ ਮੁਕਤ ਅਤੇ ਤੰਦਰੁਸਤ ਪੰਜਾਬ ਦਾ ਰਾਹ ਪੱਧਰਾ ਕਰੇਗਾ।

# ਸਵਿੱਤਰੀ ਬਾਈ ਫੂਲੇ ਲਾਇਬ੍ਰੇਰੀ ਦੀ ਮੈਂਬਰ ਮਨਜੀਤ ਕੌਰ ਬਣੀ ਪਿੰਡ ਦੀ ਪਹਿਲੀ ਅਫ਼ਸਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾਂ )ਅੱਠ ਸਾਲ ਪਹਿਲਾਂ ਪਿੰਡ ਵਿੱਚ ਲਾਇਬ੍ਰੇਰੀ ਦੀ ਸ਼ੁਰੂਆਤ ਕੀਤੀ ਗਈ ਸੀ ਉਹ ਮਕਸਦ ਹੌਲੀ ਹੌਲੀ ਪ੍ਰਾਪਤ ਹੋ ਰਿਹਾ ਹੈ ਵਿਦਿਆਰਥੀ ਲਾਇਬ੍ਰੇਰੀ ਜਰੀਏ ਪੜ੍ਹਾਈ ਨਾਲ ਜੁੜੇ ਹਨ ਇਸੇ ਤਹਿਤ ਲਾਇਬ੍ਰੇਰੀ ਦੀ ਮੈਂਬਰ ਮਨਜੀਤ ਕੌਰ ਖੇਤੀਬਾੜੀ ਅਫ਼ਸਰ (ADO) ਲੱਗੀ ਹੈ ਜਿਸ







ਤੇ ਪੂਰਾ ਪਿੰਡ ਖੁਸ਼ ਹੈ ਅੱਜ ਲਾਇਬ੍ਰੇਰੀ ਵੱਲੋਂ ਮਨਜੀਤ ਕੌਰ ਦਾ ਸਨਮਾਨ ਕੀਤਾ ਗਿਆ ਅਤੇ ਅਗਲੇ ਸਫ਼ਰ ਲਈ ਮੁਬਾਰਕਬਾਦ ਦਿੱਤੀ ਗਈ ਇਸ ਮੌਕੇ ਪਿੰਡ ਦੀ ਪੰਚਾਇਤ ਵੱਲੋਂ ਵੀ ਮਨਜੀਤ ਕੌਰ ਨੂੰ ਸਨਮਾਨ ਭੇਂਟ ਕੀਤਾ ਗਿਆ। ਇਸ ਮੌਕੇ ਸਮੂਹ ਲਾਇਬ੍ਰੇਰੀ ਮੈਂਬਰ, ਪਿੰਡ ਦੇ ਸਰਪੰਚ ਹਰਕੀਰਤ, ਕੁਲਵੀਰ ਪ੍ਰਧਾਨ ਮਾਸਟਰ ਪ੍ਰੇਮ ਸਰੂਪ ਛਾਜਲੀ, ਮਾਸਟਰ ਜਸਵੀਰ, ਬਲਜਿੰਦਰ ਜਿੰਦੂ, ਰਿੰਕੂ ਸਿੰਘ ਮੌਜੂਦ ਸਨ।

# ਫਰਦ ਕੇਂਦਰ ਸਟਾਫ ਦੀ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਅੱਜ ਤੋਂ ਸ਼ੁਰੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਫਗਵਾੜਾ 3 ਜੂਨ (ਸ਼ਿਵ ਕੌੜਾ) ਫਰਦ ਕੇਂਦਰ ਸਟਾਫ ਫਗਵਾੜਾ ਵਲੋਂ ਅੱਜ ਤੋਂ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਦੇ ਐਲਾਨ ਨਾਲ ਫਰਦ ਕੇਂਦਰਾਂ ਦਾ ਕੰਮ ਪੂਰੀ ਤਰ੍ਹਾਂ ਨਾਲ ਠੱਪ ਹੋ ਗਿਆ ਹੈ। ਜਿਸ ਕਰਕੇ ਆਮ ਲੋਕਾਂ ਨੂੰ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਫਰਦ ਕੇਂਦਰ ਸਟਾਫ ਫਗਵਾੜਾ ਦਾ ਇਕ ਵਫਦ ਅੱਜ ਸੰਦੀਪ ਕੌਰ ਦੀ ਅਗਵਾਈ ਹੇਠ ਨਾਇਬ ਤਹਿਸੀਲਦਾਰ ਗੁਰਚਰਨ ਕਲੇਰ ਨੂੰ ਮਿਲਿਆ ਅਤੇ ਤਹਿਸੀਲਦਾਰ ਫਗਵਾੜਾ ਦੇ ਨਾਮ ਇਕ ਮੰਗ ਪੱਤਰ ਦਿੱਤਾ। ਜਿਸ ਵਿੱਚ ਸਪਸ਼ਟ ਦੱਸਿਆ ਗਿਆ ਹੈ ਕਿ ਉਹਨਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਸਰਕਾਰ ਅਤੇ ਉੱਚ ਅਧਿਕਾਰੀਆਂ ਦੇ ਉਦਾਸੀਨ ਰਵੱਈਏ ਤੋਂ ਨਿਰਾਸ਼ ਹੋ ਕੇ ਫਰਦ ਕੇਂਦਰ ਸਟਾਫ ਪੰਜਾਬ ਵਲੋਂ 3 ਜੂਨ ਤੋਂ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਦਾ ਫੈਸਲਾ ਲਿਆ ਗਿਆ ਹੈ। ਮੰਗ ਪੱਤਰ ਦੇਣ ਉਪਰੰਤ ਗੱਲਬਾਤ ਕਰਦਿਆਂ ਫਰਦ ਕੇਂਦਰ ਸਟਾਫ ਸੰਦੀਪ ਕੌਰ, ਬੱਬਨਦੀਪ ਕੌਰ, ਗੁਰਿੰਦਰ ਸਿੰਘ, ਹਰਜੀਤ ਸਿੰਘ, ਜਯੋਤੀ ਅਤੇ ਕੌਸ਼ਲਿਆ ਨੇ ਦੱਸਿਆ ਕਿ ਪੰਜਾਬ ਵਿੱਚ ਲਗਭਗ 900 ਤੋਂ ਵੱਧ



ਫਰਦ ਕੇਂਦਰ ਮੁਲਾਜਮ ਹਨ। ਜਿਨ੍ਹਾਂ ਵਿੱਚ ਜਿਲ੍ਹਾ ਮੈਨੇਜਰ, ਅਪਰੇਟਰਸ ਅਤੇ ਇੰਜੀਨੀਅਰ ਸ਼ਾਮਲ ਹਨ। ਜੋ ਕਿ ਪਿਛਲੇ 18 ਸਾਲਾਂ ਤੋਂ ਫਰਦ ਕੇਂਦਰਾਂ ਵਿੱਚ ਸੇਵਾਵਾਂ ਨਿਭਾ ਰਹੇ ਹਨ। ਉਹਨਾਂ ਨੇ ਦੂਰ ਦਰਾਜੇ ਪਿੰਡਾਂ ਤੋਂ ਆ ਕੇ ਬਹੁਤ ਘੱਟ ਤਨਖਾਹਾਂ 'ਤੇ ਦਿਨ ਰਾਤ ਇੱਕ ਕਰਕੇ ਸਾਰੇ ਪੰਜਾਬ ਦਾ ਜਮੀਨੀ ਰਿਕਾਰਡ ਆਨਲਾਈਨ ਕੀਤਾ ਹੈ। ਫਰਦ ਕੇਂਦਰਾਂ ਦਾ ਸਾਰਾ ਸਟਾਫ ਆਸ ਵਿੱਚ ਬੈਠਾ ਹੈ ਕਿ ਸਰਕਾਰ ਸਾਡੀ ਗੱਲ ਸੁਣੇਗੀ, ਪਰ ਕਿਸੇ ਨੇ ਵੀ ਉਹਨਾਂ ਦੀ ਗੱਲ ਨਹੀਂ ਸੁਣੀ। ਹਰ ਸਾਲ ਜਮਾਂਬੰਦੀਆਂ ਦੇ ਸਮੇਂ ਦਿਨ ਰਾਤ ਕੰਮ ਕਰਕੇ ਸਰਕਾਰ ਦੇ ਟਾਰਗੇਟ ਸਮੇਂ ਸਿਰ ਪੂਰੇ ਕੀਤੇ ਹਨ। ਕੋਵਿਡ ਮਹਾਂਮਾਰੀ ਦੌਰਾਨ ਫਰਦ ਕੇਂਦਰ ਆਪਰੇਟਰਾਂ ਦੀਆਂ ਡਿਊਟੀਆਂ ਫੀਲਡ ਵਿੱਚ ਲੱਗੀਆਂ ਸਨ ਅਤੇ ਜਿੰਦਗੀ ਨੂੰ ਖਤੇਰ ਵਿਚ ਪਾ ਕੇ ਸਰਕਾਰ ਦੇ ਹੁਕਮਾਂ ਦੀ ਪਾਲਣਾ ਕੀਤੀ। ਚੋਣਾਂ ਦੌਰਾਨ ਵੀ ਫਰਦ ਕੇਂਦਰ ਓਪਰੇਟਰਾਂ ਦੀ ਡਿਊਟੀ ਲਗਾਈ ਜਾਂਦੀ ਹੈ। ਫਰਦ ਕੇਂਦਰ ਦੇ ਓਪਰੇਟਰਾਂ ਨੇ ਹਮੇਸ਼ਾ ਸਰਕਾਰ ਦੇ ਹੁਕਮਾਂ ਨੂੰ ਸਿਰ ਮੱਥੇ ਤੇ ਲਿਆ। ਇਸ ਤੋਂ ਇਲਾਵਾ ਪੀ.ਐਮ. ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਚਾਹੇ ਕਿਸਾਨਾਂ ਦੀਆ ਐਂਟਰੀਆਂ ਜਾ ਡੀਡ ਸਕੈਨ ਆਦਿ ਜੋ ਉਹਨਾਂ ਦੀ ਡਿਊਟੀ 'ਚ ਸ਼ਾਮਲ ਨਹੀਂ ਹੈ, ਪਰ ਸਾਰੇ ਕੰਮ ਸਰਕਾਰ ਦੇ ਹੁਕਮਾਂ ਅਨੁਸਾਰ ਕੀਤੇ। ਉਹਨਾਂ ਦੱਸਿਆ ਕਿ ਹੁਣ ਸਰਕਾਰ ਫਰਦ ਕੇਂਦਰ ਦੇ ਆਪਰੇਟਰਾਂ/ ਮੁਲਾਜ਼ਮਾਂ ਨੂੰ ਘਰ ਭੇਜਣ ਦੀ ਤਿਆਰੀ ਕਰ ਚੁੱਕੀ ਹੈ ਕਿਉਂਕਿ ਉਹਨਾਂ ਦੀਆਂ ਸੇਵਾਵਾਂ ਨੂੰ ਖਤਮ ਕੀਤਾ ਜਾ ਰਿਹਾ ਹੈ। ਜਿਸ ਸਬੰਧੀ 5 ਮੈਂਬਰੀ ਕਮੇਟੀ 17 ਮਾਰਚ 2025 ਨੂੰ ਹਰਪ੍ਰੀਤ ਸੂਦਨ ਰੈਵਨਿਊ ਸਕੱਤਰ ਪੰਜਾਬ ਅਤੇ 26 ਮਾਰਚ 2025 ਨੂੰ ਅਨੁਰਾਗ ਵਰਮਾ (ਐਫ.ਸੀ.ਆਰ.) ਪੰਜਾਬ ਅਤੇ ਦੂਸਰੀ ਵਾਰ ਹਰਪ੍ਰੀਤ ਸੂਦਨ ਜੀ (ਰੈਵਨਿਊ ਸੈਕਟਰੀ ਪੰਜਾਬ) ਨੂੰ ਮਿਲਿਆ ਸੀ ਅਤੇ ਉਹਨਾਂ ਨੇ ਭਰੋਸਾ ਦਿੱਤਾ ਸੀ ਕਿ ਸੇਵਾਵਾਂ ਖਤਮ ਨਹੀਂ ਕਰਨਗੇ। ਹੁਣ ਅਪ੍ਰੈਲ ਤੇ ਮਈ ਮਹੀਨੇ ਦੀ ਤਨਖਾਹ ਦਾ ਭੁਗਤਾਨ ਨਹੀਂ ਕੀਤਾ ਜਾ ਰਿਹਾ। ਇਸ ਸਬੰਧੀ ਜਦੋਂ ਸੀ.ਐਮ.ਐਸ. ਕੰਪਿਊਟਰ ਲਿਮਿ. ਕੰਪਨੀ ਦੇ ਅਧਿਕਾਰੀਆਂ ਤੋਂ ਪੁੱਛਿਆ ਤਾਂ ਉਹਨਾਂ ਨੇ ਦੱਸਿਆ ਕਿ 31 ਅਕਤੂਬਰ 2024 ਤੋਂ ਬਾਅਦ ਕੰਪਨੀ ਦਾ ਕੰਟਰੈਕਟ ਖਤਮ ਹੋ ਚੁੱਕਾ ਹੈ। ਸਰਕਾਰ ਨੇ ਕੰਟਰੈਕਟ ਅੱਗੇ ਵਧਾਉਣ ਬਾਰੇ ਹਾਲੇ ਕੋਈ ਫੈਸਲਾ ਨਹੀਂ ਕੀਤਾ। ਸਰਕਾਰ ਨੇ ਕੰਪਨੀ ਨੂੰ ਵੀ ਕੋਈ ਪੇਮੈਂਟ ਰਿਲੀਜ਼ ਨਹੀਂ ਕੀਤੀ। ਜਿਸ ਕਰਕੇ ਕੰਪਨੀ ਨੇ ਅਪ੍ਰੈਲ ਤੇ ਮਈ ਦੀ ਤਨਖਾਹ ਦੇਣ ਵਿੱਚ ਅਸਮਰਥਤਾ ਦਿਖਾਈ ਹੈ। ਉਹਨਾਂ ਕਿਹਾ ਕਿ ਫਰਦ ਕੇਂਦਰਾਂ ਦਾ 60 ਫੀਸਦੀ ਸਟਾਫ ਓਵਰ ਏਜ ਹੋ ਚੁੱਕਿਆ ਹੈ। ਇਹਨਾ ਹਾਲਾਤਾਂ ਵਿੱਚ ਜੇਕਰ ਨੌਂਕਰੀ ਚਲੀ ਜਾਂਦੀ ਹੈ ਤਾਂ ਉਹਨਾਂ ਦੀ ਆਰਥਿਕ ਹਾਲਾਤ ਬਹੁਤ ਖਰਾਬ ਹੋ ਜਾਵੇਗੀ ਅਤੇ ਪਰਿਵਾਰ ਪਾਲਣਾ ਅਸੰਭਵ ਹੋ ਜਾਵੇਗਾ। ਉਹਨਾਂ ਕਿਹਾ ਕਿ ਇਕ ਪਾਸੇ ਸਰਕਾਰ ਰੁਜਗਾਰ ਦੇਣ ਦੇ ਦਾਅਵੇ ਕਰਦੀ ਹੈ ਪਰ ਦੂਸਰੇ ਪਾਸੇ ਕਰੀਬ 900 ਸਟਾਫ ਮੈਂਬਰਾਂ ਨੂੰ ਬੇਰੁਜ਼ਗਾਰ ਕੀਤਾ ਜਾ ਰਿਹਾ ਹੈ। ਜੋ ਕਿ ਉਹਨਾਂ ਦੇ ਨਾਲ ਸਰਾਸਰ ਅਨਿਆ ਹੈ। ਉਹਨਾਂ ਮੰਗ ਕੀਤੀ ਕਿ ਜੇਕਰ ਪੰਜਾਬ ਸਰਕਾਰ ਫਰਦ ਕੇਂਦਰ ਨਾਲ ਸੰਬੰਧਿਤ ਕੰਮ ਕਿਸੇ ਹੋਰ ਢੰਗ ਨਾਲ ਚਲਾਉਣਾ ਚਾਹੁੰਦੀ ਹੈ ਤਾਂ ਉਹਨਾਂ ਨੂੰ ਹੋਰ ਜਗ੍ਹਾ ਅਡਜਸਟ ਕੀਤਾ ਜਾਵੇ। ਸਮੂਹ ਸਟਾਫ ਮੈਂਬਰਾਂ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਉਹਨਾਂ ਦੇ ਭਵਿੱਖ ਸਬੰਧੀ ਕੋਈ ਫੈਸਲਾ ਨਹੀਂ ਲੈ ਲੈਂਦੀ ਉਦੋਂ ਤੱਕ ਸ਼ਾਂਤੀ ਪੂਰਵਕ ਆਪਣੇ ਦਫਤਰ ਵਿੱਚ ਰਹਿ ਕੇ ਕਲਮ ਛੋੜ ਹੜਤਾਲ ਕਰਨਗੇ।

# ਟੀਵੀ ਮੁਕਤ ਭਾਰਤ ਪ੍ਰੋਗਰਾਮ ਤਹਿਤ ਰਤੀਆ ਦੇ ਵਾਰਡ ਨੰਬਰ 8 ਵਿੱਚ ਇੱਕ ਟੈਸਟਿੰਗ ਕੈਂਪ ਲਗਾਇਆ ਗਿਆ। 100 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਸੈਂਪਲ ਲਏ ਗਏ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਰਤੀਆ/ਸੁਨੀਲ ਕੁਮਾਰ

ਟੀਵੀ ਮੁਕਤ ਭਾਰਤ ਪ੍ਰੋਗਰਾਮ ਤਹਿਤ ਅੱਜ ਰਤੀਆ ਦੇ ਵਾਰਡ ਨੰਬਰ 8 ਵਿੱਚ ਸਿਹਤ ਵਿਭਾਗ ਵੱਲੋਂ ਇੱਕ ਟੀਵੀ ਟੈਸਟਿੰਗ ਕੈਂਪ ਲਗਾਇਆ ਗਿਆ। ਸੈਂਕੜੇ ਲੋਕਾਂ ਨੇ ਕੈਂਪ ਦਾ ਲਾਭ ਉਠਾਇਆ। ਜਾਣਕਾਰੀ ਦਿੰਦੇ ਹੋਏ ਸਿਹਤ ਵਿਭਾਗ ਦੇ ਡਾਕਟਰ ਵੀਰੇਂਦਰ ਸਿੰਘ ਨੇ ਦੱਸਿਆ ਕਿ 3 ਸਾਲ ਪਹਿਲਾਂ ਤੁਹਾਡੇ ਟੀਬੀ ਮਰੀਜ਼ਾਂ ਦੇ ਪਰਿਵਾਰ ਦੀ ਜਾਣਕਾਰੀ ਲੈ ਕੇ ਅਤੇ ਸਾਰਿਆਂ ਦੇ ਐਕਸ-ਰੇ ਕਰਕੇ ਟੀਵੀ ਟੈਸਟਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅੱਜ



ਵਾਰਡ ਨੰਬਰ 8 ਵਿੱਚ ਸੰਭਾਵੀ ਮਰੀਜ਼ ਦੇ ਥੁੱਕ ਦੇ ਨਮੂਨੇ ਵੀ ਲਏ ਜਾ ਰਹੇ ਹਨ ਅਤੇ ਐਕਸ-ਰੇ ਵੀ ਕੀਤੇ ਜਾ ਰਹੇ ਹਨ, ਜਿਸਦੀ ਰਿਪੋਰਟ ਮਰੀਜ਼ ਨੂੰ ਬਾਅਦ ਵਿੱਚ ਦਿੱਤੀ ਜਾਵੇਗੀ। ਜਾਣਕਾਰੀ ਦਿੰਦੇ ਹੋਏ ਵੀਰੇਂਦਰ ਸਿੰਘ ਨੇ ਕਿਹਾ ਕਿ ਸਾਡੇ ਕੋਲ ਵਿਵਾਹ ਵਾਲੇ ਪਾਸੇ ਤੋਂ ਇੱਕ ਮਹੀਨੇ ਦਾ ਰੋਸਟਰ ਹੈ, ਜਿਸ ਤਹਿਤ ਅਸੀਂ ਟੀਵੀ ਮੁਕਤ ਭਾਰਤ ਪ੍ਰੋਗਰਾਮ ਤਹਿਤ ਰਤੀਆ ਦੇ ਹਰ ਵਾਰਡ ਵਿੱਚ ਇਹ ਕੈਂਪ ਲਗਾ ਰਹੇ ਹਾਂ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਦੀ ਰਿਪੋਰਟ ਟੀਬੀ ਪਾਜ਼ੀਟਿਵ ਆਉਂਦੀ ਹੈ, ਤਾਂ ਦਵਾਈ ਉਨ੍ਹਾਂ ਦੇ ਘਰ ਪਹੁੰਚਾਈ ਜਾਵੇਗੀ ਅਤੇ ਸਿਹਤ ਵਿਭਾਗ ਵੱਲੋਂ ਉਨ੍ਹਾਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ। ਡਾਕਟਰ ਵਰਿੰਦਰ ਸਿੰਘ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਜੇਕਰ ਤੁਹਾਨੂੰ ਵੀ ਕਈ ਦਿਨਾਂ ਤੋਂ ਖੰਘ ਜਾਂ ਬਲਗਮ ਆ ਰਹੀ ਹੈ, ਜੇਕਰ ਤੁਹਾਨੂੰ ਇਹ ਲੱਛਣ ਦਿਖਾਈ ਦੇ ਰਹੇ ਹਨ ਤਾਂ ਤੁਸੀਂ ਰਤੀਆ ਦੇ ਸਰਕਾਰੀ ਹਸਪਤਾਲ ਜਾਂ ਆਪਣੇ ਵਾਰਡ ਵਿੱਚ ਲਗਾਏ ਜਾ ਰਹੇ ਕੈਂਪ ਵਿੱਚ ਆ ਸਕਦੇ ਹੋ, ਸੈਂਪਲ ਦੇ ਸਕਦੇ ਹੋ, ਐਕਸ-ਰੇ ਕਰਵਾ ਸਕਦੇ ਹੋ ਅਤੇ ਆਪਣੀ ਰਿਪੋਰਟ ਕਰਵਾ ਸਕਦੇ ਹੋ। ਵਾਰਡ ਦੇ ਕੌਂਸਲਰ ਪ੍ਰਤੀਨਿਧੀ ਜਸਵੀਰ ਚੌਹਾਨ ਨੇ ਦੱਸਿਆ ਕਿ ਅੱਜ ਵਾਰਡ ਵਿੱਚ ਟੀਬੀ ਤੋਂ ਪੀੜਤ ਲੋਕਾਂ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ ਵਾਰਡ ਵਿੱਚ ਦੁਬਾਰਾ ਲਗਾਇਆ ਜਾਵੇਗਾ। ਜੇਕਰ ਵਾਰਡ ਵਿੱਚ ਕੋਈ ਮਰੀਜ਼ ਟੀਬੀ ਤੋਂ ਪੀੜਤ ਪਾਇਆ ਜਾਂਦਾ ਹੈ ਤਾਂ ਸਿਹਤ ਵਿਭਾਗ ਵੱਲੋਂ ਉਸਦਾ ਇਲਾਜ ਵੀ ਕੀਤਾ ਜਾਵੇਗਾ। ਇਸ ਮੌਕੇ ਵਾਰਡ ਕੌਂਸਲਰ ਪਿੰਕੀ ਚੌਹਾਨ ਅਤੇ ਸਿਹਤ ਵਿਭਾਗ ਦੀ ਟੀਮ ਮੌਜੂਦ ਸੀ।

# ਹੇਮਕੁੰਟ ਸਕੂਲ ਵਿਖੇ ਸਮਰ ਕੈਂਪ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com



ਜ਼ੀਰਾ 3 ਜੂਨ ( ਅੰਗਰੇਜ਼ ਬਰਾੜ ) - ਹੇਮਕੁਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਵਿਖੇ ਸਮਰ ਕੈਂਪ ਦਾ ਆਯੋਜਨ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਦੀ ਦੇਖ ਰੇਖ ਹੇਠ ਕੀਤਾ ਗਿਆ। ਇਸ ਸਮਰ ਕੈਂਪ ਵਿੱਚ ਛੇਵੀਂ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ! ਇਸ ਮੌਕੇ ਹੇਮਕੁਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਕੈਂਪ ਦੀ ਮਹੱਤਤਾ ਬਾਰੇ ਦੱਸਿਆ! ਇਸ ਦੌਰਾਨ ਵਿਦਿਆਰਥੀਆਂ ਨੇ ਵੱਖ ਵੱਖ ਖੇਡਾਂ ਵਿੱਚ ਭਾਗ ਲਿਆ! ਐਮ ਡੀ ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਖੇਡ ਮੈਦਾਨ ਵਿੱਚ ਖੇਡ ਦੀ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਦੇ ਦੌਰਾਨ ਵਿਦਿਆਰਥੀ ਵੱਧ ਤੋਂ ਵੱਧ ਪਾਣੀ ਪੀਣ ਅਤੇ ਰੋਜ਼ਾਨਾ ਖਾਣੇ ਵਿੱਚ ਹਰੀਆਂ ਸਬਜ਼ੀਆਂ ਖਾਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਖੇਡਾਂ ਅਤੇ ਸਮਰ ਕੈਂਪ ਵਿੱਚ ਸਰਗਰਮ ਰਹਿਣ ਲਈ ਪ੍ਰੇਰਿਆ! ਕੈਂਪ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਮੈਡਮ ਪ੍ਰਕਿਰਤੀ, ਵੀਰਪਾਲ ਕੌਰ, ਜਗਵਿੰਦਰ ਸਿੰਘ, ਸੁਰਿੰਦਰ ਸਿੰਘ, ਮਨਵੀਰ ਸਿੰਘ ਆਦਿ ਹਾਜ਼ਰ ਸਨ।

# ਤੰਬਾਕੂ ਦੇ ਬੁਰੇ ਪ੍ਰਭਾਵਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਅਤੇ ਚਲਾਨ ਕੀਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

ਬਠਿੰਡਾ 3 ਜੂਨ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੇਟਗੁਰੂ)- ਸਿਹਤ ਮੰਤਰੀ ਪੰਜਾਬ ਡਾਕਟਰ ਬਲਬੀਰ ਸਿੰਘ ਅਤੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਤੇ ਉਚ ਅਧਿਕਾਰੀਆਂ ਦੀਆਂ ਹਦਾਇਤਾਂ ਨੂੰ ਅਮਲੀ ਰੂਪ ਦਿੰਦੇ ਹੋਏ ਅੱਜ ਸੂਬੇ ਭਰ ਵਿੱਚ ਸੰਸਾਰ ਤੰਬਾਕੂ ਵਿਰੋਧੀ ਦਿਨ ਮੌਕੇ ਲੋਕਾਂ ਅਤੇ ਸਕੂਲੀ ਵਿਦਿਆਰਥੀਆਂ ਨੂੰ ਨਸ਼ੇ ਦੇ ਦੁਰਪ੍ਰਭਾਵਾਂ ਤੋਂ ਜਾਣੂ ਕਰਵਾਇਆ। ਇਸੇ ਤਰ੍ਹਾਂ ਬਲਾਕ ਵਿੱਚ ਐਸਆਈ ਦੇ ਵੱਲੋਂ ਚਲਾਨ ਵੀ ਕੀਤੇ ਗਏ।ਸੀਨੀਅਰ ਮੈਡੀਕਲ ਅਫਸਰ ਡਾਕਟਰ ਸੀਮਾ ਗੁਪਤਾ ਦੇ ਦੇਖਰੇਖ ਅਧੀਨ ਭਗਤਾ ਭਾਈਕਾ ਅਧੀਨ ਆਉਂਦੇ ਅਰੋਗਿਆ ਸੈਂਟਰ ਭਾਈਰੂਪਾ ਵਿਖੇ ਜਾਗਰੂਕ ਕੈਂਪ ਲਗਾਇਆ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਸੀ.ਐਚ.ਓ ਸੋਨੀਆ ਰਾਣੀ ਨੇ ਕਿਹਾ ਕਿ ਸਾਡੇ ਦੇਸ਼ ਵਿੱਚ ਤੰਬਾਕੂ ਦੀ ਵਰਤੋਂ ਕਰਨ ਨਾਲ ਮੂੰਹ ਦੇ ਕੈਂਸਰ ਟੀਵੀ ਦੀ ਬਿਮਾਰੀ ਅਤੇ ਹੋਰ ਰੰਗਾ ਨੂੰ ਨੁਕਸਾਨ ਹੁੰਦਾ ਹੈ । ਉਹਨਾਂ ਮੂੰਹ ਦੇ ਕੈਂਸਰ ਦੇ ਨਾਲ ਮਰਨ ਵਾਲੇ ਲੋਕਾਂ ਵਿੱਚ 50% ਲੋਕਾਂ ਨੂੰ ਕੈਂਸਰ ਦੀ ਬਿਮਾਰੀ ਤੰਬਾਕੂ ਦੀ ਲੰਮਾ ਸਮਾਂ ਵਰਤੇ ਕਰਨਾ ਦਾ ਵੱਡਾ ਕਾਰਨ ਦੱਸਿਆ। ਉਹਨਾਂ ਕਿਹਾ ਕਿ ਬੀੜੀ ਸਿਗਰਟ ਪੀਣ ਵਾਲਿਆਂ ਨੂੰ ਜਿਨਾਂ ਨੁਕਸਾਨ ਹੁੰਦਾ ਹੈ । ਉਨਾ ਹੀ ਨੁਕਸਾਨ ਉਹਨਾਂ ਲੋਕਾਂ ਨੂੰ ਹੁੰਦਾ ਹੈ। ਜਿਨਾਂ ਦੇ ਸਰੀਰ ਅੰਦਰ ਤੰਬਾਕੂ ਵਰਤਣ ਵਾਲਿਆਂ ਵੱਲੋਂ ਛੱਡਿਆ ਧੂੰਆਂ ਜਾਂਦਾ ਹੈ। ਉਹਨਾਂ ਖੁੱਲੇ ਵਿੱਚ ਤੰਬਾਕੂ ਦੀ ਵਿਕਰੀ ਕਰਨ ਵਾਲੇ ਲੋਕਾਂ ਨੂੰ ਹਦਇਤ ਕੀਤੀ ਉਹ ਪੈਕਿੰਗ ਵਾਲਾ ਤੰਮਾਕੂ ਹੀ ਵੇਚਣ। ਇਸੇ ਤਰਾਂ ਸਮਾਜਿਕ ਥਾਵਾਂ ਉੱਪਰ ਤੰਬਾਕੂ ਕਰਨ ਵਾਲਿਆਂ ਨੂੰ ਸਿਹਤ ਵਿਭਾਗ ਵੱਲੋਂ ਚਲਾਨ ਕੱਟਣ ਦਾ ਵੀ ਹਵਾਲਾ ਦਿੱਤਾ। ਬਲਾਕ ਅਕਸਟੈਨਸ਼ਨ ਐਜੂਕੇਟਰ ਮਾਲਵਿੰਦਰ ਸਿੰਘ ਤਿਊਣਾ ਨੇ ਦੱਸਿਆ ਕਿ ਇਸੇ ਤਰ੍ਹਾਂ



ਹੀ ਬੁਰਜ ਗਿੱਲ, ਦਿਲਪੁਰਾ ਭਾਈਕਾ, ਸਲਾਵਤਪੁਰਾ, ਜਲਾਲ, ਸਿਰੀਏਵਾਲਾ ਆਦਿ ਪਿੰਡਾਂ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਲੋਕਾਂ ਨੂੰ ਵੀ ਤੰਬਾਕੂ ਦੀ ਵਰਤੋਂ ਕਰਨ ਲੋਕਾਂ ਨੂੰ ਤੰਬਾਕੂ ਕਾਰਨ ਹੋਣ ਵਾਲੇ ਨੁਕਸਾਨਾਂ ਸਬੰਧੀ ਜਾਗਰੂਕ ਕੀਤਾ ਗਿਆ।

# ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਫਰੀ ਫਾਈਬਰੋ ਸਕੈਨ ਫਰੀ ਕੈਂਪ ਦਾ 208 ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com



ਬੰਗਾ 3 ਜੂਨ (ਚਰਨਜੀਤ ਸੱਲ੍ਹਾਂ) ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਅੱਜ ਲਿਵਰ ਦੀ ਜਾਂਚ ਦੇ ਵਿਸ਼ੇਸ਼ ਟੈਸਟ ਫਾਈਬਰੋ ਸਕੈਨ ਕਰਨ ਦਾ ਫਰੀ ਕੈਂਪ ਲਗਾਇਆ ਗਿਆ, ਜਿਸ ਦਾ 208 ਮਰੀਜ਼ਾਂ ਨੇ ਲਾਭ ਪ੍ਰਾਪਤ ਕੀਤਾ । ਇਸ ਕੈਂਪ ਬਾਰੇ ਹਸਪਤਾਲ ਪ੍ਰਬੰਧਕ ਟਰੱਸਟ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਸ. ਕੁਲਵਿੰਦਰ ਸਿੰਘ ਢਾਹਾਂ ਨੇ ਦੱਸਿਆ ਇਲਾਕੇ ਦੇ ਲੋੜਵੰਦਾਂ ਦੀ ਮਦਦ ਕਰਨ ਲਈ ਹਸਪਤਾਲ ਦੇ ਮੈਡੀਕਲ ਮਾਹਿਰ ਡਾ. ਵਿਵੇਕ ਗੁੰਬਰ ਦੀ ਅਗਵਾਈ ਹੇਠ ਲਿਵਰ ਦੀ ਜਾਂਚ ਕਰਨ ਵਾਲਾ ਫਾਈਬਰੋ ਸਕੈਨ ਟੈਸਟ ਮੁਫਤ ਕਰਨ ਦਾ ਵਿਸ਼ੇਸ਼ ਕੈਂਪ ਲੱਗਾ ਹੈ । ਇਸ ਮੌਕੇ ਸ. ਢਾਹਾਂ ਨੇ ਲੋੜਵੰਦ ਮਰੀਜ਼ਾਂ ਨੂੰ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮਿਲਦੀਆਂ ਰਿਆਇਤੀ ਮੈਡੀਕਲ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ ਦੀ ਵੀ ਅਪੀਲ ਕੀਤੀ । ਮੀਡੀਆ ਨਾਲ ਗੱਲਬਾਤ ਕਰਦੇ ਡਾ. ਵਿਵੇਕ ਗੁੰਬਰ ਨੇ ਦੱਸਿਆ ਕਿ ਇਸ ਫਾਈਬਰੋ ਸਕੈਨ ਫਰੀ ਕੈਂਪ ਦਾ ਲਾਭ ਫੈਟੀ ਲਿਵਰ, ਕਾਲਾ ਪੀਲੀਆ, ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਮੋਟਾਪਾ, ਉੱਚ ਕੈਲਸਟਰੋਲ, ਸਿਗਰਟ ਅਤੇ ਸ਼ਰਾਬ ਪੀਣ ਵਾਲੇ ਮਰੀਜ਼ਾਂ ਨੂੰ ਪ੍ਰਾਪਤ ਹੋਵੇਗਾ । ਹਸਪਤਾਲ ਵਿਖੇ ਫਰੀ ਸਕੈਨ ਕਰਵਾਉਣ ਪੁੱਜੇ ਮਰੀਜ਼ਾਂ ਨੇ ਲਿਵਰ ਦੀ ਬਿਮਾਰੀ ਤੋਂ ਪੀੜਤ ਮਰੀਜ਼ਾਂ ਲਈ ਵੱਡੇ ਸ਼ਹਿਰਾਂ 'ਚ ਹੋਣ ਵਾਲਾ ਸਕੈਨ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮੁਫਤ ਕੈਂਪ ਲਗਾ ਕੇ ਕਰਵਾਉਣ ਲਈ ਹਸਤਪਾਲ ਪ੍ਰਬੰਧਕਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਅੱਜ 208 ਮਰੀਜ਼ਾਂ ਨੇ ਫਰੀ ਫਾਈਬਰੋ ਸਕੈਨ ਕਰਵਾਇਆ ਅਤੇ ਹਸਪਤਾਲ ਦੇ ਮਾਹਿਰ ਡਾਕਟਰ ਸਾਹਿਬਾਨ ਤੋਂ ਆਪਣੇ ਇਲਾਜ ਲਈ ਸਲਾਹ ਮਸ਼ਵਰਾ ਕੀਤਾ ਗਿਆ । ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ ਮੈਡੀਕਲ ਸੁਪਰਡੈਂਟ, ਮਹਿੰਦਰਪਾਲ ਸਿੰਘ ਦਫਤਰ ਸੁਪਰਡੈਂਟ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ, ਅਮਨ ਗਿੱਲ ਮੈਡੀਕੋ ਮਾਰਕੀਟ ਮਨੈਜਰ ਜੀਡਸ ਤੋਂ ਇਲਾਵਾ ਗੁਰੂ ਨਾਨਕ ਮਿਸ਼ਨ ਹਸਪਤਾਲ ਦਾ ਸਟਾਫ ਵੀ ਹਾਜ਼ਰ ਸੀ ।

# ਵਿਦਿਆਰਥੀਆਂ ਨੂੰ ਸਫਲ ਹੋਣ ਲਈ ਆਪਣੀ ਰੁਚੀ ਮੁਤਾਬਕ ਕਰੀਅਰ ਨੂੰ ਚੁਣਨਾ ਚਾਹੀਦਾ ਹੈ -ਹਰਦੀਪ ਸਿੰਘ ਡਿੰਪੀ ਢਿੱਲੋਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com



ਬਠਿੰਡਾ, 3 ਜੂਨ ( ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੋਟਗੁਰੂ ) ਵਿੱਦਿਅਕ ਸੰਸਥਾ ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਬੀ.ਐਫ.ਜੀ. ਆਈ.) ਨੇ ਸਿੱਖਿਆ ਅਤੇ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਪਹਿਲਕਦਮੀ ਕਰਦਿਆਂ ਵਿਲੱਖਣ ਉਪਰਾਲੇ ਕੀਤੇ ਹਨ। ਅਜਿਹੇ ਉਪਰਾਲਿਆਂ ਦੀ ਲੜੀ ਵਿੱਚ ਅਕਾਦਮਿਕ ਤੌਰ 'ਤੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਦੀ ਪਰੰਪਰਾ ਨੂੰ ਬਰਕਰਾਰ ਰੱਖਦਿਆਂ ਬੀ.ਐਫ.ਜੀ.ਆਈ. ਵੱਲੋਂ ਪਿਛਲੇ ਸਾਲਾਂ ਦੀ ਤਰ੍ਹਾਂ 'ਬੀ.ਐਫ.ਜੀ. ਆਈ. ਅਕੈਡਮਿਕ ਅਚੀਵਰਜ਼ ਐਵਾਰਡ-2025' ਕਰਵਾਇਆ ਗਿਆ ਜਿਸ ਦਾ ਆਖ਼ਰੀ ਪੜਾਅ ਅੱਜ 3 ਜੂਨ, 2025 ਨੂੰ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਜਿਸ ਦੌਰਾਨ 10ਵੀਂ ਅਤੇ 12ਵੀਂ ਦੇ ਨਤੀਜੇ ਵਿੱਚ 80 ਫ਼ੀਸਦੀ ਤੋਂ ਵਧੇਰੇ ਅੰਕ ਪ੍ਰਾਪਤ ਕਰਨ ਵਾਲੇ ਪੰਜਾਬ ਹਰਿਆਣਾ ਅਤੇ ਰਾਜਸਥਾਨ ਦੇ ਵੱਖ-ਵੱਖ ਜ਼ਿਲ੍ਹਿਆਂ ਦੇ 60 ਤੋਂ ਵੀ ਵੱਧ ਸਕੂਲਾਂ ਦੇ ਲਗਭਗ 1200 ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਾਲ 2024-25 ਦੌਰਾਨ 10ਵੀਂ ਅਤੇ 12ਵੀਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਵਾਲੇ ਵੱਖ-ਵੱਖ ਸਕੂਲਾਂ ਤੋਂ ਆਏ ਹੋਏ ਪ੍ਰਿੰਸੀਪਲਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਦੱਸਣਯੋਗ ਹੈ ਇਸ ਤੋਂ ਪਹਿਲਾਂ 'ਬੀ.ਐਫ.ਜੀ.ਆਈ. ਅਕੈਡਮਿਕ ਅਚੀਵਰਜ਼ ਐਵਾਰਡ-2025' ਤਹਿਤ 1500 ਤੋਂ ਵਧੇਰੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾ ਚੁੱਕਾ ਹੈ। ਅੱਜ ਦੇ ਸਮਾਗਮ ਵਿੱਚ ਸ. ਹਰਦੀਪ ਸਿੰਘ ਡਿੰਪੀ ਢਿੱਲੋਂ, ਐਮ.ਐਲ.ਏ., ਗਿੱਦੜਬਾਹਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦੋਂ ਕਿ ਇਸ ਸਮਾਗਮ ਦੀ ਪ੍ਰਧਾਨਗੀ ਬੀ.ਐਫ.ਜੀ.ਆਈ. ਦੇ ਕੈਂਪਸ ਡਾਇਰੈਕਟਰ ਪ੍ਰੋ. (ਡਾ.) ਐਮ.ਪੀ. ਪੂਨੀਆ (ਸਾਬਕਾ ਵਾਈਸ ਚੇਅਰਮੈਨ ਏ.ਆਈ. ਸੀ.ਟੀ.ਈ., ਨਵੀਂ ਦਿੱਲੀ) ਨੇ ਕੀਤੀ। ਇਸ ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਸ਼ਮ੍ਹਾ ਰੌਸ਼ਨ ਕਰ ਕੇ ਕੀਤੀ ਗਈ। ਇਸ ਮੌਕੇ ਬੀ.ਐਫ.ਜੀ.ਆਈ. ਦੇ ਡਿਪਟੀ ਡਾਇਰੈਕਟਰ (ਕੈਰੀਅਰ ਗਾਈਡੈਂਸ ਐਂਡ ਕਾਊਂਸਲਿੰਗ) ਸ੍ਰੀ ਬੀ.ਡੀ. ਸ਼ਰਮਾ ਨੇ ਇਸ ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ, ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਵੱਖ ਵੱਖ ਸਕੂਲਾਂ ਤੋਂ ਆਏ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਸ਼ਾਨਦਾਰ ਨਤੀਜੇ ਹਾਸਲ ਕਰਨ ਦੀ ਵਧਾਈ ਦਿੱਤੀ।

ਬੀ.ਐਫ.ਜੀ.ਆਈ. ਦੇ ਕੈਂਪਸ ਡਾਇਰੈਕਟਰ ਪ੍ਰੋ. (ਡਾ.) ਐਮ.ਪੀ. ਪੂਨੀਆ ਨੇ ਵੀ ਹਾਜ਼ਰੀਨ ਨੂੰ ਜੀ ਆਇਆਂ ਕਿਹਾ ਅਤੇ ਆਏ ਹੋਏ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕਰਨ ਨਾਲ ਉਹ ਹੋਰ ਵੀ ਵਧੀਆ ਨਤੀਜੇ ਹਾਸਲ ਕਰਨ ਲਈ ਉਤਸ਼ਾਹਿਤ ਹੁੰਦੇ ਹਨ। ਇਸੇ ਉਤਸ਼ਾਹ ਅਤੇ ਪ੍ਰੇਰਨਾ ਸਦਕਾ ਹੀ ਹੋਣਹਾਰ ਵਿਦਿਆਰਥੀ ਆਪਣੇ ਮਾਪਿਆਂ, ਸਕੂਲ ਅਤੇ ਦੇਸ਼ ਦਾ ਨਾਂ ਰੌਸ਼ਨ ਕਰਦੇ ਹਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਐਲਾਨ ਕਰਦਿਆਂ ਡਾ.ਪੂਨੀਆ ਨੇ ਕਿਹਾ ਕਿ ਆਰਥਿਕ ਤੌਰ 'ਤੇ ਕੰਮਜ਼ੋਰ ਸ਼੍ਰੇਣੀ ਨਾਲ ਸੰਬੰਧਤ ਅਗਰ ਕੋਈ ਵੀ ਮੈਰਿਟ ਹੋਲਡਰ ਵਿਦਿਆਰਥੀ ਬੀ.ਐਫ.ਜੀ.ਆਈ. ਵਿਖੇ ਪੜ੍ਹਾਈ ਕਰਨਾ ਚਾਹੁੰਦਾ ਹੈ ਤਾਂ ਬੀ.ਐਫ.ਜੀ.ਆਈ.ਵੱਲੋਂ ਉਸ ਨੂੰ 100% ਸਕਾਲਰਸ਼ਿਪ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨੇ ਬੀ.ਐਫ.ਜੀ.ਆਈ. ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਬੀ.ਐਫ.ਜੀ.ਆਈ. ਨੂੰ ਨੈਕ ਗ੍ਰੇਡ ਏ+ ਮਿਲਿਆ ਹੋਇਆ ਹੈ ਅਤੇ ਹੁਣ ਯੂ.ਜੀ. ਸੀ. ਨੇ ਵੀ ਧਾਰਾ 2(ਐਫ) ਦੇ ਤਹਿਤ ਬੀ.ਐਫ.ਜੀ.ਆਈ. ਨੂੰ ਆਪਣੀ ਮਾਨਤਾ ਦੇ ਦਿੱਤੀ ਹੈ। ਜਿਸ ਨਾਲ ਹੁਣ ਅਕਾਦਮਿਕ ਦੇ ਨਾਲ-ਨਾਲ ਰਿਸਰਚ, ਇਨੋਵੇਸ਼ਨ ਅਤੇ ਸਟਾਰਟਅੱਪ ਆਦਿ ਦੇ ਕਾਰਜ ਹੋਰ ਵੀ ਜੋਸ਼ੋ ਖ਼ਰੋਸ਼ ਨਾਲ ਇਥੇ ਸ਼ੁਰੂ ਹੋ ਜਾਣਗੇ ਜਿਸ ਦਾ ਭਰਪੂਰ ਲਾਭ ਸਮੁੱਚੇ ਇਲਾਕੇ ਦੇ ਵਿਦਿਆਰਥੀਆਂ ਨੂੰ ਹੋਵੇਗਾ। ਮੁੱਖ ਮਹਿਮਾਨ ਹਰਦੀਪ ਸਿੰਘ ਢਿੱਲੋਂ, ਐਮ.ਐਲ.ਏ., ਗਿੱਦੜਬਾਹਾ ਨੇ ਆਪਣੇ ਸੰਬੋਧਨ ਦੌਰਾਨ ਬੀ.ਐਫ.ਜੀ.ਆਈ. ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੀ ਰੁਚੀ ਮੁਤਾਬਕ ਆਪਣੇ ਕੈਰੀਅਰ ਨੂੰ ਚੁਣਨ ਕਿਉਂਕਿ ਸਫਲਤਾ ਸਾਨੂੰ ਆਪਣੇ ਮਨਪਸੰਦ ਕੰਮ ਵਿੱਚ ਹੀ ਮਿਲ ਸਕਦੀ ਹੈ। ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਤੁਸੀਂ ਜੋ ਬਣਨਾ ਚਾਹੁੰਦੇ ਹੋ ਬਣ ਸਕਦੇ ਹੋ ਪਰ ਉਸ ਸੰਬੰਧੀ ਹੁਨਰ, ਗਿਆਨ ਹਾਸਲ ਕਰਨ ਲਈ ਲਗਾਤਾਰ ਸਖ਼ਤ ਮਿਹਨਤ ਕਰਨ ਦੀ ਲੋੜ ਹੁੰਦੀ ਹੈ। ਉਨ੍ਹਾਂ ਨੇ ਸੁਝਾਅ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਲਈ ਬਾਹਰਲੇ ਦੇਸ਼ਾਂ ਦੀ ਤਰਜ਼ 'ਤੇ ਸ਼ਿਸ਼ਟਾਚਾਰ ਸੰਬੰਧੀ ਕਲਾਸਾਂ ਵੀ ਲਾਜ਼ਮੀ ਲਗਣੀਆਂ ਚਾਹੀਦੀਆਂ ਹਨ ਜਿਸ ਨਾਲ ਵਿਦਿਆਰਥੀਆਂ ਦੀ ਸ਼ਖ਼ਸੀਅਤ ਵਿੱਚ ਹੋਰ ਨਿਖਾਰ ਆਵੇਗਾ ਜਿਸ 'ਤੇ ਸੰਸਥਾ ਮਾਣ ਕਰ ਸਕੇਗੀ। ਉਨ੍ਹਾਂ ਨੇ ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ.ਗੁਰਮੀਤ ਸਿੰਘ ਧਾਲੀਵਾਲ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਦੂਰ ਦ੍ਰਿਸ਼ਟੀ ਅਤੇ ਵਚਨਬੱਧਤਾ ਸਦਕਾ ਇਹ ਸੰਸਥਾ ਲਗਾਤਾਰ ਬੁਲੰਦੀਆਂ ਨੂੰ ਛੂਹ ਰਹੀ ਹੈ। ਉਨ੍ਹਾਂ ਨੇ ਬੀ.ਐਫ.ਜੀ.ਆਈ. ਦੀ ਸਮੁੱਚੀ ਮੈਨੇਜਮੈਂਟ, ਕੈਂਪਸ ਡਾਇਰੈਕਟਰ ਪ੍ਰੋ. (ਡਾ.) ਐਮ.ਪੀ. ਪੂਨੀਆ, ਡਿਪਟੀ ਡਾਇਰੈਕਟਰ (ਕੈਰੀਅਰ ਗਾਈਡੈਂਸ ਐਂਡ ਕਾਊਂਸਲਿੰਗ) ਸ੍ਰੀ ਬੀ.ਡੀ. ਸ਼ਰਮਾ, ਅਸਿਸਟੈਂਟ ਡਾਇਰੈਕਟਰ (ਐਡਮਨ) ਡਾ.ਰਜਿੰਦਰ ਸਿੰਘ ਧਨੋਆ, ਪ੍ਰਿੰਸੀਪਲਾਂ , ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਦਾ ਅਜਿਹੇ ਸ਼ਾਨਦਾਰ ਤੇ ਪ੍ਰਭਾਵਸ਼ਾਲੀ ਸਮਾਗਮ ਦੇ ਆਯੋਜਨ ਲਈ ਦਿਲੋਂ ਧੰਨਵਾਦ ਕੀਤਾ। ਇਸ ਉਪਰੰਤ ਉਨ੍ਹਾਂ ਨੇ ਪੰਜਾਬ , ਹਰਿਆਣਾ ਅਤੇ ਰਾਜਸਥਾਨ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਹੋਏ 60 ਤੋਂ ਵਧੇਰੇ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ।ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ.ਗੁਰਮੀਤ ਸਿੰਘ ਧਾਲੀਵਾਲ ਨੇ ਵੀ ਸਨਮਾਨਿਤ ਕੀਤੇ ਗਏ ਹੋਣਹਾਰ ਵਿਦਿਆਰਥੀਆਂ ਨੂੰ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

ਇਸ ਸਮਾਗਮ ਵਿੱਚ ਪਹੁੰਚੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਹ ਬੀ.ਐਫ.ਜੀ.ਆਈ ਦਾ ਬਹੁਤ ਵੱਡਾ ਤੇ ਵਧੀਆ ਉਪਰਾਲਾ ਹੈ ਜਿਸ ਨਾਲ ਹੋਣਹਾਰ ਵਿਦਿਆਰਥੀਆਂ ਨੂੰ ਬਹੁਤ ਮਾਣ ਮਹਿਸੂਸ ਹੋਇਆ ਹੈ। ਸਨਮਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੇ ਬੀ.ਐਫ. ਜੀ.ਆਈ ਦੀ ਸਮੁੱਚੀ ਮੈਨੇਜਮੈਂਟ ਦਾ ਧੰਨਵਾਦ ਕਰਦਿਆਂ ਕਿਹਾ ਕਿ 'ਅਕੈਡਮਿਕ ਅਚੀਵਰਜ਼ ਐਵਾਰਡ' ਪ੍ਰਾਪਤ ਕਰ ਕੇ ਉਨ੍ਹਾਂ ਨੂੰ ਬਹੁਤ ਖ਼ੁਸ਼ੀ ਅਤੇ ਹੌਸਲਾ ਅਫ਼ਜ਼ਾਈ ਮਿਲੀ ਹੈ। ਅੰਤ ਵਿੱਚ ਅਸਿਸਟੈਂਟ ਡਾਇਰੈਕਟਰ (ਐਡਮਨ) ਡਾ.ਰਜਿੰਦਰ ਸਿੰਘ ਧਨੋਆ ਨੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਪਾਏ ਯੋਗਦਾਨ ਲਈ ਸਭਨਾਂ ਦਾ ਧੰਨਵਾਦ ਕੀਤਾ।

# ਸੀਐਮ ਮਾਨ ਨੇ ਲਗਾਤਾਰ ਤੀਜੇ ਦਿਨ ਸੱਦੀ ਕੈਬਨਿਟ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲਗਾਤਾਰ ਤੀਜੇ ਦਿਨ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਬੁੱਧਵਾਰ ਨੂੰ ਦੁਪਹਿਰ 12 ਵਜੇ ਮੁੱਖ ਮੰਤਰੀ ਨਿਵਾਸ ਸਥਾਨ 'ਤੇ ਸੱਦੀ ਗਈ ਹੈ। ਲੁਧਿਆਣਾ ਪੱਛਮੀ ਚੋਣਾਂ ਤੋਂ ਪਹਿਲਾਂ ਸੱਦੀ ਇਸ ਮੀਟਿੰਗ ਤੇ ਸਭ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ ਮੰਨਿਆ ਜਾ ਰਿਹਾ ਹੈ ਕਿ ਭਲਕੇ ਕਈ ਵੱਡੇ ਫੈਸਲਿਆਂ 'ਤੇ ਮੋਹਰ ਲੱਗੇਗੀ।

ਦੱਸ ਦਈਏ ਕਿ ਪੰਜਾਬ ਕੈਬਨਿਟ ਦੀ ਮੀਟਿੰਗ ਚ 'ਅੱਜ ਅਨੁਸੂਚਿਤ ਜਾਤੀ ਪਰਿਵਾਰਾਂ ਦਾ ਕਰਜ਼ਾ ਮੁਆਫ਼ ਕਰਨ ਦਾ ਫੈਸਲਾ ਲਿਆ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਇਹ ਹਜ਼ਾਰਾਂ ਪਰਿਵਾਰਾਂ ਲਈ ਰਾਹਤ ਦਾ ਦਿਨ ਹੈ। ਵਿੱਤ ਮੰਤਰੀ ਵੱਲੋਂ ਬਜਟ ਵਿੱਚ ਕੀਤੇ ਗਏ ਵਾਅਦੇ ਨੂੰ ਕੈਬਨਿਟ ਨੇ ਮਨਜ਼ੂਰੀ ਦੇ ਦਿੱਤੀ ਹੈ। ਅਨੁਸੂਚਿਤ ਜਾਤੀ ਪਰਿਵਾਰਾਂ 'ਤੇ 68 ਕਰੋੜ ਰੁਪਏ ਦਾ ਕਰਜ਼ਾ ਸੀ। 31 ਮਾਰਚ, 2020 ਤੱਕ ਦਿੱਤੇ ਗਏ ਕਰਜ਼ੇ ਮੁਆਫ਼ ਕੀਤੇ ਜਾ ਰਹੇ ਹਨ। ਇਸ ਨਾਲ 4727 ਪਰਿਵਾਰਾਂ ਨੂੰ ਲਾਭ ਹੋਵੇਗਾ।

ਇਸ ਤੋਂ ਪਹਿਲਾਂ ਕੱਲ੍ਹ ਹੋਈ ਮੀਟਿੰਗ ਵਿੱਚ ਲੈਂਡ ਪੂਲਿੰਗ ਨੀਤੀ ਨੂੰ ਮਨਜ਼ੂਰੀ ਦਿੱਤੀ ਗਈ ਸੀ। ਇਹ ਵੀ ਦਾਅਵਾ ਕੀਤਾ ਗਿਆ ਸੀ ਕਿ ਇਹ ਸੂਬੇ ਦੀ ਹੁਣ ਤੱਕ ਦੀ ਸਭ ਤੋਂ ਵਧੀਆ ਨੀਤੀ ਹੈ। ਇਸ ਨੀਤੀ ਦਾ ਕਿਸਾਨਾਂ ਨੂੰ ਫਾਇਦਾ ਹੋਵੇਗਾ।

# ਬਾਲ ਭਲਾਈ ਕਮੇਟੀ ਤੇ ਜੁਵੇਨਾਇਲ ਜਸਟਿਸ ਬੋਰਡ ਦਾ ਹੋਵੇਗਾ ਪੁਨਰਗਠਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

ਬਠਿੰਡਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਜੁਵੇਨਾਇਲ ਜਸਟਿਸ (ਕੇਅਰ ਐਂਡ ਪ੍ਰੋਟੈਕਸ਼ਨ ਆਫ ਚਿਲਡਰਨ) ਐਕਟ, 2015 ਅਤੇ ਜੁਵੇਨਾਇਲ ਮੋਡਲ ਰੂਲ 2016 ਦੇ ਤਹਿਤ ਰਾਜ ਸਰਕਾਰ ਵੱਲੋਂ ਬੱਚਿਆਂ ਦੀਆਂ ਸੁਰੱਖਿਆ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਗਠਨ ਕੀਤਾ ਜਾਂਦਾ ਹੈ।ਡਿਪਟੀ ਕਮਿਸ਼ਨਰ ਨੇ ਅੱਗੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਕੇਲ ਬੱਚਿਆਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਬੱਚਿਆਂ ਦੀ ਸਾਂਭ-ਸੰਭਾਲ ਅਤੇ ਸੁਰੱਖਿਆ ਸਬੰਧੀ ਉਹਨਾਂ ਦੇ ਹਿੱਤਾਂ ਵਿੱਚ ਫੈਸਲੇ ਲੈਣ ਦਾ ਅਧਿਕਾਰ ਹੁੰਦਾ ਹੈ। ਜਿਲ੍ਹੇ ਵਿੱਚ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਗਠਨ 03 ਸਾਲ ਲਈ ਕੀਤਾ ਜਾਂਦਾ ਹੈ। ਮੌਜੂਦਾ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਕਾਰਜਕਾਲ ਖਤਮ ਹੋ ਗਿਆ ਹੈ। ਇਸ ਲਈ ਹੁਣ ਜੁਵੇਨਾਇਲ ਜਸਟਿਸ ਬੋਰਡ ਅਤੇ ਬਾਲ ਭਲਾਈ ਕਮੇਟੀ ਦਾ ਪੁਨਰਗਠਨ ਕੀਤਾ ਜਾਣਾ ਹੈ।ਉਨ੍ਹਾਂ ਦੱਸਿਆ ਕਿ ਜਿਸ ਤਹਿਤ ਜੁਵੇਨਾਇਲ ਜਸਟਿਸ ਬੋਰਡ ਲਈ 02 ਨਵੇਂ ਯੋਗ ਮੈਂਬਰਾਂ ਅਤੇ ਬਾਲ ਭਲਾਈ ਕਮੇਟੀ ਲਈ 1 ਚੇਅਰਪ੍ਰਸਨ ਅਤੇ 4 ਮੈਂਬਰਾਂ ਦੀ ਨਿਯੁਕਤੀ ਕੀਤੀ ਜਾਣੀ ਹੈ। ਇਹਨਾਂ ਦੀ ਨਿਯੁਕਤੀ ਜੁਵੇਨਾਇਲ ਜਸਟਿਸ ਐਕਟ ਦੇ ਤਹਿਤ ਕੀਤੀ ਜਾਵੇਗੀ। ਜੁਵੇਨਾਇਲ ਜਸਟਿਸ ਬੋਰਡ ਅਤੇ ਬਾਲ ਭਲਾਈ ਕਮੇਟੀ ਵਿੱਚ ਅਪਲਾਈ ਕਰਨ ਲਈ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਚੰਡੀਗੜ੍ਹ ਦੀ ਵੈਬਸਾਇਟ ਉਤੇ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਯੋਗ ਉਮੀਦਵਾਰ ਅਪਲਾਈ ਕਰ ਸਕਦੇ ਹਨ।ਵਧੇਰੇ ਜਾਣਕਾਰੀ ਲਈ ਜਿਲ੍ਹਾ ਬਾਲ ਸੁਰੱਖਿਆ ਅਫਸਰ, ਬਠਿੰਡਾ, (ਮਿੰਨੀ ਸਕੱਤਰੇਤ ,ਦੂਜੀ ਮੰਜਿਲ, ਕਮਰਾ ਨੰ 313 ਐਮ) ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਯੋਗ ਉਮੀਦਵਾਰ ਆਪਣੀ ਬਿਨੈ ਪੱਤਰ ਵਿਭਾਗ ਦੇ ਦਫਤਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਚੰਡੀਗੜ੍ਹ ਐਸ.ਸੀ.ਓ ਨੰ 102-103 ਸੈਕਟਰ 34-ਏ ਚੰਡੀਗੜ੍ਹ ਵਿਖੇ ਰਜਿਸਟਰ ਡਾਕ, ਸਪੀਡ ਪੋਸਟ ਤੇ ਈ-ਮੇਲ ਆਈ.ਡੀ. cwcjjbrecruitment@punjab.gov.in ਰਾਹੀਂ ਅਪਲਾਈ ਕਰ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਬਿਨੈ ਪੱਤਰ ਦਾਖਲ ਕਰਨ ਦੀ ਅੰਤਿਮ ਮਿਤੀ 17 ਜੂਨ 2025 ਹੈ

# ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਸਬੰਧੀ ਆਧੁਨਿਕ ਤਕਨੀਕਾਂ ਬਾਰੇ ਕਰਵਾਇਆ ਜਾਣੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

ਬਠਿੰਡਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ) -'ਵਿਕਸਿਤ ਕ੍ਰਿਸ਼ੀ ਸੰਕਲਪ' ਅਭਿਆਨ 2025 ਤਹਿਤ ਸਾਉਣੀ ਦੀਆਂ ਫਸਲਾਂ ਪ੍ਰਤੀ ਜਾਗਰੂਕ ਕਰਨ ਲਈ ਸਥਾਨਕ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਜ਼ਿਲ੍ਹੇ ਦੇ ਪਿੰਡ ਜੈ ਸਿੰਘ, ਬਾਜਕ, ਘੁੱਦਾ ਅਤੇ ਕੋਠੇ ਗੁਰੂ ਵਿੱਚ ਕੈਂਪਾਂ ਲਗਾਏ ਗਏ। ਇਨ੍ਹਾਂ ਕੈਂਪਾਂ 'ਚ ਕਿਸਾਨਾਂ ਨੂੰ ਖੇਤੀਬਾੜੀ ਨਾਲ



ਸਬੰਧਤ ਨਵੀਆਂ ਤਕਨੀਕਾਂ ਤੇ ਬੀਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਇਸ ਦੌਰਾਨ ਕੇ.ਵੀ.ਕੇ ਦੀ ਟੀਮ ਦੇ ਪ੍ਰੋ ਪ੍ਰਸਾਰ ਸਿੱਖਿਆ ਡਾ.ਗੁਰਮੀਤ ਸਿੰਘ ਵਲੋਂ ਸਾਉਣੀ ਦੀਆਂ ਫਸਲਾਂ ਦੀ ਬਿਜਾਈ ਸਬੰਧੀ ਨੁਕਤੇ, ਬੀਜ ਸੋਧ, ਸੰਯੁਕਤ ਕੀਟ ਪ੍ਰਬੰਧਨ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਗਈ।ਇਸ ਦੌਰਾਨ ਸਹਾਇਕ ਪ੍ਰੋਫੈਸਰ (ਪ੍ਰੋਸੈਸਿੰਗ ਤੇ ਫੂਡ ਇੰਜੀਨਰਿੰਗ) ਡਾ.ਰਮਨਦੀਪ ਕੌਰ ਨੇ ਬੀਜਾਂ ਦੀ ਸਾਂਭ-ਸੰਭਾਂਲ, ਸੁਚੱਜਾ ਮੰਡੀਕਰਨ, ਤੇਲ ਬੀਜ ਅਤੇ ਦਾਲ ਫਸਲਾਂ ਦੀ ਪ੍ਰੋਸੈਸਿੰਗ ਅਤੇ ਪੈਕਿੰਗ ਕਰਕੇ ਮੁੱਲ ਵਧਾਊ ਉਤਪਾਦ ਪੈਦਾ ਕਰਨ ਸੰਬੰਧੀ ਕਿਸਾਨਾਂ ਨਾਲ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ।ਇਸ ਮੌਕੇ ਕਿਸਾਨਾਂ ਦੇ ਖੇਤਾਂ ਦਾ ਦੌਰਾ ਕਰਕੇ ਝੋਨੇ ਦੀ ਪਨੀਰੀ ਦੀਆਂ ਸਮੱਸਿਆ ਦਾ ਮੁਆਇਨਾ ਕੀਤਾ ਗਿਆ ਤੇ ਖੇਤੀ ਸੰਬੰਧੀ ਸਾਹਿਤ ਅਤੇ ਪ੍ਰਕਾਸ਼ਨਾਵਾਂ ਵੀ ਕਿਸਾਨਾਂ ਨੂੰ ਮੁਹੱਈਆ ਕਰਵਾਇਆ ਗਈਆਂ। ਇਸ ਮੌਕੇ ਕਿਸਾਨਾਂ ਤੇ ਕਿਸਾਨ ਬੀਬੀਆਂ ਵਲੋਂ ਕੇ.ਵੀ.ਕੇ. ਦੀਆਂ ਟੀਮਾਂ ਨੂੰ ਪੂਰਨ ਸਹਿਯੋਗ ਦਿੱਤਾ ਗਿਆ।

# ਸ. ਵਿਕਰਮਜੀਤ ਸਿੰਘ ਚੌਧਰੀ ਦੀ ਕਾਂਗਰਸ 'ਚ ਵਾਪਸੀ 'ਤੇ ਹਲਕਾ ਫਿਲੌਰ ਦੇ ਸਮੁੱਚੇ ਵਰਕਰਾਂ 'ਚ ਭਾਰੀ ਉਤਸ਼ਾਹ-ਹੈਪੀ ਜੌਹਲ ਖਾਲਸਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

*ਸਮੁੱਚੀ ਕਾਂਗਰਸ ਹਾਈਕਮਾਂਡ ਤੇ ਲੀਡਰਸ਼ਿਪ ਦਾ ਵੀ ਕੀਤਾ ਧੰਨਵਾਦ*

ਫਿਲੌਰ / ਅੱਪਰਾ (ਦੀਪਾ)-ਵਿਧਾਨ ਸਭਾ ਹਲਕਾ ਫਿਲੌਰ ਤੋਂ ਕਾਂਗਰਸ ਦੇ ਹਲਕਾ ਵਿਧਾਇਕ ਸ. ਵਿਕਰਮਜੀਤ ਸਿੰਘ ਦੀ ਮੁਅੱਤਲੀ ਕਾਂਗਰਸ ਹਾਈਕਮਾਂਡ ਵਲੋਂ ਰੱਦ ਕਰ



ਦਿੱਤੀ ਗਈ ਹੈ ਤੇ ਉਨ੍ਹਾਂ ਦੀ ਕਾਂਗਰਸ 'ਚ ਵਾਪਸੀ ਹੋਈ ਹੈ | ਇਸ ਸੰਬੰਧ 'ਚ ਮੀਡੀਆ ਨਾਲ ਗੱਲਬਾਤ ਕਰਦਿਆਂ ਕਾਂਗਰਸ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਹੈਪੀ ਜੌਹਲ ਖਾਲਸਾ ਨੇ ਕਿਹਾ ਕਿ ਸ. ਵਿਕਰਮਜੀਤ ਸਿੰਘ ਚੌਧਰੀ ਦੀ ਕਾਂਗਰਸ 'ਚ ਵਾਪਸੀ ਦੇ ਕਾਰਣ ਹਲਕਾ ਫਿਲੌਰ ਦੇ ਸਮੁੱਚੇ ਕਾਂਗਰਸੀ ਵਰਕਰਾਂ 'ਚ ਭਾਰੀ ਉਤਸ਼ਾਹ ਹੈ | ਇਸ ਮੌਕੇ ਉਨ੍ਹਾਂ ਸ. ਵਿਕਰਮਜੀਤ ਚੌਧਰੀ ਦਾ ਲੱਡੂਆਂ ਨਾਲ ਮੂੰਹ ਵੀ ਮਿੱਠਾ ਕਰਵਾਇਆ | ਉਨ੍ਹਾਂ ਜਿੱਥੇ ਸਮੂਹ ਕਾਂਗਰਸੀ ਵਰਕਰਾਂ ਨੂੰ ਮੁਬਾਰਕਬਾਦ ਦਿੱਤੀ, ਉੱਥੇ ਹੀ ਉਨ੍ਹਾਂ ਕਾਂਗਰਸ ਦੀ ਹਾਈਕਮਾਂਡ, ਵਿਰੋਧੀ ਧਿਰ ਦੇ ਨੇਤਾ ਸ. ਪ੍ਰਤਾਪ ਸਿੰਘ ਬਾਜਵਾ, ਕਾਂਗਰਸ ਪੰਜਾਬ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ , ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ |

# ਪੰਜਾਬੀ ਯੂਨੀਵਰਸਿਟੀ ਵਿਖੇ ਡਾ. ਰਾਜਵੰਤ ਕੌਰ ਪੰਜਾਬੀ ਨੇ ਪੰਜਾਬੀ ਵਿਭਾਗ ਦੇ ਮੁਖੀ ਵਜੋਂ ਅਹੁਦਾ ਸੰਭਾਲਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

ਪਟਿਆਲਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਪੰਜਾਬੀ ਯੂਨੀਵਰਸਿਟੀ ਵਿਖੇ ਡਾ.ਰਾਜਵੰਤ ਕੌਰ ਪੰਜਾਬੀ ਨੇ ਪੰਜਾਬੀ ਵਿਭਾਗ ਦੇ ਮੁਖੀ ਵਜੋਂ ਅਹੁਦਾ ਸੰਭਾਲ ਲਿਆ ਹੈ। ਜ਼ਿਕਰਯੋਗ ਹੈ ਕਿ ਸਟੇਟ ਐਵਾਰਡੀ ਡਾ.ਰਾਜਵੰਤ ਕੌਰ ਪੰਜਾਬੀ ਨੇ ਐੱਮ.ਏ. (ਪੰਜਾਬੀ ਅਤੇ ਧਰਮ ਅਧਿਐਨ) ਅਤੇ ਪੀ-ਐੱਚ.ਡੀ.ਆਦਿ ਉਚ ਅਕਾਦਮਿਕ ਡਿਗਰੀਆਂ ਪ੍ਰਾਪਤ ਕਰਨ ਦੇ ਨਾਲ ਉਰਦੂ ਅਤੇ ਫ਼ਾਰਸੀ ਜ਼ੁਬਾਨਾਂ ਵਿਚ ਤਾਲੀਮ ਪ੍ਰਾਪਤ ਕਰਨ ਉਪਰੰਤ ਪਹਿਲਾਂ ਯੂਨੀਵਰਸਿਟੀ ਵਿੱਚ ਸਥਿਤ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੇ ਤਕਨੀਕੀ ਵਿਕਾਸ ਦਾ ਉਚਤਮ ਕੇਂਦਰ ਵਿਖੇ ਬਤੌਰ ਲੈਕਚਰਾਰ ਸੇਵਾਵਾਂ ਨਿਭਾਈਆਂ ਹਨ। ਉਹ ਸਾਲ 2011 ਦੌਰਾਨ ਪੰਜਾਬੀ ਵਿਭਾਗ ਵਿਖੇ ਬਤੌਰ ਅਸਿਸਟੈਂਟ ਪ੍ਰੋਫ਼ੈਸਰ ਹਾਜ਼ਰ ਹੋਏ ਸਨ। ਆਪਣਾ ਚਾਰਜ ਸੰਭਾਲਣ ਉਪਰੰਤ ਡਾ.ਪੰਜਾਬੀ ਨੇ ਵਾਹਿਗੁਰੂ ਦੇ ਸ਼ੁਕਰਾਨੇ ਦੇ




ਨਾਲ - ਨਾਲ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ.ਜਗਦੀਪ ਸਿੰਘ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਲਈ ਉਸ ਵਿਭਾਗ ਦੇ ਮੁਖੀ ਵਜੋਂ ਚਾਰਜ ਸੰਭਾਲਣਾ ਬੜੇ ਫ਼ਖ਼ਰ ਵਾਲੀ ਗੱਲ ਹੈ ਜਿਸ ਦੀ ਵਾਗਡੋਰ ਵੱਡੇ ਅਤੇ ਸਥਾਪਿਤ ਵਿਦਵਾਨ ਅਧਿਆਪਕਾਂ ਦੇ ਹੱਥ ਰਹੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਤਰਜੀਹ ਆਪਣੇ ਵਿਭਾਗ ਦੇ ਸਮੁੱਚੇ ਸਟਾਫ਼ ਦੇ ਸਹਿਯੋਗ ਨਾਲ ਪੰਜਾਬੀ ਵਿਭਾਗ ਨੂੰ ਉਸਾਰੂ ਖੋਜਾਤਮਕ ਕਾਰਜਾਂ,ਨਵੀਆਂ ਅਧਿਐਨ ਅਤੇ ਅਧਿਆਪਨ ਵਿਧੀਆਂ ਅਤੇ ਠੋਸ ਕਿਸਮ ਦੀਆਂ ਕਾਨਫਰੰਸਾਂ ਅਤੇ ਸੈਮੀਨਾਰਾਂ ਦੇ ਮਾਧਿਅਮ ਦੁਆਰਾ ਸਿਖ਼ਰਾਂ ਉੱਤੇ ਲਿਜਾਣ ਦੀ ਪੁਰਜ਼ੋਰ ਕੋਸ਼ਿਸ਼ ਰਹੇਗੀ।

ਉਨ੍ਹਾਂ ਵੱਲੋਂ ਅਹੁਦਾ ਸੰਭਾਲੇ ਜਾਣ ਮੌਕੇ ਯੂਨੀਵਰਸਿਟੀ ਦੇ ਡਾਇਰੈਕਟਰ,ਯੋਜਨਾ ਤੇ ਨਿਰੀਖਣ ਡਾ. ਜਸਵਿੰਦਰ ਸਿੰਘ, ਡੀਨ ਭਾਸ਼ਾਵਾਂ ਡਾ.ਬਲਵਿੰਦਰ ਕੌਰ ਸਿੱਧੂ, ਡਾ.ਪੁਸ਼ਪਿੰਦਰ ਕੌਰ, ਮੁੱਖ ਮੈਡੀਕਲ ਅਫ਼ਸਰ ਡਾ.ਰੇਗੀਨਾ ਮੈਣੀ, ਸਾਬਕਾ ਮੁਖੀ ਡਾ.ਗੁਰਮੁਖ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਵਿਭਾਗਾਂ ਦੇ, ਮੁਖੀ, ਅਧਿਆਪਕ, ਖੋਜਾਰਥੀ ਅਤੇ ਵਿਦਿਆਰਥੀ ਹਾਜ਼ਰ ਰਹੇ।

ਜ਼ਿਕਰਯੋਗ ਹੈ ਕਿ ਡਾ.ਰਾਜਵੰਤ ਕੌਰ 'ਪੰਜਾਬੀ ਦੀਆਂ ਹੁਣ ਤੱਕ 21 ਪੁਸਤਕਾਂ ਛਪ ਚੁੱਕੀਆਂ ਹਨ ਜਿਨ੍ਹਾਂ ਵਿਚ ਮੌਲਿਕ, ਖੋਜ, ਸੰਪਾਦਨ, ਲਿਪੀਅੰਤ੍ਰਣ, ਅਨੁਵਾਦ ਅਤੇ ਬਾਲ ਸਾਹਿਤ ਆਦਿ ਸ਼ਾਮਿਲ ਹਨ। ਉਹਨਾਂ ਦੀ ਪੁਸਤਕ 'ਸਿਹਰਾ ਤੇ ਸਿੱਖਿਆ ਸੰਕਲਨ ਅਤੇ ਮੁਲਾਂਕਣ' ਨੂੰ ਭਾਸ਼ਾ ਵਿਭਾਗ,ਪੰਜਾਬ ਵੱਲੋਂ ਸਾਲ 2010 ਵਿਚ ਸਰਬੋਤਮ ਪੁਸਤਕ ਪੁਰਸਕਾਰ ਪ੍ਰਾਪਤ ਹੋਇਆ ਸੀ। ਮੌਜੂਦਾ ਸਮੇਂ ਸਾਹਿਤਯ ਅਕਾਦਮੀ ਦਿੱਲੀ ਅਤੇ ਭਾਸ਼ਾ ਵਿਭਾਗ,ਪੰਜਾਬ ਵਰਗੇ ਮਹੱਤਵਪੂਰਨ ਅਦਾਰਿਆਂ ਵੱਲੋਂ ਸੌਂਪੇ ਗਏ ਪ੍ਰਾਜੈਕਟਾਂ ਤੇ ਵੀ ਕੰਮ ਕਰ ਰਹੇ ਹਨ ਅਤੇ 28 ਐੱਮ.ਫਿਲ ਅਤੇ ਪੀ.ਐੱਚ-ਡੀ. ਖੋਜ ਕਾਰਜ ਕਰਵਾ ਚੁੱਕੇ ਹਨ।

ਪਦਮਸ਼੍ਰੀ ਜਗਜੀਤ ਸਿੰਘ ਦਰਦੀ ਅਤੇ ਪਦਮਸ਼੍ਰੀ ਪ੍ਰਾਣ ਸੱਭਰਵਾਲ ਤੋਂ ਇਲਾਵਾ ਯੂਨੀਵਰਸਿਟੀ ਦੇ ਮਾਡਲ ਸੀਨੀਅਰ ਸੈਕੰਡਰੀ ਸਕੂਲ (ਜਿੱਥੋਂ ਦੇ ਡਾ. ਪੰਜਾਬੀ ਵਿਦਿਆਰਥਣ ਰਹੇ ਹਨ) ਵੱਲੋਂ ਪ੍ਰਿੰਸੀਪਲ ਸਤਵੀਰ ਸਿੰਘ ਅਤੇ ਅਧਿਆਪਕਾਂ ਨੇ ਡਾ.ਪੰਜਾਬੀ ਨੂੰ ਸ਼ੁਭਕਾਮਨਾਵਾਂ ਭੇਂਟ ਕੀਤੀਆ

# ਪਿੰਡ ਭਲਿਆਣ ਵਿਖੇ 44ਵੀਂ ਬਾਲ ਭੰਗੜਾ ਟਰੇਨਿੰਗ ਕੈਂਪ ਦਾ ਸਮਾਪਤੀ ਸਮਾਰੋਹ ਕਰਵਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਜੂਨ
INTERNATIONAL PAPER, 9463601616
hardipchumber57@gmail.com

ਸ੍ਰੀ ਚਮਕੌਰ ਸਾਹਿਬ 3 ਜੂਨ (ਹਰਦਿਆਲ ਸਿੰਘ ਸੰਧੂ) ਭੰਗੜਾ ਟ੍ਰੇਨਿੰਗ ਸੈਂਟਰ ਸ੍ਰੀ ਚਮਕੌਰ ਸਾਹਿਬ ਵੱਲੋਂ ਗ੍ਰਾਮ ਪੰਚਾਇਤ, ਪੰਜਾਬ ਕਲਾ ਮੰਚ ਰਜਿਸਟਰਡ ਸ੍ਰੀ ਚਮਕੌਰ ਸਾਹਿਬ ਅਤੇ ਮਾਪਿਆਂ ਦੇ ਉਪਰਾਲੇ ਸਦਕਾ 44ਵੀਂ ਬਾਲ ਭੰਗੜਾ ਵਰਕਸ਼ਾਪ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਭਲਿਆਣ ਵਿਖੇ ਸ਼ੁਰੂ ਕੀਤੀ ਗਈ ਸੀ ਜਿਸ ਦਾ ਕਿ ਅੱਜ ਸਮਾਪਤੀ ਸਮਾਰੋਹ ਪਿੰਡ ਵਾਸੀਆਂ ਦੇ ਭਰਵੇਂ ਸਹਿਯੋਗ ਨਾਲ ਕੀਤਾ ਗਿਆ ਇਹ ਵਰਕਸ਼ਾਪ ਭੰਗੜਾ ਕੋਚ ਕੁਲਜਿੰਦਰਜੀਤ ਸਿੰਘ ਬੰਬਰ ਪ੍ਰਧਾਨ ਪੰਜਾਬ ਕਲਾ ਮੰਚ ਦੇ ਨਿਰਦੇਸ਼ਨਾ ਹੇਠ ਲਗਾਈ ਗਈ ਜਿਸ ਵਿੱਚ ਸਿੱਖਿਆਰਥੀਆਂ ਨੇ ਢੋਲ ਦੀ ਤਾਲ ਤੇ ਭੰਗੜਾ ਅਤੇ ਦਿਲ ਖਿੱਚਵੇਂ ਵੱਖ ਵੱਖ ਕਰਤੱਬਾ ਰਾਹੀਂ ਪੰਡਾਲ ਵਿੱਚ ਵਾਹ ਵਾਹ



ਖੱਟੀ ਅਤੇ ਪੰਡਾਲ ਤਾੜੀਆਂ ਨਾਲ ਗੂੰਜ ਉਠਿਆ ਇਸ ਸਮਰੋਹ ਦੇ ਮੁੱਖ ਮਹਿਮਾਨ ਵਜੋਂ ਸਰਪੰਚ ਸਤਬੀਰ ਸਿੰਘ ਸੱਤੀ ਪੰਚਾਇਤ ਮੈਂਬਰਾਂ ਸਮੇਤ ਸ਼ਾਮਿਲ ਹੋਏ ਜਿਨਾਂ ਨੇ ਆਪਣੇ ਭਾਸ਼ਣ ਵਿੱਚ ਭੰਗੜੇ ਦੀ ਸਿਖਲਾਈ ਲੈ ਰਹੇ ਬੱਚਿਆਂ ਨੂੰ ਪਿਆਰ ਕੀਤਾ ਅਤੇ ਵਧਾਈ ਦਿੱਤੀ ਭੰਗੜਾ ਕੋਚ ਬੰਬਰ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਜਿਨਾਂ ਨੇ ਬਹੁਤ ਹੀ ਘੱਟ ਸਮੇਂ ਵਿੱਚ ਵਿਦਿਆਰਥੀਆਂ ਨੂੰ ਤਿਆਰ ਕਰਕੇ ਢੋਲ ਦੀ ਤਾਲ ਤੇ ਭੰਗੜਾ ਪਵਾਇਆ ਉਹਨਾਂ ਮਾਤਾ ਪਿਤਾ ਅਤੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਕਲਾ, ਖੇਡਾਂ ਅਤੇ ਹੋਰ ਉਸਾਰੂ ਸਰਗਰਮੀਆਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਸਾਰੇ ਭਾਗੀਦਾਰਾਂ ਨੂੰ ਮੈਡਲਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਕੀਤਾ ਇਸ ਟਰੇਨਿੰਗ ਕੈਂਪ ਸਬੰਧੀ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੰਬਰ ਨੇ ਦੱਸਿਆ ਕਿ 20 ਅਕਤੂਬਰ 1996 ਤੋਂ ਬਾਲ ਭੰਗੜਾ ਟ੍ਰੇਨਿੰਗ ਕੈਂਪ ਸਵਰਗਵਾਸੀ ਮਾਸਟਰ ਜਗਦੀਸ਼ ਸਿੰਘ ਪਾਵਲਾ ਦੇ ਉਪਰਾਲੇ ਸਦਕਾ ਸ਼ੁਰੂ ਕੀਤੀ ਗਈ ਸੀ ਜੋ ਕਿ ਪਿੰਡ ਪਿੰਡ ਸ਼ਹਿਰ ਸ਼ਹਿਰ ਲੱਗਦੇ ਰਹੇ ਹੁਣ ਤੱਕ 816 ਸਿੱਖਿਆਰਥੀਆਂ ਚ ਲੜਕੇ ਅਤੇ ਲੜਕੀਆਂ ਟਰੇਨਿੰਗ ਲੈ ਚੁੱਕੇ ਹਨ ਇਸ ਮੌਕੇ ਗ੍ਰਾਮ ਪੰਚਾਇਤ ਵੱਲੋਂ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੰਬਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਰਾਊਂਡ ਕਲਾਸ ਫਾਉਂਡੇਸ਼ਨ ਵੱਲੋਂ ਫਰੀ ਯੋਗ ਕੈਂਪ ਸੁਰਿੰਦਰ ਕੌਰ ਦੀ ਅਗਵਾਈ ਚ ਲਗਾਇਆ ਗਿਆ ਜਿਸ ਵਿੱਚ ਸਮੂਹ ਔਰਤਾਂ ਦਾ ਭੰਗੜਾ ਟ੍ਰੇਨਿੰਗ ਸੈਂਟਰ ਅਤੇ ਸਰਪੰਚ ਦੀ ਪਤਨੀ ਕਿਰਨਜੋਤ ਕੌਰ ਵੱਲੋਂ ਮੈਡਲਾਂ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਸਰਪੰਚ ਸਤਬੀਰ ਸਿੰਘ ਸੱਤੀ ਤੋਂ ਇਲਾਵਾ ਸਤਨਾਮ ਸਿੰਘ ਪੰਚ, ਬਲਜਿੰਦਰ ਸਿੰਘ ਪੰਚ, ਨਰਿੰਦਰ ਸਿੰਘ ਪੰਚ, ਕਮਲਪ੍ਰੀਤ ਕੌਰ ਪੰਚ, ਸੁਰਿੰਦਰ ਕੌਰ ਪੰਚ, ਹਰਜੀਤ ਕੌਰ ਆਂਗਨਵਾੜੀ ਵਰਕਰ ਕੁਲਵੰਤ ਕੌਰ ਮਨਜੀਤ ਕੌਰ ਗਗਨਜੀਤ ਕੌਰ ਕੁਲਦੀਪ ਕੌਰ ਰਾਣੀ ਮਨਪ੍ਰੀਤ ਕੌਰ ਹਰਦੀਪ ਕੌਰ ਕੁਲਦੀਪ ਕੌਰ ਸੁੱਚਾ ਸਿੰਘ ਸਾਬਕਾ ਸਰਪੰਚ ਅਮਰਿੰਦਰ ਸਿੰਘ ਬਲਰਾਜ ਸਿੰਘ ਆਦਿ ਹਾਜ਼ਰ ਸਨ। ਅੰਤ ਵਿੱਚ ਸਰਪੰਚ ਸਤਬੀਰ ਸਿੰਘ ਸੱਤੀ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ ਅਤੇ ਅੱਗੇ ਤੋਂ ਭੰਗੜਾ ਕੈਂਪ ਲਈ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਭਰੋਸਾ ਦਵਾਇਆ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 9463601616 hardipchumber57@gmail.com

# "ਸਾਡਾ ਸਾਬ - ਪ੍ਰੇਰਣਾ ਦਾ ਸਰੋਤ"

ਪਵਨ ਕੁਮਾਰ ਖਿੱਚੀ, ਮਾਨਸਾ
ਮੋਬਾ. 9478160786



ਬੜਾ ਹੀ ਸੋਹਣਾ ਹੈ ਸਾਡਾ ਸਾਬ,
ਉਸ ਤੋਂ ਸੋਹਣਾ ਦਿਲ ਏ ਜਨਾਬ,
ਕਿੰਝ ਕਰੀਏ ਸਿਫ਼ਤ ਜਨਾਬ ਦੀ,
ਸਾਬ ਦਾ ਰੁਤਬਾ ਹੈ ਨਵਾਬ ਵਰਗਾ।

ਲੋਹੇ 'ਚੋਂ ਸੋਨਾ ਕੱਢ ਲੈਣ ਦੀ ਹੋਵੇ ਕਲਾ,
ਖਾਲੀ ਨਹੀਂ ਦਫਤਰੋਂ ਕੋਈ ਮੋੜੀ ਦਾ,
ਕੰਮ ਚਾਹੇ ਕਿੰਨਾ ਔਖਾ ਕਿਉਂ ਨਾ ਹੋਵੇ,
ਸਾਬ ਕੋਲ ਪਹੁੰਚਦੇ ਹੱਲ ਕਰ ਤੋਰੀ ਦਾ।

ਨਿਰੰਤਰ ਸਿੱਖਣਾ, ਗਿਆਨ ਦੇ ਸੱਚੇ ਦਾਤਾ,
ਵਿਆਪਕ ਸੋਚ, ਦੂਰਅੰਦੇਸ਼ੀ ਨਾਲ ਭਰਪੂਰ।

ਉੱਚੀ ਸ਼ਖਸੀਅਤ, ਨਿਮਰਤਾ ਭਰਿਆ ਸੁਭਾਅ,
ਲਗਨਸ਼ੀਲ, ਇਮਾਨਦਾਰ, ਅਸਲ ਮਾਈਨੇ 'ਚ ਪੂਰਨ ਅਫ਼ਸਰ।

ਉਹ ਸਿਰਫ਼ ਇੱਕ ਅਧਿਕਾਰੀ ਨਹੀਂ,
ਸਾਰੀ ਟੀਮ ਲਈ ਪ੍ਰੇਰਣਾ ਦਾ ਸਰੋਤ ਨੇ,
ਜਿਹੜਾ ਵੀ ਉਨ੍ਹਾਂ ਨਾਲ ਕੰਮ ਕਰੇ,
ਹਮੇਸ਼ਾ ਅੱਗੇ ਵੱਧਣ ਦੀ ਪ੍ਰੇਰਣਾ ਲੈਂਦਾ ਹੈ।

"ਸਾਬ ਦੀ ਸੋਚ ਬੜੀ ਪਿਆਰੀ ਏ,
ਜੋ ਵੀ ਸਿੱਖਣ ਨੂੰ ਮਿਲੇ, ਸਿੱਖ ਲਓ,
ਜਦੋਂ ਮਿਲੇ ਸਮਾਂ ਗਿਆਨ ਵੰਡਣ ਦਾ,
ਵੱਡਾ ਦਿਲ ਰੱਖੋ, ਗਿਆਨ ਨੂੰ ਵੰਡ ਦਿਓ।"

# ਬਾਬਾ ਬਲਵੰਤ ਸਿੰਘ ਸਿੱਧਸਰ ਸਿਹੋੜਾ ਵਾਲਿਆਂ ਦੇ ਬਰਸੀ ਸਮਾਗਮ ਮਨਾਉਣ ਲਈ ਗੁਰਦੁਆਰਾ ਸਾਹਿਬ ਰੋੜਗੜ੍ਹ ਵਿਖੇ ਜਥੇਦਾਰਾਂ ਨੇ ਕੀਤੀ ਮੀਟਿੰਗ, ਬਲਵਿੰਦਰ ਕੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 9463601616 hardipchumber57@gmail.com



ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਸੰਤ ਖਾਲਸਾ ਦਲ ਦੇ ਬਾਨੀ ੧੧੧ ਸੰਤ ਬਾਬਾ ਬਲਵੰਤ ਸਿੰਘ ਜੀ ਸਿੱਧਸਰ ਸਿਹੋੜਾ ਸਾਹਿਬ ਵਾਲਿਆਂ ਦੀ 11ਵੀਂ ਬਰਸੀ 22-23-24 ਜੂਨ 2025 ਨੂੰ ਗੁਰਦੁਆਰਾ ਗੁਫਾਸਰ ਸਾਹਿਬ ਪਿੰਡ ਰੋੜਗੜ੍ਹ (ਰੋੜੇਵਾਲ ਸਾਹਿਬ) ਪਟਿਆਲਾ ਵਿਖੇ ਬਾਬਾ ਗੁਰਚਰਨ ਸਿੰਘ ਜੀ ਮੌਜੂਦਾ ਗੱਦੀਨਸ਼ੀਨ ਜੀਆਂ ਦੀ ਦੇਖਰੇਖ ਹੇਠ ਹਰ ਸਾਲ ਦੀ ਤਰ੍ਹਾਂ ਮਨਾਈ ਜਾਵੇਗੀ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਬਲਵਿੰਦਰ ਸਿੰਘ ਕੰਗ ਨੇ ਦੱਸਿਆ ਕਿ ਬਰਸੀ ਸਮਾਗਮ ਮਨਾਉਣ ਸਬੰਧੀ ਬਾਬਾ ਗੁਰਚਰਨ ਸਿੰਘ ਜੀ ਮੌਜੂਦਾ ਗੱਦੀਨਸ਼ੀਨ ਜੀ ਦੀ ਅਗਵਾਈ ਹੇਠ ਗੁਰਦੁਆਰਾ ਗੁਫਾਸਰ ਸਾਹਿਬ ਪਿੰਡ ਰੋੜਗੜ੍ਹ ਵਿਖੇ ਜਥੇਦਾਰਾਂ ਨਾਲ ਮੀਟਿੰਗ ਕਰਕੇ ਬਰਸੀ ਸਮਾਗਮ ਮੌਕੇ ਸੰਗਤਾਂ ਦੀ ਸੇਵਾ ਅਤੇ ਸਹੂਲਤਾਂ ਲਈ ਜ਼ਿੰਮੇਵਾਰੀਆਂ ਨਿਭਾਉਣ ਲਈ ਕਿਹਾ ਗਿਆ। ਇਸ ਮੌਕੇ ਜਥੇਦਾਰ ਅਮਰਜੀਤ ਸਿੰਘ ਲੰਗ, ਸਰਪੰਚ ਬਲਵਿੰਦਰ ਸਿੰਘ ਕੰਗ, ਸੁਖਵਿੰਦਰ ਸਿੰਘ ਨੰਬਰਦਾਰ, ਮਾਸਟਰ ਅਜੀਤ ਸਿੰਘ ਜਰਨਲ ਸਕੱਤਰ, ਗਿਆਨੀ ਭਜਨ ਸਿੰਘ ਚੰਡੀਗੜ੍ਹ ਜਰਨਲ ਸਕੱਤਰ, ਜਗਤਾਰ ਸਿੰਘ ਤਾਰੀ ਨੰਬਰਦਾਰ, ਮਨਜੀਤ ਸਿੰਘ ਕਾਠਮੱਠੀ, ਭਜਨ ਸਿੰਘ ਕਾਠਮੱਠੀ, ਜਗਤਾਰ ਸਿੰਘ ਸਾਬਕਾ ਸਰਪੰਚ ਰੋੜੇਵਾਲ ,ਪ੍ਰਗਟ ਸਿੰਘ ਨਿੰਦੂ,ਮਨੈਜਰ ਜਗਦੇਵ ਸਿੰਘ,ਮਾਸਟਰ ਰਾਮ ਲਾਲ, ਅਜੈਬ ਸਿੰਘ ਪੂਨਾਵਾਲਾ, ਦੀਦਾਰ ਸਿੰਘ ਕਾਂਝਲਾ, ਨਛੱਤਰ ਸਿੰਘ ਭੁਲਰਹੇੜੀ, ਗੁਰਦਿਆਲ ਸਿੰਘ ਬੇੜਵਾਲ, ਦਰਸ਼ਨ ਸਿੰਘ ਪੰਚ, ਮਲਕੀਤ ਸਿੰਘ ਠਾਣੇਦਾਰ, ਗੁਰਮੀਤ ਸਿੰਘ ਮੀਤਾ ਕਾਕਾ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ PM ਮੋਦੀ ਨੂੰ ਲਿਖਿਆ ਪੱਤਰ

## ਅੰਮ੍ਰਿਤਸਰ ਨੂੰ ਨੋ ਵਾਰ ਜ਼ੋਨ ਐਲਾਨਣ ਦਾ ਪ੍ਰਸਤਾਵ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 9463601616 hardipchumber57@gmail.com

ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪ੍ਰਧਾਨ ਮੰਤਰੀ ਤੋਂ ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ ਸਬੰਧੀ ਇੱਕ ਮਹੱਤਵਪੂਰਨ ਮੰਗ ਕੀਤੀ ਹੈ। ਉਨ੍ਹਾਂ ਅੰਮ੍ਰਿਤਸਰ ਨੂੰ ਨੋ ਵਾਰ ਜ਼ੋਨ ਐਲਾਨਣ ਦਾ ਪ੍ਰਸਤਾਵ ਰੱਖਿਆ ਹੈ। ਉਨ੍ਹਾਂ ਇਸ ਸਬੰਧ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਜਾਣਕਾਰੀ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਭਾਰਤੀ ਫੌਜ ਦੇ ਇੱਕ ਮੇਜਰ ਜਨਰਲ ਦੇ ਦਾਅਵੇ ਤੋਂ ਬਾਅਦ ਇਹ ਮੰਗ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਮੇਜਰ ਜਨਰਲ ਨੇ ਕਿਹਾ ਸੀ ਕਿ ਪਾਕਿਸਤਾਨੀ ਹਵਾਈ ਸੈਨਾ ਨੇ ਸ੍ਰੀ ਹਰਿਮੰਦਰ ਸਾਹਿਬ ਨੂੰ ਨਿਸ਼ਾਨਾ ਬਣਾਇਆ ਸੀ। ਇਸ ਦਾਅਵੇ ਨੇ ਦੁਨੀਆ ਭਰ ਦੇ ਸਿੱਖ ਭਾਈਚਾਰੇ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ।

ਸੰਸਦ ਮੈਂਬਰ ਨੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਸਿੱਖ ਧਰਮ ਦਾ ਸਭ ਤੋਂ ਪਵਿੱਤਰ ਸਥਾਨ ਹੈ। ਦੁਨੀਆ ਭਰ ਤੋਂ ਲੱਖਾਂ ਸ਼ਰਧਾਲੂ ਇੱਥੇ ਆਉਂਦੇ ਹਨ। ਉਨ੍ਹਾਂ ਨੇ ਸ੍ਰੀ ਹਰਿਮੰਦਰ ਸਾਹਿਬ ਲਈ ਵੈਟੀਕਨ ਸਿਟੀ ਵਾਂਗ ਸਥਾਈ ਅਤੇ ਗੈਰ-ਰਾਜਨੀਤਿਕ ਸੁਰੱਖਿਆ ਪ੍ਰਬੰਧਾਂ ਦੀ ਮੰਗ ਕੀਤੀ ਹੈ।

ਸੰਸਦ ਮੈਂਬਰ ਨੇ ਯੂ.ਐਨ.ਓ. ਤੋਂ ਇਸ ਪਵਿੱਤਰ ਸਥਾਨ ਨੂੰ ਅੰਤਰਰਾਸ਼ਟਰੀ ਮਾਨਤਾ ਅਤੇ ਸੁਰੱਖਿਆ ਦੇਣ ਦੀ ਵੀ ਮੰਗ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਭਵਿੱਖ ਵਿੱਚ ਇਸ ਸਥਾਨ ਨੂੰ ਕਿਸੇ ਵੀ ਫੌਜੀ ਜਾਂ ਰਾਜਨੀਤਿਕ ਨਿਸ਼ਾਨੇ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ। ਸ੍ਰੀ ਹਰਿਮੰਦਰ ਸਾਹਿਬ ਵਿਸ਼ਵ ਸ਼ਾਂਤੀ ਦਾ ਪ੍ਰਤੀਕ ਹੈ ਅਤੇ ਇਸਦੀ ਸੁਰੱਖਿਆ ਭਾਰਤ



ਅਤੇ ਅੰਤਰਰਾਸ਼ਟਰੀ ਭਾਈਚਾਰੇ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਇਸ ਮੰਗ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ 'ਤੇ ਜਲਦੀ ਤੋਂ ਜਲਦੀ ਵਿਚਾਰ ਕਰਕੇ ਲਾਗੂ ਕੀਤਾ ਜਾਣਾ ਚਾਹੀਦਾ ਹੈ।

# ਪ੍ਰਾਇਮਰੀ ਸਕੂਲ ਸਾਹਲੋਂ ਦੇ ਨੰਨੇ-ਮੁੰਨੇ ਬੱਚਿਆਂ ਨੂੰ ਇਨਵਰਟਰ ਤੇ ਤਿੰਨ ਪੱਖੇ ਭੇਂਟ ਪ੍ਰਾਇਮਰੀ ਸਿੱਖਿਆ ਉਚੇਰੀ ਸਿੱਖਿਆ ਦਾ ਮੁੱਢ-ਸਰਪੰਚ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 9463601616 hardipchumber57@gmail.com



ਬੰਗਾ, 03 ਜੂਨ ( ਚਰਨਜੀਤ ਸੱਲ੍ਹਾਂ )ਰੂਹ ਦੇ ਰੱਜੇ ਹੋਏ ਮਹਾਨ ਦਾਨੀ ਸੱਜਣ ਡਾਕਟਰ ਗਿਆਨ ਚੰਦ ਦੜੋਚ ਕਰਨਾਣਾ ਹਾਲ ਨਿਵਾਸੀ ਯੂ ਐਸ ਏ ਨੇ ਸਰਕਾਰੀ ਪ੍ਰਾਇਮਰੀ ਸਕੂਲ ਸਾਹਲੋਂ ਦੇ ਬੱਚਿਆਂ ਦੀ ਲੋੜ ਨੂੰ ਸਮਝਦੇ ਹੋਏ ਸਕੂਲ ਨੂੰ ਇੱਕ ਵੱਡਾ ਇਨਵਰਟਰ, ਤਿੰਨ ਪੱਖੇ, ਸਾਰੀਆਂ ਜਮਾਤਾਂ 'ਚੋਂ ਪੋਜੀਸ਼ਨਾ ਹਾਸਲ ਕਰਨ ਵਾਲੇ ਬੱਚਿਆਂ ਨੂੰ ਨਕਦ ਸਹਾਇਤਾ ਰਾਸ਼ੀ ਤੇ ਲਿਖਣ ਸਮਗਰੀ ਭੇਂਟ ਕੀਤੀ। ਇਸ ਮੌਕੇ ਡਾਕਟਰ ਗਿਆਨ ਜੀ ਦਾ ਧੰਨਵਾਦ ਕਰਦਿਆਂ ਸਰਪੰਚ ਹਰਮੇਸ਼ ਭਾਰਤੀ ਨੇ ਕਿਹਾ ਕਿ ਜੇਕਰ ਕਿਸੇ ਬੱਚੇ ਦੀ ਪ੍ਰਾਇਮਰੀ ਸਿੱਖਿਆ ਮਜ਼ਬੂਤ ਹੋਵੇਗੀ ਤਾਂ ਉਸਨੂੰ ਉਚੇਰੀ ਸਿੱਖਿਆ ਵਿੱਚ ਲਾਮਿਸਾਲ ਸਫਲਤਾ ਮਿਲਦੀ ਹੈ। ਉਹ ਵਿਦਿਆਰਥੀ ਉੱਚੀ ਤੋਂ ਉੱਚੀ ਮੰਜ਼ਿਲ ਸਫਲਤਾਪੂਰਵਕ ਸਰ ਕਰ ਸਕਦਾ ਹੈ। ਉਹਨਾ ਦਾਨੀ ਸੱਜਣ ਡਾਕਟਰ ਗਿਆਨ ਜੀ ਦਾ ਦਿਲੋਂ ਧੰਨਵਾਦ ਕੀਤਾ।ਸਕੂਲ ਦੀ ਐਚ ਟੀ ਮੈਡਮ ਊਸ਼ਾ ਰਾਣੀ ਜੀ ਨੇ ਪੰਚਾਇਤ ਤੇ ਦਾਨੀ ਪਰਿਵਾਰ ਦਾ ਧੰਨਵਾਦ ਕੀਤਾ ਤੇ ਯਕੀਨ ਦੁਆਇਆ ਕਿ ਉਹ ਬੱਚਿਆਂ ਨੂੰ ਕਾਬਲ ਇਨਸਾਨ ਬਣਾਉਣ ਲਈ ਦਿਲੋਂ ਸਖ਼ਤ ਮਿਹਨਤ ਕਰਵਾਉਂਣਗੇ। ਇਸ ਮੌਕੇ ਸਕੂਲ ਅਧਿਆਪਕਾਂ ਤੋਂ ਇਲਾਵਾ ਯੂਥ ਆਗੂ ਗੁਰਚਰਨ ਸਿੰਘ, ਪਰਮਿੰਦਰ ਸਿੰਘ, ਸੁਖਵੀਰ ਸੁੱਖੀ, ਹਰਜੀਤ ਸਿੰਘ ਵਿੱਕੀ, ਦਵਿੰਦਰ ਵਿੱਕੀ ਪੰਚ, ਪਰਮਜੀਤ ਸਿੰਘ ਨੀਟੂ ਪੰਚ, ਵੰਦਨਾ ਪੰਚ ਤੋਂ ਇਲਾਵਾ ਯੂਥ ਦੀ ਸਮੁੱਚੀ ਟੀਮ ਬਜ਼ੁਰਗ ਤੇ ਬੀਬੀਆਂ ਹਾਜ਼ਰ ਸਨ।

# ਗਰੀਬ ਵਰਗ ਦੇ 25 ਫ਼ੀਸਦੀ ਬੱਚਿਆਂ ਨੂੰ ਮੁਫ਼ਤ ਸਿੱਖਿਆ ਦੇਣ ਲਈ ਪੰਜਾਬ ਦੇ ਨਿੱਜੀ ਸਕੂਲ ਤਿਆਰ

## ਨਿੱਜੀ ਸਕੂਲਾਂ 'ਚ ਦਾਖਲ ਲੈਣ ਲਈ ਡੀ.ਸੀ. ਜਾਂ ਡੀਈਓ ਨੂੰ ਦੇਣੀ ਪਵੇਗੀ ਦਰਖਾਸਤ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 9463601616 hardipchumber57@gmail.com

ਜਗਤਾਰ ਸਿੰਘ ਰੋੜੇਵਾਲ -- ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਆਦੇਸ਼ਾਂ ਦਾ ਪੰਜਾਬ ਦੇ ਪ੍ਰਾਈਵੇਟ ਸਕੂਲਾਂ ਨੇ ਸਵਾਗਤ ਕੀਤਾ ਹੈ। ਜਿਨ੍ਹਾਂ ਵਿਚ ਗ਼ਰੀਬ ਵਰਗ ਦੇ 25 ਫ਼ੀਸਦੀ ਵਿਦਿਆਰਥੀਆਂ ਨੂੰ ਮੁਫ਼ਤ ਪੜ੍ਹਾਉਣ ਲਈ ਕਿਹਾ ਗਿਆ ਹੈ। ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਇਸ ਸਕੀਮ ਨਾਲ ਨਾ ਕੀ ਗਰੀਬ ਵਰਗ ਨੂੰ ਫੈਦਾ ਪਹੁੰਚੇਗਾ ਸਗੋਂ ਅਨੇਕਾਂ ਸਕੂਲਾਂ ਦੀ ਆਰਥਿਕ ਸਥਿਤੀ ਵਿਚ ਸੁਧਾਰ ਹੋਵੇਗਾ। ਉਨ੍ਹਾਂ ਦੱਸਿਆ ਕਿ ਨਿਯਮਾਂ ਅਨੁਸਾਰ ਜਿਸ ਗਰੀਬ ਵਿਦਿਆਰਥੀਆਂ ਨੇ ਪ੍ਰਾਈਵੇਟ ਸਕੂਲ ਵਿੱਚ ਦਾਖਲਾ ਲੈਣਾ ਹੈ ਉਸ ਨੂੰ ਡਿਪਟੀ ਕਮਿਸ਼ਨਰ ਜਾਂ ਜ਼ਿਲਾ ਸਿੱਖਿਆ ਅਫਸਰ ਕੋਲ ਦਰਖ਼ਾਸਤ ਦੇਣੀ ਪਵੇਗੀ ਅਤੇ ਉੱਥੋਂ ਫੈਸਲਾ ਹੋਵੇਗਾ ਕਿ ਵਿਦਿਆਰਥੀਆਂ ਨੂੰ ਕਿਸ ਸਕੂਲ ਵਿੱਚ ਦਾਖਲਾ ਦਿੱਤਾ ਜਾਣਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕੋਈ ਵਿਦਿਆਰਥੀ ਨਿੱਜੀ ਸਕੂਲ ਵਿੱਚ ਪਹੁੰਚਦਾ ਹੈ ਤਾਂ ਉਸ ਦੀ ਦਰਖਾਸਤ ਡਿਪਟੀ ਕਮਿਸ਼ਨਰ ਜਾਂ ਜ਼ਿਲਾ ਸਿੱਖਿਆ ਅਫਸਰ ਕੋਲ ਅਗਲੀ ਕਾਰਵਾਈ ਲਈ ਭੇਜ ਦਿੱਤੀ ਜਾਵੇਗੀ। ਵਿਦਿਆਰਥੀ ਦੇ ਦਾਖਲਾ ਹੋਣ ਪਿੱਛੋਂ ਉਸ ਦੀ ਫੀਸ ਸਰਕਾਰ ਵੱਲੋਂ ਦਿੱਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਫੀਸ ਵਿਚ ਟਰਾਂਸਪੋਰਟ, ਵਰਦੀਆਂ ਜਾਂ ਪੁਸਤਕਾਂ ਵਗੈਰਾ ਦਾ ਖਰਚਾ ਸ਼ਾਮਲ ਨਹੀਂ।ਇਕ ਪ੍ਰਸ਼ਨ ਦੇ ਉੱਤਰ ਵਿੱਚ ਉਨ੍ਹਾਂ ਦੱਸਿਆ ਕਿ ਹਰਿਆਣਾ ਵਿੱਚ ਪ੍ਰਤੀ ਵਿਦਿਆਰਥੀ 1700 ਰੁਪਏ ਪ੍ਰਤੀ ਮਹੀਨਾ ਸਬੰਧਤ ਸਕੂਲ ਨੂੰ ਸਰਕਾਰ ਵੱਲੋਂ ਦਿਤੇ ਜਾ ਰਹੇ ਹਨ ਜਦਕਿ ਦਿੱਲੀ ਵਿਚ 2600 ਰੁਪਏ ਪ੍ਰਤੀ ਮਹੀਨਾ ਹੈ।ਇਸ ਦੇ ਨਾਲ ਹੀ ਉਨ੍ਹਾਂ ਖਦਸ਼ਾ ਜ਼ਾਹਰ ਕੀਤਾ ਕਿ 2007 ਵਿਚ ਕੇਂਦਰ ਸਰਕਾਰ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਲਿਆਂਦੀ ਸੀ ਜੋ 2017 ਤੋਂ ਬਾਅਦ ਰਾਜ ਸਰਕਾਰਾਂ ਦੇ ਪੱਲੇ ਪਾ ਦਿੱਤੀ ਗਈ। ਨਤੀਜੇ ਵਜੋਂ 2019 ਤੱਕ ਪੰਜਾਬ ਦੇ ਕਾਲਜਾਂ ਦੇ ਸਰਕਾਰਾਂ ਵੱਲ 850 ਕਰੋੜ ਰੁਪਏ ਫਸ ਗਏ। ਲਗਾਤਾਰ ਪੈਰਵਾਈ ਕਰਨ ਤੋਂ ਬਾਅਦ ਕੁਝ ਸਕੂਲਾਂ ਨੂੰ ਨਿਗੂਣੀ ਜਿਹੀ ਰਾਸ਼ੀ ਮਿਲ ਸਕੀ। ਉਨ੍ਹਾਂ ਕਿਹਾ ਕਿ ਪ੍ਰਾਈਵੇਟ ਸਕੂਲਾਂ ਨਾਲ ਇਹ ਸਥਿਤੀ ਨਹੀਂ ਆਉਂਦੀ ਚਾਹੀਦਾ। ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ।ਇਸ ਸਮੇਂ ਪੰਜਾਬ ਵਿੱਚ 7 ਹਜ਼ਾਰ ਦੇ ਕਰੀਬ ਸਕੂਲ ਚੱਲ ਰਹੇ ਹਨ।

# ਪੰਚਾਇਤ ਵਿਭਾਗ ਨੇ ਝੰਜੇੜੀ ਵਿੱਚ 191 ਏਕੜ ਸ਼ਾਮਲਾਤ ਜ਼ਮੀਨ ਦਾ ਲਿਆ ਕਬਜ਼ਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 9463601616 hardipchumber57@gmail.com



ਪੰਜਾਬ ਸਰਕਾਰ ਦੀ ਸ਼ਾਮਲਾਤ (ਪੰਚਾਇਤ) ਜ਼ਮੀਨ ਨੂੰ ਗੈਰ-ਕਾਨੂੰਨੀ ਕਬਜ਼ਿਆਂ ਤੋਂ ਮੁਕਤ ਕਰਨ ਲਈ ਚੱਲ ਰਹੀ ਮੁਹਿੰਮ ਦੇ ਤਹਿਤ ਇੱਕ ਮਹੱਤਵਪੂਰਨ ਘਟਨਾਕ੍ਰਮ ਵਿੱਚ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਨੇ ਅੱਜ ਜ਼ਿਲ੍ਹਾ ਐਸ ਏ ਐਸ ਨਗਰ ਦੇ ਪਿੰਡ ਝੰਜੇੜੀ ਵਿੱਚ 191 ਏਕੜ ਕੀਮਤੀ ਸ਼ਾਮਲਾਟ ਜ਼ਮੀਨ ਦਾ ਸਫਲਤਾਪੂਰਵਕ ਕਬਜ਼ਾ ਲੈ ਲਿਆ ਅਤੇ ਸਾਰੀ ਕਾਨੂੰਨੀ ਪ੍ਰਕਿਰਿਆ ਪੂਰੀ ਕਰਨ ਤੋਂ ਬਾਅਦ ਇਸਨੂੰ ਰਸਮੀ ਤੌਰ 'ਤੇ ਗ੍ਰਾਮ ਪੰਚਾਇਤ ਝੰਜੇੜੀ ਨੂੰ ਸੌਂਪ ਦਿੱਤਾ। ਜ਼ਮੀਨ ਦੀ ਬਾਜ਼ਾਰੀ ਕੀਮਤ ਲਗਭਗ 2,000 ਕਰੋੜ ਰੁਪਏ ਹੋਣ ਦਾ ਅਨੁਮਾਨ ਲਾਇਆ ਜਾਂਦਾ ਹੈ।

ਜਾਣਕਾਰੀ ਦਿੰਦੇ ਹੋਏ, ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਕਬਜ਼ੇ ਦੀ ਕਾਰਵਾਈ ਅੱਜ ਸਵੇਰੇ ਦੋ ਡਿਊਟੀ ਮੈਜਿਸਟ੍ਰੇਟਾਂ – ਸ੍ਰੀਮਤੀ ਦਿਵਿਆ ਪੀ, ਐਸ ਡੀ ਐਮ ਖਰੜ, ਅਤੇ ਸ੍ਰੀ ਅਮਿਤ ਗੁਪਤਾ, ਐਸ ਡੀ ਐਮ ਡੇਰਾਬੱਸੀ ਦੀ ਮੌਜੂਦਗੀ ਵਿਚ ਕੀਤੀ ਗਈ। ਇਸ ਕਾਰਵਾਈ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਐਸ ਪੀ (ਹੈੱਡਕੁਆਰਟਰ) ਰਮਨਦੀਪ ਸਿੰਘ ਅਤੇ ਐਸ ਪੀ (ਦਿਹਾਤੀ) ਮਨਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਭਾਰੀ ਗਿਣਤੀ ਵਿੱਚ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ।

# "ਯੁੱਧ ਦੇ ਮਾਰੂ ਸਿੱਟੇ ਅਤੇ ਭਾਰਤ ਵਿੱਚ ਉਸਾਰਿਆ ਜਾ ਰਿਹਾ ਫਿਰਕੂ ਮਾਹੌਲ" ਵਿਸ਼ੇ ਤੇ ਕਨਵੈਨਸ਼ਨ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਲੌਂਗੋਵਾਲ,3 ਜੂਨ (ਜਗਸੀਰ ਸਿੰਘ)- ਲੌਂਗੋਵਾਲ ਦੀਆਂ ਜਨਤਕ ਜਮਹੂਰੀ, ਲੋਕ ਪੱਖੀ ਜਥੇਬੰਦੀਆਂ ਵੱਲੋਂ ਸਮਾਜਿਕ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ " ਯੁੱਧ ਦੇ ਮਾਰੂ ਸਿੱਟੇ ਅਤੇ ਭਾਰਤ ਵਿਚ ਉਸਾਰਿਆ ਜਾ ਰਿਹਾ ਫਿਰਕੂ ਮਾਹੌਲ "ਵਿਸ਼ੇ ਤੇ ਕਨਵੈਨਸ਼ਨ ਦਾ ਆਯੋਜਨ ਗੁਰਦੁਆਰਾ ਢਾਬ ਬਾਬਾ ਆਲਾ ਸਿੰਘ ਵਿਖੇ ਕੀਤਾ ਗਿਆ।ਦੇਸ਼ ਭਗਤ ਯਾਦਗਾਰ ਕਮੇਟੀ, ਕਿਰਤੀ ਕਿਸਾਨ ਯੂਨੀਅਨ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ,ਭਾਰਤੀ ਕਿਸਾਨ ਯੂਨੀਅਨ ਏਕਤਾ (ਡਕਾਉਂਦਾ), ਡੇਮੋਕ੍ਰੇਟਿਕ ਟੀਚਰਜ਼ ਫਰੰਟ, ਭਾਰਤੀ ਕਿਸਾਨ ਯੂਨੀਅਨ ਏਕਤਾ( ਉਗਰਾਹਾਂ), ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ),ਤਰਕਸ਼ੀਲ ਸੁਸਾਈਟੀ ਪੰਜਾਬ ਪਿੰਡ ਬਚਾਓ ਫਰੰਟ,ਮੁਸਲਿਮ ਵੈਲਫੇਅਰ ਸੁਸਾਇਟੀ,ਆਈ ਡੀ ਪੀ, ਬਾਬਾ ਫਰੀਦ ਵੈਲਫ਼ੇਅਰ ਸੁਸਾਇਟੀ ਆਦਿ ਜਥੇਬੰਦੀਆਂ ਦੇ ਆਗੂਆਂ ਅਤੇ ਕਾਰਕੁਨਾਂ ਨੇ ਇਸ ਵਿੱਚ ਭਰਵੀ ਸਮੂਲੀਅਤ ਕਰਕੇ ਵਿਚਾਰ ਚਰਚਾ ਕੀਤੀ ਗਈ।ਸਭ ਤੋਂ ਪਹਿਲਾਂ ਪਹਿਲਗਾਉ ਵਿੱਚ ਅੱਤਵਾਦੀਆਂ ਵੱਲੋਂ ਬੇਕਸੂਰ, ਅਣਭੋਲ ਸੈਲਾਨੀਆਂ ਦੀ ਕੀਤੀ ਗਈ ਹੱਤਿਆ ਨੂੰ ਅਤਿ ਗ਼ੈਰਮਨੁੱਖੀ ਅਤੇ ਕਾਇਰਤਾ ਭਰੀ ਕਾਰਵਾਈ ਗਾਰਦਾਨਿਆ ਗਿਆ। ਪਿਛਲੇ ਦਿਨੀ ਦੇ ਦੇਸ਼ਾਂ ਭਾਰਤ ਪਾਕਿਸਤਾਨ ਦੀ ਨਾਹੱਕੀ ਜੰਗ ਵਿੱਚ ਦੋਨਾਂ ਪਾਸਿਆ ਦੀ ਅਵਾਮ ਜਿਸ ਸਹਿਮ ਅਤੇ ਡਰ ਵਿੱਚ ਨਪੀੜ੍ਹੀ ਗਈ ਉਸ ਨਾਲ ਉਹਨਾਂ ਨੂੰ ਆਰਥਿਕ ਨੁਕਸਾਨ ਵੀ ਝੱਲਣਾ ਪਿਆ। ਇਸ ਨਾਹੱਕੀ ਜੰਗ ਦੀ ਚਰਚਾ ਕਰਦਿਆਂ ਆਗੂਆਂ ਨੇ ਇਸ ਦਾ ਵਿਰੋਧ ਕਰਦਿਆਂ ਲੋਕਾਂ ਦੇ ਮਸਲਿਆਂ ਸਿੱਖਿਆ, ਸਿਹਤ, ਰੁਜਗਾਰ ਤੋਂ ਧਿਆਨ ਹਟਾਉਣ ਲਈ ਥੋਪੀ ਗਈ ਗਰਦਾਨਿਆ।ਆਗੂਆਂ ਨੇ ਦੋਨੇ ਮੁਲਕਾਂ ਦੀ ਅਵਾਮ ਨੂੰ ਤਬਾਹੀ ਵੱਲ ਧੱਕਣ ਵਿੱਚ ਸਾਮਰਾਜੀ ਮੁਲਕਾਂ ਦੀ ਵਪਾਰ ਕਰਨ, ਸੰਧੀਆਂ ਕਰਨ ਅਤੇ ਨੀਤੀਆਂ ਦੀ ਕਰੜੀ ਆਲੋਚਨਾ ਕੀਤੀ।ਆਗੂਆਂ ਨੇ ਮੁਲਕ ਵਿੱਚ ਹਾਕਮਾਂ ਵੱਲੋਂ ਉਸਾਰੇ ਜਾ ਰਹੇ ਫਿਰਕੂ ਮਾਹੌਲ ਤੇ ਚਿੰਤਾ ਪ੍ਰਗਟ ਕਰਦਿਆਂ ਅਵਾਮ ਨੂੰ ਇਕਜੁੱਟ ਹੋ ਕੇ ਇਸ ਦਾ ਟਾਕਰਾ ਕਰਨ ਦਾ ਸੱਦਾ ਦਿੱਤਾ।ਇਸ ਇਕੱਤਰਤਾ ਵਿੱਚ ਬਲਜਿੰਦਰ ਸਿੰਘ, ਭੋਲਾ ਸਿੰਘ, ਬਲਬੀਰ ਲੌਂਗੋਵਾਲ, ਜੁਝਾਰ ਲੌਂਗੋਵਾਲ, ਗੁਰਮੇਲ ਸਿੰਘ,ਕਰਨੈਲ ਸਿੰਘ ਜਖੇਪਲ,ਭੋਲਾ ਸਿੰਘ ਬਟੂਹਾ, ਲਖਵੀਰ ਲੌਂਗੋਵਾਲ, ਇਨਜਿੰਦਰ ਖੀਵਾ,ਦਾਤਾ ਸਿੰਘ ਨਮੋਲ, ਚਮਕੌਰ ਸਿੰਘ,ਹਰਦੇਵ ਸਿੰਘ ਦੁੱਲਟ, ਸੁਖਜਿੰਦਰ ਸੰਗਰੂਰ,ਬਲਜੀਤ ਨਮੋਲ,ਸ਼ਮਸ਼ਾਦ ਖਾਨ, ਫਲਜੀਤ ਸਿੰਘ,ਜਸਵੀਰ ਨਮੋਲ ਜਗਦੀਸ਼ ਫ਼ਾਜਲੀ, ਪ੍ਰੇਮ ਸਰੂਪ ਫ਼ਾਜਲੀ ਆਦਿ ਆਗੂਆਂ ਨੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਜਗਦੀਸ਼ ਬਹਾਦਰਪੁਰੀ, ਸਰਬਜੀਤ ਨਮੋਲ,ਨੈਬ ਰੱਟੋਲਾਂ, ਸਤਨਾਮ ਉਭਾਵਾਲ ਨੇ ਅਗਾਂਹਵਧੂ ਕਵਿਤਾਵਾਂ ਅਤੇ ਰਚਨਾਵਾਂ ਪੇਸ਼ ਕੀਤੀਆਂ।ਇਸ ਮੌਕੇ ਲੈਕ ਮਨਜੀਤ ਸ਼ਰਮਾ, ਲੈਕ ਬਲਵਿੰਦਰ ਸਿੰਘ, ਲੈਕ ਗੁਰਜੰਟ ਸਿੰਘ,ਮਾ ਅਨਿਲ ਕੁਮਾਰ ਸ਼ਰਮਾ, ਮਾ ਪਰਵਿੰਦਰ ਉਭਾਵਾਲ,ਗੁਰਮੇਲ ਸਿੰਘ, ਚਰਨਾ ਸਿੰਘ, ਬੱਚਿਤਰ ਸਿੰਘ ਦੁੱਗਾਂ, ਭਜਨ ਸਿੰਘ ਰੰਗੀਆਂ,ਸੁਖਚੈਨ ਸਿੰਘ, ਗੁਰਜੰਟ ਸਿੰਘ, ਸਬੀਰ ਖਾਨ, ਰੂਪ ਸਿੰਘ, ਦਰਸ਼ਨ ਸਿੰਘ,ਜਸਵੰਤ ਰਾਏ ਆਦਿ ਆਗੂ ਹਾਜ਼ਰ ਸਨ।

# ਦੇਸ਼ 'ਚ ਸੰਵਿਧਾਨ ਨੂੰ ਸਹੀ ਅਰਥਾਂ 'ਚ ਲਾਗੂ ਕਰਨ ਲਈ ਧਰਮ ਨਿਰਪੱਖਤਾ ਤੇ ਭਾਈ ਚਾਰਕ ਸਾਂਝ ਦਾ ਹੋਣਾ ਅਤਿ ਜ਼ਰੂਰੀ-ਅਰਸ਼ੀ

## ਸਬ ਡਵੀਜ਼ਨ ਮਾਨਸਾ ਤੇ ਸ਼ਹਿਰੀ ਕਮੇਟੀ ਵੱਲੋਂ ਪੰਜਾਹ ਹਜ਼ਾਰ ਰੁਪਏ ਅਰਸ਼ੀ ਦੇ ਕੀਤੇ ਸੁਪਰਦ, ਸੀ ਪੀ ਆਈ ਦੇ 25 ਵੇਂ ਮਹਾਂ ਸੰਮੇਲਨ ਮੌਕੇ ਚੰਡੀਗੜ੍ਹ 'ਚ ਵੱਡੇ ਕਾਫ਼ਲਿਆਂ ਨਾਲ ਮਾਨਸਾ ਜ਼ਿਲ੍ਹੇ ਦੀ ਹੋਵੇਗੀ ਸ਼ਮੂਲੀਅਤ,,, ਚੌਹਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਮਾਨਸਾ 3ਜੂਨ (ਆਤਮਾ ਸਿੰਘ ਪਮਾਰ ) ਦੇਸ਼ ਦੀ ਰਾਜਸੱਤਾ ਤੇ ਕਾਬਜ਼ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਆਰ ਐਸ ਐਸ ਦੇ ਏਜੰਡੇ ਨੂੰ ਤੇਜ਼ੀ ਨਾਲ ਲਾਗੂ ਕਰ ਰਹੀ ਹੈ। ਜਿਸ ਦੇ ਸਿੱਟੇ ਵਜੋਂ ਜਾਤੀ ਅਧਾਰਿਤ ਫੁੱਟ ਤੇ ਧਾਰਮਿਕ, ਸਮਾਜਿਕ ਜ਼ਹਿਰ ਨੂੰ ਵੱਡੇ ਪੱਧਰ 'ਤੇ ਫੈਲਾ ਕੇ ਭਾਈ ਚਾਰਕ ਸਾਂਝ ਨੂੰ ਤੇਜ਼ੀ ਨਾਲ ਕਮਜ਼ੋਰ ਕੀਤਾ ਜਾ ਰਿਹਾ ਹੈ। ਦੇਸ਼ ਅੰਦਰਲੀਆਂ ਸੰਵਿਧਾਨਕ ਸੰਸਥਾਵਾਂ ਨੂੰ ਗੈਰ ਸਿਧਾਂਤਕ ਤੌਰ ਤੇ ਵਰਤ ਕੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬੁਰੀ ਤਰ੍ਹਾਂ ਖੋਰਾ ਲਗਾਇਆ ਜਾ ਰਿਹਾ ਹੈ। ਇਸ ਲਈ ਸੰਵਿਧਾਨ ਨੂੰ ਜ਼ਮੀਨੀ ਪੱਧਰ ਅਤੇ ਅਮਲੀ ਰੂਪ ਵਿਚ ਲਾਗੂ ਕਰਨ ਲਈ ਧਰਮ ਨਿਰਪੱਖਤਾ ਅਤੇ ਭਾਈ ਚਾਰਕ ਸਾਂਝ ਦਾ ਹੋਣਾ ਅਤਿ ਜ਼ਰੂਰੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਸੀ ਪੀ ਆਈ ਦੇ 25 ਵੇਂ ਮਹਾਂ ਸੰਮੇਲਨ ਚੰਡੀਗੜ੍ਹ ਦੇ ਪ੍ਰਬੰਧਾਂ ਤੇ ਤਿਆਰੀ ਸਬੰਧੀ ਚੋਣਵੇਂ ਆਗੂਆਂ ਨੂੰ ਸੰਬੋਧਨ ਕਰਦਿਆਂ ਕੀਤਾ। ਅਰਸ਼ੀ ਨੇ ਕਿਹਾ ਕਿ ਸੀ ਪੀ ਆਈ ਦੇ ਮਹਾਂ ਸੰਮੇਲਨ ਮੌਕੇ ਦੇਸ਼ ਵਿਦੇਸ਼ ਵਿੱਚੋਂ ਪੁੱਜੇ ਆਗੂਆਂ ਵੱਲੋਂ ਰਾਜਨੀਤਕ ਆਰਥਿਕ ਤੇ ਸਮਾਜਿਕ ਪੱਖਾਂ 'ਤੇ ਵਿਸਥਾਰਿਤ ਚਰਚਾ ਹੋਵੇਗੀ। ਉਹਨਾਂ ਇਸ ਮੌਕੇ ਆਗੂਆਂ ਨੂੰ ਅਪੀਲ ਕੀਤੀ ਕਿ ਪ੍ਰੋਗਰਾਮ ਦੀ ਸਫਲਤਾ ਲਈ ਹਰ ਪੱਖੋਂ ਸਹਿਯੋਗ ਕੀਤਾ ਜਾਵੇ। ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਪਾਰਟੀ ਕਾਂਗਰਸ ਚੰਡੀਗੜ੍ਹ ਦੀ ਸਫਲਤਾ ਤੇ 21 ਸਤੰਬਰ ਦੀ ਚੰਡੀਗੜ੍ਹ ਰੈਲੀ ਵਿੱਚ ਮਾਨਸਾ ਜ਼ਿਲ੍ਹੇ ਵਿੱਚੋਂ ਫੰਡ ਦਾ ਕੋਟਾ ਤੇ ਵੱਡੇ ਕਾਫ਼ਲਿਆਂ ਦੇ ਰੂਪ ਵਿੱਚ ਸ਼ਮੂਲੀਅਤ ਦਾ ਆਪਣੇ ਸੀਨੀਅਰ ਆਗੂ ਕਾ. ਅਰਸ਼ੀ ਨੂੰ ਦਵਾਇਆ। ਇਸ ਮੌਕੇ ਸਬ ਡਵੀਜ਼ਨ ਮਾਨਸਾ ਦੇ ਸਕੱਤਰ ਕਾ. ਰੂਪ ਸਿੰਘ ਢਿੱਲੋਂ, ਸ਼ਹਿਰੀ ਸਕੱਤਰ ਸਾਥੀ ਰਤਨ ਭੋਲਾ ਦੀ ਅਗਵਾਈ 'ਚ ਪੰਜਾਹ ਹਜ਼ਾਰ ਰੁਪਏ ਦੀ ਥੈਲੀ ਵੀ ਕਾ. ਅਰਸ਼ੀ ਨੂੰ ਭੇਂਟ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਬੁਰਜ ਹਰੀ,ਮੰਗਤ ਰਾਏ ਭੀਖੀ ਆਦਿ ਆਗੂ ਵੀ ਹਾਜਰ ਸਨ।

# ਸ੍ਰੀ ਪਵਨ ਕੁਮਾਰ ਟੀਨੂੰ ਨੂੰ ਪੰਜਾਬ ਐਗਰੀਕਲਚਰ ਫਾਈਨਾਂਸ ਬੈਂਕ ਦਾ ਚੇਅਰਮੈਨ ਲਗਾਇਆ

## ਅਤੇ ਪਰਦੀਪ ਦੁੱਗਲ ਨੂੰ ਜਿਲਾ ਜਲੰਧਰ ਦਿਹਾਤੀ ਦਾ ਪ੍ਰਧਾਨ ਲਗਾਉਣ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ-ਸ. ਜਤਿੰਦਰ ਸਿੰਘ ਕਾਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਫਿਲੌਰ/ਅੱਪਰਾ (ਦੀਪਾ)- ਆਮ ਆਦਮੀ ਪਾਰਟੀ ਵੱਲੋਂ ਬੀਤੇ ਦਿਨੀਂ ਸ੍ਰੀ ਪਵਨ ਕੁਮਾਰ ਟੀਨੂੰ ਨੂੰ ਪੰਜਾਬ ਐਗਰੀਕਲਚਰ ਫਾਈਨਾਂਸ ਬੈਂਕ ਦਾ ਚੇਅਰਮੈਨ ਤੇ ਪਰਦੀਪ ਦੁੱਗਲ ਨੂੰ ਜਿਲਾ ਜਲੰਧਰ (ਦਿਹਾਤੀ) ਦਾ ਪ੍ਰਧਾਨ ਲਗਾਇਆ ਗਿਆ ਸੀ | ਇਸ ਸੰਬੰਧ 'ਚ ਅੱਪਰਾ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਜਤਿੰਦਰ ਸਿੰਘ ਕਾਲਾ ਵਾਈਸ ਚੇਅਰਮੈਨ ਜਿਲਾ ਜਲੰਧਰ (ਦਿਹਾਤੀ) ਯੂਥ ਵਿੰਗ ਨੇ ਜਿੱਥੇ ਪਾਰਟੀ ਹਾਈਕਮਾਂਡ ਤੇ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ, ਉੱਥੇ ਹੀ ਦੋਵਾਂ ਆਗੂਆਂ ਨੂੰ ਇਸ ਵੱਡੀ ਜਿੰਮੇਵਾਰੀ ਮਿਲਣ 'ਤੇ ਮੁਬਾਰਕਬਾਦ ਦਿੱਤੀ | ਉਨ੍ਹਾਂ ਅੱਗੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਮੁਕਾਮ 'ਤੇ ਪਹੁੰਚਣਾ ਸ੍ਰੀ ਪਵ ਕੁਮਾਰ ਟੀਨੂੰ ਤੇ ਪਰਦੀਪ ਦੁੱਗਲ ਜੀ ਦੀ ਮਿਹਨ, ਲਗਨ ਤੇ ਪਾਰਟੀ ਪ੍ਰਤੀ ਵਫਦਾਰੀ ਦਾ ਨਤੀਜਾ ਹੈ | ਉਨ੍ਹਾਂ ਕਾਮਨਾ ਕੀਤੀ ਕਿ ਇਹ ਦੋਵੇਂ ਆਗੂ ਅੱਗੇ ਵੀ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ



ਪਹੁੰਚਾਉਂਦੇ ਰਹਿਣਗੇ ਤੇ ਭਵਿੱਖ 'ਚ ਹੋਰ ਉਚੇਰਾ ਮੁਕਾਮ ਹਾਸਲ ਕਰਨਗੇ |

# ਦੋ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਤੇ ਫਰਦ ਕੇਂਦਰ ਮੁਲਾਜਮਾਂ ਨੇ ਕੀਤੀ ਅਣਮਿੱਥੇ ਸਮੇਂ ਦੀ ਹੜਤਾਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ 3 ਜੂਨ (ਤਰਸੇਮ ਦੀਵਾਨਾ ) ਦੋ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਤੇ ਫਰਦ ਕੇਂਦਰ ਤਹਿਸੀਲ ਹੁਸ਼ਿਆਰਪੁਰ ਦੇ ਮੁਲਾਜਮ ਫਾਕਾ ਕੱਟਣ ਲਈ ਮਜਬੂਰ ਹਨ, ਜਿਸਦੇ ਰੋਸ ਵਜੋਂ ਫਰਦ ਕੇਂਦਰ ਦੇ ਮੁਲਾਜਮਾਂ ਨੇ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ ਕਰ ਦਿੱਤੀ ਹੈ । ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਫਰਦ ਕੇਂਦਰ ਦੇ ਮੁਲਾਜ਼ਮ ਆਗੂਆਂ ਨੇ ਦੱਸਿਆ ਕਿ ਪਿਛਲੇ 18 ਸਾਲ ਤੋਂ ਉਹ ਫਰਦ ਕੇਂਦਰ ਹੁਸ਼ਿਆਰਪੁਰ ਵਿਚ ਡਿਊਟੀ ਨਿਭਾਅ ਰਹੇ ਹਨ। ਫਰਦ ਕੇਂਦਰ ਦਾ ਠੇਕਾ ਪ੍ਰਾਈਵੇਟ ਕੰਪਨੀ ਕੋਲ ਸੀ ਜੋ ਕਿ ਅਕਤੂਬਰ 2024 ਨੂੰ ਖਤਮ ਹੋ ਚੁੱਕਾ ਹੈ। ਇਸ ਦੌਰਾਨ ਵੀ ਫਰਦ ਕੇਂਦਰ ਮੁਲਾਜਮ ਆਪਣੀ ਡਿਊਟੀ ਕਰਦੇ ਆ ਰਹੇ।ਓਨਾਂ ਦੱਸਿਆ ਕਿ ਪਿਛਲੇ ਦੋ ਮਹੀਨੇ ਤੋਂ ਤਨਖਾਹ ਨਾ ਮਿਲਣ ਕਰਕੇ ਫਰਦ ਕੇਂਦਰ ਮੁਲਾਜ਼ਮ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਆਰਥਿਕ ਤੰਗੀ ਦਾ ਸ਼ਿਕਾਰ ਹਨ। ਇਨਾਂ ਆਗੂਆਂ ਨੇ ਦੱਸਿਆ ਕਿ ਕੰਪਨੀ ਦੇ ਦਬਾਅ ਹੇਠ ਅਫਸਰ ਸਹਿਬਾਨਾਂ ਵੱਲੋਂ ਹੜਤਾਲ ਖਤਮ ਕਰਨ ਲਈ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਓਨਾਂ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੁਸ਼ਕਲਾਂ ਦਾ ਹੱਲ ਨਾ ਕੀਤਾ ਅਤੇ ਪਿਛਲੇ ਮਹੀਨਿਆਂ ਦੀ ਤਨਖਾਹ ਤੁਰੰਤ ਜਾਰੀ ਨਾ ਕੀਤੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ, ਜ਼ੋਰਾਵਰ ਸਿੰਘ, ਜੀਵਨ ਕੁਮਾਰ, ਬੰਦਨਾ, ਸਾਹਿਲ ਮਹਿਤਾ, ਪੁਨੀਤ ਕੁਮਾਰ, ਮੋਨਿਕਾ, ਧਰਮਿੰਦਰ, ਦੀਪਕ ਆਦਿ ਹਾਜਰ ਸਨ।

# ਸੇਭਾ ਰਾਮ ਨੂੰ ਸੇਵਾਮੁਕਤੀ 'ਤੇ ਸਨਮਾਨਜਨਕ ਵਿਦਾਇਗੀ ਦਿੱਤੀ ਗਈ - ਜਨ ਸਿਹਤ ਇੰਜੀਨੀਅਰਿੰਗ ਵਿਭਾਗ ਰਤੀਆ ਵਿੱਚ ਸਮਾਰੋਹ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਰਤੀਆ/ਸੁਨੀਲ ਕੁਮਾਰ ਅੱਜ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਰਤੀਆ ਵਿੱਚ ਇੱਕ ਸ਼ਾਨਦਾਰ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਭਾਗ ਦੇ ਸੇਭਾ ਰਾਮ ਇਲੈਕਟ੍ਰੀਸ਼ੀਅਨ ਨੂੰ ਸੇਵਾਮੁਕਤੀ ਦੇ ਮੌਕੇ 'ਤੇ ਸਨਮਾਨਜਨਕ ਵਿਦਾਇਗੀ ਦਿੱਤੀ ਗਈ। ਸੇਵਾਮੁਕਤ ਸੇਭਾ ਰਾਮ ਨੇ ਲਗਭਗ 40 ਸਾਲ ਵਿਭਾਗ ਦੀ ਸੇਵਾ ਕਰਕੇ ਅਨੁਸ਼ਾਸਨ, ਇਮਾਨਦਾਰੀ ਅਤੇ ਸੇਵਾ ਭਾਵਨਾ ਦੀ ਮਿਸਾਲ ਕਾਇਮ ਕੀਤੀ।

ਅਧਿਕਾਰੀਆਂ ਦੀ ਸੇਵਾ ਦਾ ਸਨਮਾਨ

ਐਸ.ਡੀ.ਓ. ਆਂਚਲ ਜੈਨ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਸੇਵਾਮੁਕਤ ਸੇਭਾ ਰਾਮ ਦੇ ਯੋਗਦਾਨ ਨੂੰ ਸਲਾਮ ਕੀਤਾ ਅਤੇ ਕਿਹਾ ਕਿ ਜਿਸ ਸ਼ਰਧਾ ਅਤੇ ਸਮਰਪਣ ਨਾਲ ਸੇਭਾ ਰਾਮ ਨੇ ਆਪਣੇ ਫਰਜ਼ ਨਿਭਾਏ ਹਨ, ਉਹ ਪੂਰੇ ਵਿਭਾਗ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਦੀ ਸੇਵਾ ਭਾਵਨਾ ਆਉਣ ਵਾਲੀਆਂ ਪੀੜ੍ਹੀਆਂ ਲਈ ਮਾਰਗਦਰਸ਼ਕ ਵਜੋਂ ਕੰਮ ਕਰੇਗੀ। ਸਮਾਰੋਹ ਦੌਰਾਨ, ਸੇਵਾਮੁਕਤ ਸੇਭਾ ਰਾਮ ਨੂੰ ਯਾਦਗਾਰੀ ਚਿੰਨ੍ਹ ਅਤੇ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸੱਦਾ ਦਿੱਤਾ ਗਿਆ ਸੀ ਅਤੇ ਉਨ੍ਹਾਂ ਦੇ ਸਹਿਯੋਗ ਅਤੇ ਸਬਰ ਲਈ ਧੰਨਵਾਦ ਕੀਤਾ ਗਿਆ ਸੀ। ਇਸ ਸਨਮਾਨ ਸਮਾਰੋਹ ਦੇ ਮੌਕੇ 'ਤੇ ਵਿਭਾਗ ਦੇ ਸਾਰੇ ਕਰਮਚਾਰੀ ਜਿਨ੍ਹਾਂ ਵਿੱਚ ਸ਼ਮਸ਼ੇਰ ਸਿੰਘ, ਦਲਬੀਰ ਸਿੰਘ, ਜਨਕ ਰਾਜ, ਜੂਨੀਅਰ ਇੰਜੀਨੀਅਰ ਛੋਟੂ ਰਾਮ, ਕੁਲਦੀਪ ਬੀ.ਆਰ.ਸੀ., ਮੰਗਤ ਕੰਬੋਜ, ਪਵਨ ਕੁਮਾਰ, ਦਿਨੇਸ਼ ਕੁਮਾਰ, ਮਨਜੀਤ ਸਿੰਘ ਆਦਿ ਸ਼ਾਮਲ ਸਨ, ਮੌਜੂਦ ਸਨ।

# ਅਮਰ ਸ਼ਹੀਦ ਸੰਤ ਰਾਮਾਨੰਦ ਜੀ ਦੀ ਯਾਦ 'ਚ ਛੋਕਰਾਂ ਵਿਖੇ ਨੌਜਵਾਨਾਂ ਨੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਫਿਲੌਰ / ਅੱਪਰਾ (ਦੀਪਾ)-ਕਰੀਬੀ ਪਿੰਡ ਛੋਕਰਾਂ ਵਿਖੇ ਛੋਕਰਾਂ-ਅੱਪਰਾ-ਬੰਗਾ ਟੀ-ਪੁਆਇੰਟ ਵਿਖੇ ਨੌਜਵਾਨਾਂ ਵਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਤੇ ਅਮਰ ਸ਼ਹੀਦ ਸੰਤ ਰਾਮਾਨੰਦ ਜੀ ਦੀ ਯਾਦ 'ਚ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਤੇ ਛੋਲਿਆਂ ਦਾ ਲੰਗਰ ਰਾਹਗੀਰਾਂ ਨੂੰ ਛਕਾਇਆ ਗਿਆ | ਸੱਭ ਤੋਂ ਪਹਿਲਾਂ ਬਾਬਾ ਸਾਹਿਬ ਤੇ ਸੰਤ ਰਾਮਾਨੰਦ ਜੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ | ਇਸ ਮੌਕੇ ਰਣਦੀਪ ਕੁਮਾਰ ਰਿੰਪੀ, ਦੀਪੂ, ਸੁਨੀਲ, ਸੌਰਵ, ਅਜੇ, ਲਵਪ੍ਰੀਤ ਸੰਦੀਪ, ਜਸਵੀਰ, ਰਵੀ, ਪ੍ਰਵੀਨ, ਸੰਦੀਪ, ਦਲਜੀਤ, ਛਿੰਦੀ, ਰਾਮ ਜੀ, ਗੱਗੀ, ਧਨਵੀਰ, ਜਸਵੀਰ, ਗਗਨਦੀਪ, ਤਨਿਸ਼, ਗਗਨਦੀਪ, ਤਲਵਿੰਦਰ ਕੁਮਾਰ, ਹਰਲਿਸ਼ ਆਦਿ ਨੌਜਵਾਨਾਂ ਨੇ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਪਿਆ ਕੇ ਅੱਤ ਦੀ ਪੈ ਰਹੀ ਗਰਮੀ 'ਚ ਤਪਦੇ ਹਿਰਦੇ ਠਾਰੇ | ਇਸ ਮੌਕੇ ਸਮੂਹ ਪੰਚਾਇਤ ਮੈਂਬਰ ਤੇ ਮੋਹਤਬਰ ਵੀ ਹਾਜ਼ਰ ਸਨ |

# ਉਚੇਰੀ ਸਿੱਖਿਆ ਨਾਲ ਜੁੜੇ ਅਧਿਆਪਕਾਂ ਦੀ ਸਿਖਲਾਈ ਲਈ ਦੋ ਰਿਫ਼ਰੈਸ਼ਰ ਕੋਰਸ ਸ਼ੁਰੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਪਟਿਆਲਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਪੰਜਾਬੀ ਯੂਨੀਵਰਸਿਟੀ ਦੇ ਯੂ.ਜੀ.ਸੀ. ਮਾਲਵੀਆ ਮਿਸ਼ਨ ਟੀਚਰ ਟਰੇਨਿੰਗ ਸੈਂਟਰ ਵਿਖੇ ਦੋ ਕੋਰਸ ਸ਼ੁਰੂ ਕੀਤੇ ਗਏ ਹਨ। ਸੈਂਟਰ ਦੇ ਡਾਇਰੈਕਟਰ ਪ੍ਰੋ.ਰਮਨ ਮੈਣੀ ਨੇ ਦੱਸਿਆ ਕਿ ਉਚੇਰੀ ਸਿੱਖਿਆ ਨਾਲ ਜੁੜੇ ਅਧਿਆਪਕਾਂ ਦੀ ਸਿਖਲਾਈ ਸਬੰਧੀ ਇਨ੍ਹਾਂ ਕੋਰਸਾਂ ਵਿੱਚੋਂ ਇੱਕ ਕੋਰਸ 'ਗੁਰੂ ਦਕਸ਼ਤਾ ਫ਼ੈਕਲਟੀ ਇੰਡਕਸ਼ਨ ਪ੍ਰੋਗਰਾਮ' ਹੈ ਅਤੇ ਦੂਜਾ 'ਫਿਜ਼ੀਕਲ ਸਾਇੰਸਜ਼, ਕੈਮੀਕਲ ਸਾਇੰਸਜ਼ ਅਤੇ ਇੰਜਨੀਅਰਿੰਗ' ਵਿਸ਼ੇ ਨਾਲ ਸਬੰਧਤ ਰਿਫਰੈਸ਼ਰ ਕੋਰਸ ਹੈ। ਉਨ੍ਹਾਂ ਦੱਸਿਆ ਕਿ ਦੋਹਾਂ ਕੋਰਸਾਂ ਦੇ ਸਾਂਝੇ ਉਦਘਾਟਨੀ ਸੈਸ਼ਨ ਦੌਰਾਨ ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਡਾਇਰੈਕਟਰ ਯੋਜਨਾ ਅਤੇ ਨਿਰੀਖਣ ਡਾ.ਜਸਵਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਪ੍ਰੋ. ਨਰਿੰਦਰ ਕੌਰ ਮੁਲਤਾਨੀ ਨੇ ਇਸ ਮੌਕੇ ਬੋਲਦਿਆਂ ਇਨ੍ਹਾਂ ਕੋਰਸਾਂ ਦੀ ਅਹਿਮੀਅਤ ਬਾਰੇ ਵੱਖ-ਵੱਖ ਨੁਕਤੇ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਜਿੱਥੇ ਇੱਕ ਪਾਸੇ 'ਗੁਰੂ ਦਕਸ਼ਤਾ ਪ੍ਰੋਗਰਾਮ' ਨਵੇਂ ਭਰਤੀ ਹੋਣ ਵਾਲੇ ਅਧਿਆਪਕਾਂ ਨੂੰ ਇਸ ਪੇਸ਼ੇ ਦੀਆਂ ਨੈਤਿਕ ਅਤੇ ਤਕਨੀਕੀ ਜ਼ਿੰਮੇਵਾਰੀਆਂ ਬਾਰੇ ਸਿੱਖਿਅਤ ਕਰ ਕੇ ਇੱਕ ਚੰਗਾ ਅਧਿਆਪਕ ਹੋਣ ਦਾ ਕਾਰਜ ਕਰਦਾ ਹੈ,ਉੱਥੇ ਹੀ ਦੂਜੇ ਪਾਸੇ 'ਰਿਫਰੈਸ਼ਰ ਕੋਰਸ' ਦਾ ਮਕਸਦ ਅਨੁਭਵੀ ਅਧਿਆਪਕਾਂ ਨੂੰ ਗਿਆਨ ਦੇ ਨਵੇਂ ਖੇਤਰਾਂ ਅਤੇ ਰੁਝਾਨਾਂ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਦਾ ਆਪਣੇ ਖੇਤਰ ਵਿਚਲੇ ਨਵੇਂ ਗਿਆਨ ਨਾਲ ਜੁੜੇ ਰਹਿਣਾ ਬਹੁਤ ਜ਼ਰੂਰੀ ਹੈ। ਡਾ. ਜਸਵਿੰਦਰ ਸਿੰਘ ਨੇ ਦੋਵੇਂ ਕੋਰਸਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕਾਂ ਨੂੰ ਇਨ੍ਹਾਂ ਗਤੀਵਿਧੀਆਂ ਤੋਂ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਉਨ੍ਹਾਂ ਯੂਨੀਵਰਸਿਟੀ ਦੇ ਮਾਲਵੀਆ ਮਿਸ਼ਨ ਟੀਚਰ ਟਰੇਨਿੰਗ ਸੈਂਟਰ ਦੀ ਅਜਿਹੀਆਂ ਗਤੀਵਿਧੀਆਂ ਉਲੀਕਣ ਲਈ ਵਿਸ਼ੇਸ਼ ਤੌਰ ਉੱਤੇ ਸ਼ਲਾਘਾ ਕੀਤੀ।ਗੁਰੂ ਦਕਸ਼ਤਾ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ.ਮਨੀਸ਼ ਕਪੂਰ ਅਤੇ ਰਿਫ਼ਰੈਸ਼ਰ ਕੋਰਸ ਦੇ ਕੋਆਰਡੀਨੇਟਰ ਡਾ.ਅਨੂਪ ਠਾਕਰ ਵੱਲੋਂ ਵੀ ਇਸ ਮੌਕੇ ਸੰਬੋਧਨ ਕੀਤਾ ਗਿਆ। ਕੋ-ਕੋਆਰਡੀਨੇਟਰ ਡਾ.ਕਰਮਜੀਤ ਸਿੰਘ ਨੇ ਕੋਰਸਾਂ ਵਿੱਚ ਸ਼ਾਮਿਲ ਹੋਣ ਵਾਲੇ ਅਧਿਆਪਕਾਂ ਦੀ ਜਾਣ ਪਹਿਚਾਣ ਕਰਵਾਈ ਅਤੇ ਕੋ-ਕੋਆਰਡੀਨੇਟਰ ਡਾ.ਅਵਨੀਤਪਾਲ ਸਿੰਘ ਵੱਲੋਂ ਧੰਨਵਾਦੀ ਭਾਸ਼ਣ ਦਿੱਤਾ ਗਿਆ।

# ਮੈਸੰਜਰ ਆਫ ਪੀਸ ਮਿਸ਼ਨ ਦੇ ਸ਼ਾਂਤੀ ਵਫਦ ਵੱਲੋਂ ਸ਼੍ਰੀ ਮੰਤਰੀ ਅਮਨ ਅਰੋੜਾ ਨਾਲ ਮੁਲਾਕਾਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਫਿਲੌਰ/ਅੱਪਰਾ (ਦੀਪਾ)-ਅੱਜ ਮੈਸੰਜਰ ਆਫ ਪੀਸ ਮਿਸ਼ਨ ਦੇ ਸ਼ਾਂਤੀ ਵਫਦ ਵੱਲੋਂ ਸ਼੍ਰੀ ਅਮਨ ਅਰੋੜਾ ਮੰਤਰੀ ਪੰਜਾਬ ਸਰਕਾਰ (ਪ੍ਰਧਾਨ ਆਪ ਪਾਰਟੀ) ਨਾਲ ਮੁਲਾਕਾਤ ਕੀਤੀ ਗਈ | ਇਸ ਮੌਕੇ ਪੰਜਾਬ ਵਿੱਚ ਪੀਸ ਰਿਚਰਸ ਸੈਂਟਰ ਬਣਾਉਣ ਸੰਬੰਧੀ ਉਨ੍ਹਾਂ ਨਾਲ ਪੱਤਰ-ਵਿਹਾਰ ਸਾਂਝਾ ਕਰਦੇ ਹੋਏ ਵਿਸ਼ੇਸ਼ ਚਰਚਾ ਕੀਤੀ ਗਈ | ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੀਸ ਅੰਬੇਸਡਰ ਸਲੀਮ ਸੁਲਤਾਨੀ ਦੇ ਦੱਸਿਆ ਕਿ ਸਾਂਤੀ ਵਫਦ ਨੂੰ ਮੰਤਰੀ ਅਮਨ ਅਰੋੜਾ ਵਲੋਂ ਹਾਂ-ਪੱਖੀ ਹੁੰਗਾਰਾ ਮਿਲਿਆ ਹੈ | ਉਨਾਂ ਕਿਹਾ ਕਿ ਮੈਸੰਜਰ ਆਫ ਪੀਸ ਮਿਸ਼ਨ ਦਾ ਮੁੱਖ ਮਕਸਦ ਵਿਸ਼ਵ ਭਰ 'ਚ ਅਮਨ ਤੇ ਸਾਂਤੀ ਨੂੰ ਕਾਇਮ ਕਰਨ ਲਈਕੰਮ ਕਰਨਾ ਹੈ | ਇਸ ਮੌਕੇ ਉਨਾਂ ਨੂੰ 'ਮੈਸੰਜਰ ਆਫ ਪੀਸ' ਕਿਤਾਬ ਵੀ ਭੇਂਟ ਕੀਤੀ ਗਈ|

# ਅਣਪੜ੍ਹ ਬੁਜਦਿਲ ਕਾਇਰ ਲੋਕ ਹੀ ਬਾਬਾ ਸਾਹਿਬ ਦੇ ਸਟੈਚੂ ਦਾ ਨੁਕਸਾਨ ਕਰ ਰਹੇ ਹਨ- ਚੋਪੜਾ

## ਡਾ ਬੀ ਆਰ ਅੰਬੇਡਕਰ ਚੇਤਨਾ ਮੰਚ ਬਾਬਾ ਸਾਹਿਬ ਦਾ ਅਪਮਾਨ ਬਰਦਾਸ਼ਤ ਨਹੀਂ ਕਰੇਗਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਭਵਾਨੀਗੜ੍ਹ,3 ਜੂਨ (ਜਗਸੀਰ ਲੌਂਗੋਵਾਲ)- ਵਿਸ਼ਵ ਰਤਨ ਡਾ ਬੀ ਆਰ ਅੰਬੇਡਕਰ ਜੀ ਦੀ ਕ੍ਰਾਂਤੀਕਾਰੀ ਸੋਚ ਅਤੇ ਉਨ੍ਹਾਂ ਵੱਲੋਂ ਦਿੱਤੇ ਕ੍ਰਾਂਤੀਕਾਰੀ ਨਾਹਰੇ ਪੜ੍ਹੋ ਜੁੜੋ ਸੰਘਰਸ਼ ਕਰੋ ਤੇ ਪਹਿਰਾ ਦਿੰਦਿਆਂ ਦੁਨੀਆਂ ਦੇ ਬਹੁਤ ਦੇਸ਼ ਉੱਚੀਆਂ ਤਰੱਕੀਆਂ ਕਰ ਗਏ ਹਨ ਤਾਹੀਓ ਹੀ ਬਾਬਾ ਸਾਹਿਬ ਦੀ ਕ੍ਰਾਂਤੀਕਾਰੀ ਸੋਚ ਨੂੰ ਹੋਰ ਉੱਚਾ ਚੁੱਕਣ ਲਈ ਇੰਗਲੈਂਡ ਅਮਰੀਕਾ ਵਰਗੇ ਸ਼ਕਤੀਸ਼ਾਲੀ ਦੇਸ਼ ਅਪਣੇ ਦੇਸ਼ਾਂ ਵਿੱਚ ਬਾਬਾ ਸਾਹਿਬ ਜੀ ਦੀ ਸੋਚ ਵਿਚਾਰਾਂ ਨੂੰ ਸਕੂਲ ਕਾਲਜਾਂ ਵਿੱਚ ਪੜ੍ਹਾ ਰਹੇ ਹਨ ਪਰ ਅਫ਼ਸੋਸ ਭਾਰਤ ਦੇਸ਼ ਵਿੱਚ ਹੀ ਜਨਮੇ ਇਹ ਮਹਾਨ ਰਹਿਬਰ ਦੇ ਸਟੈਚੂਆ ਨੂੰ ਭਾਰਤ ਵਿੱਚ ਹੀ ਕੁਝ ਕੁ ਮੁੱਠੀ ਭਰ ਮਨੂਵਾਦੀ, ਅਣਪੜ੍ਹ, ਬੁਜਦਿਲ, ਕਾਇਰ ਲੋਕ ਨੁਕਸਾਨ ਪਹੁੰਚਾ ਰਹੇ ਹਨ ਜਿਵੇਂ ਕਿ ਪਹਿਲਾਂ ਸ੍ਰੀ ਅੰਮ੍ਰਿਤਸਰ ਸਾਹਿਬ, ਫਿਰ ਜਲੰਧਰ ਅਤੇ ਹੁਣ ਫਿਲੌਰ ਬਾਬਾ ਸਾਹਿਬ ਜੀ ਦੇ ਸਟੈਚੂ ਦਾ ਅਪਮਾਨ ਕੀਤਾ ਗਿਆ ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਭਵਾਨੀਗੜ੍ਹ ਤੇ ਸਮਾਜ ਸੇਵੀ ਸੰਸਥਾ ਡਾ ਬੀ ਆਰ ਅੰਬੇਡਕਰ ਚੇਤਨਾ ਮੰਚ ਦੇ ਸਰਪ੍ਰਸਤ ਮਾਸਟਰ ਚਰਨ ਸਿੰਘ ਚੋਪੜਾ ਅਤੇ ਪ੍ਰਧਾਨ ਬਲਕਾਰ ਸਿੰਘ ਭੰਗਾਣੀਆ ਨੇ ਕੀਤਾ ਉਨ੍ਹਾਂ ਕਿਹਾ ਇਹ ਬੁਜਦਿਲ ਲੋਕ ਅਗਰ ਅਸਲੀ ਮਰਦ ਹਨ ਜਾ ਜੁਰਅਤ ਰੱਖਦੇ ਹਨ ਤਾਂ ਚੈਲਿੰਜ ਕਰ ਕੇ ਆਉਣ, ਚੋਰੀ ਛੁੱਪੇ ਨਹੀਂ, ਅਸੀਂ ਬਾਬਾ ਸਾਹਿਬ ਜੀ ਦੇ ਵਾਰਸ ਵਾਅਦਾ ਕਰਦੇ ਹਾਂ ਕਿ ਇਹ ਕਾਇਰ ਲੋਕ ਸਟੈਚੂ ਨੂੰ ਨੁਕਸਾਨ ਪਹੁੰਚਾਉਣਾ ਤਾਂ ਦੂਰ ਅਪਣੀਆਂ ਲੱਤਾਂ ਤੇ ਵਾਪਿਸ ਨਹੀਂ ਜਾ ਸਕਣਗੇ, ਇਸੇ ਤਰਾਂ ਮੰਚ ਦੇ ਜਨਰਲ ਸਕੱਤਰ ਗੁਰਤੇਜ ਸਿੰਘ ਕਦਰਾਬਾਦ , ਸਕੱਤਰ ਡਾ ਸੁਖਵਿੰਦਰ ਸਿੰਘ ਸੁੱਖੀ ਅਤੇ ਸਮਾਜ ਸੇਵੀ ਜਸਵਿੰਦਰ ਸਿੰਘ ਚੋਪੜਾ ਨੇ ਵੀ ਸਰਕਾਰ ਅਤੇ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਸਾਡੇ ਸ਼ਾਂਤਮਈ ,ਅਮਨ ਪਸੰਦ ਪੰਜਾਬ ਨੂੰ ਨਫ਼ਰਤੀ ਜ਼ਹਿਰ ਦਾ ਲਾਂਬੂ ਲਾ ਰਹੇ ਇਹੋ ਜਿਹੇ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰ ਕੇ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਤਾਂ ਜੋ ਬਾਬਾ ਸਾਹਿਬ ਨੂੰ ਚਾਹੁਣ ਵਾਲਿਆਂ ਨੂੰ ਕੁਝ ਸਕੂਨ ਮਿਲ ਸਕੇ ।

# ਜ਼ਿਲ੍ਹਾ ਜੇਲ੍ਹ ਕੰਪਲੈਕਸ ਉੱਪਰ ਅਤੇ 500 ਮੀਟਰ ਦੇ ਘੇਰੇ ਅੰਦਰ ਨੋ ਡਰੋਨ ਜ਼ੋਨ ਦੀ ਕੀਤੀ ਘੋਸ਼ਣਾ,,

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਮਾਨਸਾ, 03 ਜੂਨ : (ਆਤਮਾ ਸਿੰਘ ਪਮਾਰ) ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਲਵੰਤ ਸਿੰਘ ਆਈ ਏ ਐਸ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਜੇਲ੍ਹ ਮਾਨਸਾ ਦੇ ਕੰਪਲੈਕਸ ਦੇ ਉਪਰ ਅਤੇ ਇਸ ਦੇ 500 ਮੀਟਰ ਦੇ ਘੇਰੇ ਦੇ ਆਲੇ-ਦੁਆਲੇ ਡਰੋਨ ਉਡਾਉਣ *ਤੇ ਪੂਰਨ ਪਾਬੰਦੀ ਲਗਾਉਂਦਿਆਂ ਨੋ ਡਰੋਨ ਜ਼ੋਨ ਘੋਸ਼ਿਤ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਕਪਤਾਨ ਪੁਲਿਸ ਮਾਨਸਾ ਵੱਲੋਂ ਪ੍ਰਾਪਤ ਪੱਤਰ ਰਾਹੀਂ ਧਿਆਨ ਵਿੱਚ ਆਇਆ ਹੈ ਕਿ ਪਿਛਲੇ ਸਮੇਂ ਦੌਰਾਨ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਮੋਬਾਇਲ ਫੋਨ, ਨਸ਼ੀਲੀਆਂ ਦਵਾਈਆਂ ਜਾਂ ਪਦਾਰਥ ਅਤੇ ਹੋਰ ਇਤਰਾਜ਼ਯੋਗ ਵਸਤੂਆਂ ਬਰਾਮਦ ਹੋਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਇਸ ਲਈ ਅਜਿਹੀਆਂ ਘਟਨਾਵਾਂ ਨੂੰ ਹਿਤ ਰੱਖਦਿਆਂ ਜ਼ਿਲ੍ਹਾ ਜੇਲ੍ਹ ਮਾਨਸਾ ਦੇ ਕੰਪਲੈਕਸ ਦੇ ਉਪਰ ਅਤੇ ਇਸ ਦੇ 500 ਮੀਟਰ ਦੇ ਘੇਰੇ ਦੇ ਆਲੇ-ਦੁਆਲੇ ਨੋ ਡਰੋਨ ਜ਼ੋਨ ਘੋਸ਼ਿਤ ਕੀਤਾ ਜਾਂਦਾ ਹੈ। ਇਹ ਹੁਕਮ 31 ਜੁਲਾਈ 2025 ਤੱਕ ਲਾਗੂ ਰਹੇਗਾ।

# ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਦਿੱਤੀ ਜਾਵੇਗੀ ਸੱਤ ਹਜ਼ਾਰ ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com

ਬਠਿੰਡਾ, 3 ਜੂਨ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਜਿਥੇ ਹਰ ਤਰ੍ਹਾਂ ਦੇ ਸੰਭਵ ਯਤਨ ਕਰ ਰਹੀ ਹੈ ਉਥੇ ਹੀ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਖੇਤੀ ਦੇ ਨਾਲ-ਨਾਲ ਹੋਰ ਸਹਾਇਕ ਧੰਦੇ ਅਪਨਾਉਣ ਲਈ ਵੀ ਪ੍ਰੇਰਿਤ ਕਰ ਰਹੀ ਹੈ। ਝੋਨੇ ਦੀ ਥਾਂ 'ਤੇ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਸਰਕਾਰ ਵਲੋਂ ਸੱਤ ਹਜ਼ਾਰ ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਮੱਦਦ ਦੇ ਤੌਰ 'ਤੇ ਦਿੱਤੀ ਜਾਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਉਨ੍ਹਾਂ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਚਾਹਵਾਨ ਕਿਸਾਨ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਕਰਕੇ ਮੱਕੀ ਦੀ ਫਸਲ ਦੀ ਕਾਸ਼ਤ ਕਰਨ ਨੂੰ ਤਰਜੀਹ ਦੇਣ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਬਠਿੰਡਾ ਡਾ.ਜਗਦੀਸ਼ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ 'ਚ ਤਕਰੀਬਨ 3750 ਏਕੜ ਵਿੱਚ ਝੋਨੇ ਦੀ ਥਾਂ 'ਤੇ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਪੰਜਾਬ ਸਰਕਾਰ ਦੁਆਰਾ ਸੱਤ ਹਜ਼ਾਰ ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਮੱਦਦ ਦੇ ਤੌਰ 'ਤੇ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਪਾਇਲਟ ਪ੍ਰੋਜੈਕਟ ਅਧੀਨ ਝੋਨੇ ਦੀ ਥਾਂ 'ਤੇ ਸਾਉਣੀ ਦੀ ਫਸਲ ਮੱਕੀ ਦੀ ਕਾਸ਼ਤ ਕਰਵਾਈ ਜਾ ਰਹੀ ਹੈ। ਜੂਨ ਮਹੀਨਾ ਮੱਕੀ ਦੀ ਬਿਜਾਈ ਲਈ ਢੁੱਕਵਾਂ ਹੈ। ਮੱਕੀ ਦੀਆਂ ਹਾਈਬ੍ਰਿਡ ਕਿਸਮਾਂ ਦਾ ਝਾੜ 24-25 ਕੁਇੰਟਲ ਪ੍ਰਤੀ ਏਕੜ ਪ੍ਰਾਪਤ ਹੁੰਦਾ ਹੈ।ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨਾਲ ਲਗਾਤਾਰ ਤਾਲਮੇਲ ਕਰਕੇ ਪਿੰਡਾਂ ਵਿੱਚ ਕਿਸਾਨ ਸਿਖਲਾਈ ਕੈਂਪ ਲਗਾ ਕੇ ਮੱਕੀ ਦੀ ਫਸਲ ਦੀ ਕਾਸ਼ਤ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

# 68 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਅਨੁਸੂਚਿਤ ਜਾਤੀਆਂ ਲਈ ਇੱਕ ਵੱਡਾ ਤੋਹਫ਼ਾ : ਡਾ. ਇਸ਼ਾਂਕ

## - ਕਿਹਾ ਕਿ ਹਰ ਸਰਕਾਰ ਨੇ ਵਾਅਦਾ ਕੀਤਾ, ਨਿਭਾਇਆ 'ਆਪ' ਸਰਕਾਰ ਨੇ, - ਮੁੱਖ ਮੰਤਰੀ ਦਾ ਕੀਤਾ ਧੰਨਵਾਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਜੂਨ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ, 3 ਜੂਨ, ( ਤਰਸੇਮ ਦੀਵਾਨਾ ) ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਲਈ ਇੱਕ ਵੱਡੀ ਰਾਹਤ ਦਾ ਐਲਾਨ ਕਰਦੇ ਹੋਏ 67.84 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ, ਜਿਸ ਨਾਲ ਲਗਭਗ 4,800 ਪਰਿਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਇਹ ਕਰਜ਼ਾ ਮੁਆਫ਼ੀ ਪੰਜਾਬ ਅਨੁਸੂਚਿਤ ਜਾਤੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ (PSCFSC) ਵੱਲੋਂ 31 ਮਾਰਚ, 2020 ਤੱਕ ਦਿੱਤੇ ਗਏ ਕਰਜ਼ਿਆਂ 'ਤੇ ਲਾਗੂ ਹੋਵੇਗੀ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ PSCFSC ਵਿਰੁੱਧ ਅਦਾਲਤਾਂ ਵਿੱਚ ਕੇਸ ਦਾਇਰ ਕਰਨ ਵਾਲੇ ਕਰਜ਼ਦਾਰ ਇਸ ਕਰਜ਼ ਮੁਆਫੀ ਲਈ ਸਿਰਫ਼ ਤਾਂ ਹੀ ਯੋਗ ਹੋਣਗੇ ਜੇਕਰ ਉਹ ਬਿਨਾਂ ਸ਼ਰਤ ਕੇਸ ਵਾਪਸ ਲੈ ਲੈਂਦੇ ਹਨ ਅਤੇ ਇਸ ਦੇ ਦਸਤਾਵੇਜ਼ੀ ਸਬੂਤ ਪ੍ਰਦਾਨ ਕਰਦੇ ਹਨ।

ਇਸ ਫੈਸਲੇ ਦਾ ਸੁਆਗਤ ਕਰਦਿਆਂ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਿਰਫ਼ ਕਰਜ਼ਾ ਮੁਆਫ਼ੀ ਨਹੀਂ ਹੈ, ਸਗੋਂ ਅਨੁਸੂਚਿਤ ਭਾਈਚਾਰੇ ਦੇ ਸਵੈ-ਮਾਣ ਨੂੰ ਬਹਾਲ ਕਰਨ ਵੱਲ ਇੱਕ ਮਜ਼ਬੂਤ ਕਦਮ ਹੈ। ਉਨ੍ਹਾਂ ਕਿਹਾ ਕਿ ਕੁਝ ਕਰਜ਼ੇ 1995 ਤੋਂ ਪਹਿਲਾਂ ਤੋਂ ਵੀ ਚੱਲ ਰਹੇ ਹਨ, ਅਤੇ ਬਹੁਤ ਸਾਰੇ ਕਰਜ਼ਾ ਲੈਣ ਵਾਲੇ ਹੁਣ ਨਹੀਂ ਰਹੇ ਪਰ ਉਨ੍ਹਾਂ ਦੇ ਪਰਿਵਾਰ ਅਜੇ ਵੀ ਕਰਜ਼ਿਆਂ ਅਤੇ ਵਿਆਜ ਦੇ ਚੱਕਰ ਵਿੱਚ ਫਸੇ ਹੋਏ ਹਨ।

'ਆਪ' ਸਰਕਾਰ ਨੇ ਇਨ੍ਹਾਂ ਗਰੀਬ ਲੋੜਵੰਦ ਪਰਿਵਾਰਾਂ ਦੇ ਦਰਦ ਨੂੰ ਸਮਝਦੇ ਹੋਏ ਇਹ ਸਮਝਿਆ ਕਿ ਅਜਿਹੇ ਹਾਲਾਤਾਂ ਵਿੱਚ ਉਨ੍ਹਾਂ ਤੋਂ ਕਰਜ਼ਾ ਵਸੂਲਣਾ ਬੇਇਨਸਾਫ਼ੀ ਹੈ, ਅਤੇ ਇਸੇ ਲਈ ਇਹ ਕਰਜ਼ਾ ਮੁਆਫ਼ੀ ਦਾ ਫੈਸਲਾ ਕੈਬਨਿਟ ਮੀਟਿੰਗ ਵਿੱਚ ਪਾਸ ਕੀਤਾ ਗਿਆ।

ਉਹਨਾਂ ਕਿਹਾ ਕਿ 'ਆਪ' ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਇਹ ਸਿਰਫ਼ ਵਾਅਦੇ ਹੀ ਨਹੀਂ ਕਰਦੀ, ਸਗੋਂ ਉਨ੍ਹਾਂ ਨੂੰ ਪੂਰਾ ਵੀ ਕਰਦੀ ਹੈ। ਇਸ ਕਰਜ਼ੇ ਬਾਰੇ ਵੀ, ਪਿਛਲੀ ਹਰ ਸਰਕਾਰ ਨੇ ਇਸਨੂੰ ਮੁਆਫ਼ ਕਰਨ ਦੇ ਵਾਅਦੇ ਕੀਤੇ ਸਨ, ਪਰ ਸਿਰਫ਼ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸਨੂੰ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ਼ ਆਰਥਿਕ ਹੀ ਨਹੀਂ, ਸਗੋਂ ਸਮਾਜਿਕ ਨਿਆਂ ਦੀ ਦਿਸ਼ਾ ਵਿੱਚ ਚੁੱਕਿਆ ਗਿਆ ਇੱਕ ਇਤਿਹਾਸਕ ਕਦਮ ਹੈ।

# ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਨੇ ਪੱਤਰਕਾਰ ਗੁਰਪ੍ਰੀਤ ਸਿੰਘ ਭੇਗਲ 'ਤੇ ਹਮਲੇ ਦਾ ਲਿਆ ਸਖਤ ਨੋਟਿਸ

## *ਦਿੱਤੀ ਚਿਤਾਵਨੀ :- ਪੱਤਰਕਾਰਾਂ ਨੂੰ ਸਖਤ ਕਦਮ ਉਠਾਉਣ ਲਈ ਮਜਬੂਰ ਨਾ ਕਰੇ ਥਾਣਾ ਭੋਗਪੁਰ ਦੀ ਪੁਲਿਸ*



ਹੁਸ਼ਿਆਰਪੁਰ, 3 ਜੂਨ (ਤਰਸੇਮ ਦੀਵਾਨਾ ) ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ. ਪੰਜਾਬ ਆਫ਼ ਇੰਡੀਆ ਨੇ ਬੀਤੇ ਦਿਨੀ ਭੋਗਪੁਰ ਤੋਂ ਪੱਤਰਕਾਰ ਗੁਰਪ੍ਰੀਤ ਸਿੰਘ ਭੇਗਲ ਵਾਸੀ ਗੁਰੂ ਨਾਨਕ ਨਗਰ ਭੋਗਪੁਰ ਉੱਪਰ ਮੌਜੂਦਾ ਸਰਪੰਚ ਦੀ ਸ਼ਹਿ ਉੱਪਰ ਕੁਝ ਵਿਅਕਤੀਆਂ ਵੱਲੋਂ ਕੀਤੇ ਗਏ ਜਾਨਲੇਵਾ ਹਮਲੇ ਦਾ ਸਖ਼ਤ ਨੋਟਿਸ ਲਿਆ ਹੈ | ਇਸ ਸਬੰਧੀ ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ, ਸਕੱਤਰ ਜਨਰਲ ਵਿਨੋਦ ਕੌਸ਼ਲ,ਸੂਬਾ ਚੇਅਰਮੈਨ ਜਸਵਿੰਦਰ ਸਿੰਘ ਆਜ਼ਾਦ,ਸਕੱਤਰ ਕਮ ਖਜਾਨਚੀ ਤਰਸੇਮ ਦੀਵਾਨਾ,ਜਨਰਲ ਸਕੱਤਰ ਅਮਰਜੀਤ ਸਿੰਘ ਜੰਡੂਸਿੰਘਾ, ਵਾਈਸ ਚੇਅਰਮੈਨ ਗੁਰਬਿੰਦਰ ਸਿੰਘ ਪਲਾਹਾ ਅਤੇ ਸੀਨੀਅਰ ਅਸ਼ਵਨੀ ਸ਼ਰਮਾ ਨੇ ਦੱਸਿਆ ਕਿ ਇਸ ਹੋਏ ਜਾਨਲੇਵਾ ਹਮਲੇ ਸਬੰਧੀ ਜਾਣਕਾਰੀ ਦਿੰਦਿਆਂ ਭੋਗਪੁਰ ਤੋਂ ਪੱਤਰਕਾਰ ਗੁਰਪ੍ਰੀਤ ਸਿੰਘ ਭੇਗਲ ਨੇ ਦੱਸਿਆ ਕਿ ਪਿੰਡ ਲੁਹਾਰਾ ਤੋਂ ਭੋਗਪੁਰ ਵੱਲ ਨੂੰ ਜਾ ਰਹੇ ਸਨ ਤੇ ਰਸਤੇ ਵਿੱਚ ਇੱਕ ਟਰੈਕਟਰ ਤੇ ਦੋ ਨੌਜਵਾਨ ਨੇ ਗੱਡੀ ਦੇ ਅੱਗੇ ਟਰੈਕਟਰ ਲਗਾ ਕੇ ਰੋਕਿਆ ਅਤੇ ਪਰਿਵਾਰ ਨੂੰ ਇਕੱਲਾ ਦੇਖ ਆਪਣੇ ਹੋਰ ਅਣਪਛਾਤੇ ਲੋਕਾਂ ਨੂੰ ਮੌਕੇ ਤੇ ਬੁਲਾ ਲਿਆ ਅਤੇ ਪਰਿਵਾਰ ਦੇ ਨਾਲ ਧੱਕਾ ਮੁੱਕੀ ਕਰਨੀ ਸ਼ੁਰੂ ਕਰ ਦਿੱਤੀ, ਜਿਹਨਾਂ ਵਿੱਚੋ ਇੱਕ ਵਿਅਕਤੀ ਭੇਗਲ ਪਿੱਛਿਓ ਦੀ ਜੱਫਾ ਪਾਇਆ ਹੋਇਆ ਸੀ, ਉਕਤ ਵਿਅਕਤੀਆਂ ਵਿੱਚੋ ਜਦੋ ਭੁਪਿੰਦਰ ਸਿੰਘ ਨੇ ਗੁਰਪ੍ਰੀਤ ਸਿੰਘ ਭੇਗਲ ਤੇ ਵਾਰ ਕਰਨਾ ਚਾਹਿਆ ਤੇ ਪਰਿਵਾਰ ਉੱਤੇ ਹਮਲਾ ਹੁੰਦਾ ਦੇਖ ਉਹਨਾਂ ਦੀ ਬੇਟੀ ਜੈਸਮੀਨ ਕੌਰ ਭੇਗਲ ਨੇ ਜਦ ਸ੍ਰੀ ਸਾਹਿਬ ਕੱਢੀ ਤਾਂ ਉਕਤ ਨੇ ਪਿੱਛੋਂ ਦੀ ਜੱਫਾ ਛੱਡ ਦਿੱਤਾ। ਮੌਕੇ ਤੇ ਪਹੁੰਚੇ ਪਿੰਡ ਵਾਸੀਆਂ ਦੀ ਮਦਦ ਨਾਲ ਮਿਲ ਕੇ ਭੇਗਲ ਪਰਿਵਾਰ ਨੂੰ ਉਸ ਭੀੜ ਵਿੱਚੋਂ ਕੱਢ ਦਿੱਤਾ।

ਇਸ ਮੌਕੇ ਗੁਰਪ੍ਰੀਤ ਸਿੰਘ ਭੇਗਲ ਨੇ ਕਿਹਾ ਕਿ ਮੇਰੇ ਸਾਰੇ ਪਰਿਵਾਰ ਉੱਪਰ ਜਿਹਨਾਂ ਨੇ ਵੀ ਹਮਲਾ ਕੀਤਾ ਹੈ, ਉਹ ਵਿਅਕਤੀ ਬਖਸ਼ਣ ਯੋਗ ਨਹੀਂ ਹਨ। ਇਸ ਸਬੰਧੀ ਉਹਨਾਂ ਇਹ ਵੀ ਕਿਹਾ ਕਿ ਇਸ ਸਬੰਧੀ ਜਲੰਧਰ ਦੇ ਡਿਪਟੀ ਸਾਹਿਬ ਕੋਲ ਪਹਿਲਾਂ ਵੀ ਦਰਖਾਸਤ ਚੱਲ ਰਹੀ ਹੈ ਜਿਸ ਵਿੱਚ ਪਿੰਡ ਦੇ ਮੌਜੂਦਾ ਸਰਪੰਚ ਅਤੇ ਇਹਨਾਂ ਲੋਕਾਂ ਵੱਲੋਂ ਜਾਨੋ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ ਜਿਸ ਦੇ ਸਬੂਤ ਵੀ ਡਿਪਟੀ ਸਾਹਿਬ ਜਲੰਧਰ ਨੂੰ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਇਹਨਾਂ ਲੋਕਾਂ ਤੋਂ ਇਲਾਵਾ ਹੋਰ ਅਣਪਛਾਤੇ ਲੋਕਾਂ ਨੇ ਮੇਰੇ ਪਰਿਵਾਰ ਦੇ ਉੱਪਰ ਹਮਲਾ ਕੀਤਾ ਹੈ ਮੈਨੂੰ ਇਹਨਾਂ ਲੋਕਾਂ ਤੇ ਪਿਛਲੇ ਕਾਫੀ ਸਮੇ ਤੋਂ ਖਤਰਾ ਹੈ | ਉਨ੍ਹਾਂ ਵੱਲੋਂ ਵਾਰ ਵਾਰ ਡਿਪਟੀ ਕੋਲ ਪਹੁੰਚ ਕੇ ਇਨਸਾਫ ਦੀ ਮੰਗ ਕੀਤੀ ਪਰ ਕੋਈ ਵੀ ਸੁਣਵਾਈ ਨਹੀਂ ਹੋਈ ਜਿਸ ਕਾਰਨ ਪੁਲਿਸ ਦੀ ਢਿੱਲ ਮੱਠ ਦਾ ਹੀ ਨਤੀਜਾ ਹੁਣ ਉਨ੍ਹਾਂ ਦੇ ਪਰਿਵਾਰ ਨੂੰ ਭੁਗਤਣਾ ਪਿਆ ਹੈ | ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਪੰਜਾਬ ਇੰਡੀਆ ਵੱਲੋਂ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਨੇ ਕਿਹਾ ਕਿ ਐਸੋਸੀਏਸ਼ਨ ਐਸਐਸਪੀ ਜਲੰਧਰ ਪਾਸੋਂ ਮੰਗ ਕਰਦੀ ਹੈ ਕਿ ਪੱਤਰਕਾਰ ਗੁਰਪ੍ਰੀਤ ਸਿੰਘ ਭੇਗਲ ਵੱਲੋਂ ਪਹਿਲਾਂ ਦਿੱਤੀ ਦਰਖਾਸਤ ਉੱਪਰ ਕਾਰਵਾਈ ਨਾ ਕਰਨ ਵਾਲੇ ਪੁਲਿਸ ਅਧਿਕਾਰੀਆਂ ਨੂੰ ਲਾਈਨ ਹਾਜ਼ਿਰ ਕੀਤਾ ਜਾਵੇ ਅਤੇ ਇਸ ਸਾਰੇ ਮਾਮਲੇ ਦੀ ਜਾਂਚ ਐੱਸਪੀ ਰੈਂਕ ਦੇ ਅਫਸਰ ਤੋਂ ਕਰਵਾਈ ਜਾਵੇ ਨਾਲ ਹੀ ਸਰਕਾਰ ਗੁਰਪ੍ਰੀਤ ਸਿੰਘ ਭੇਗਲ ਦੇ ਪਰਿਵਾਰ ਉੱਪਰ ਹਮਲਾ ਕਰਨ ਵਾਲੇ ਮਾਮਲੇ ਵਿੱਚ ਮੌਜੂਦਾ ਸਰਪੰਚ ਅਤੇ ਉਸਦੇ ਸਾਥੀਆਂ ਖਿਲਾਫ ਵੀ ਬਣਦੀ ਕਾਰਵਾਈ ਕੀਤੀ ਜਾਵੇ। ਉਹਨਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅਜੇ ਵੀ ਪੁਲਿਸ ਨੇ ਤੁਰੰਤ ਕਾਰਵਾਈ ਸ਼ੁਰੂ ਨਾ ਕੀਤੀ ਤਾਂ ਸਮੁੱਚੇ ਪੱਤਰਕਾਰ ਭਾਈਚਾਰੇ ਨਾਲ ਸਲਾਹ ਕਰਕੇ ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਨੂੰ ਸਖਤ ਕਦਮ ਉਠਾਉਣ ਲਈ ਮਜਬੂਰ ਹੋਣਾ ਪਵੇਗਾ ਜਿਸਦੀ ਪੂਰੀ ਜਿੰਮੇਵਾਰੀ ਜਲੰਧਰ ਪੁਲਿਸ ਦੀ ਹੋਵੇਗੀ !

# ਵਾਰਡ ਨੰਬਰ 7 ਦੇ ਐਮ.ਸੀ. ਤੇ ਸਥਾਨਕ ਲੋਕ ਸੀਵਰੇਜ ਦੀ ਸਮੱਸਿਆ ਦੇ ਹੱਲ ਲਈ ਡਿਪਟੀ ਕਮਿਸ਼ਨਰ ਨੂੰ ਮਿਲੇ



ਸੰਗਰੂਰ,3 ਜੂਨ (ਜਗਸੀਰ ਸਿੰਘ)- ਪਿਛਲੇ ਕਈ ਮਹੀਨਿਆਂ ਤੋਂ ਸਥਾਨਕ ਕਿਸ਼ਨ ਬਾਂਗ ਕਲੋਨੀ ਗਲੀ ਨੰਬਰ 9 ਦੇ ਵਸਨੀਕ ਨਰਕ ਭਰੀ ਜ਼ਿੰਦਗੀ ਜੀਣ ਲਈ ਮਜਬੂਰ ਹਨ ਕਿਉਂਕਿ ਇੱਥੇ ਗਲੀਆਂ ਵਿੱਚ ਪਈਆਂ ਹੋਈਆਂ ਪਾਈਪਾਂ ਓਵਰਫਲੋ ਹੋ ਕੇ ਸੀਵਰੇਜ ਦੇ ਢੱਕਣਾ ਤੋਂ ਬਾਹਰ ਗੰਦਾ ਪਾਣੀ ਸੜਕਾਂ ਤੇ ਖੜ੍ਹਾ ਹੈ ਜਿਸ ਕਾਰਨ ਇਥੋਂ ਦੇ ਲੋਕਾਂ ਦਾ ਲੰਘਣਾ ਮੁਸ਼ਕਿਲ ਹੋਇਆ ਪਿਆ ਹੈ ਅਤੇ ਪੂਰਾ ਮਹੱਲਾ ਮੱਛਰ ਮੱਖੀਆਂ ਤੇ ਬਿਮਾਰੀਆਂ ਦਾ ਘਰ ਬਣਿਆ ਪਿਆ ਕਿਸ਼ਨ ਬਾਗ਼ ਕਲੋਨੀ ਦੇ ਗਲੀ ਨੰਬਰ 9 ਦੇ ਨਿਵਾਸੀਆਂ ਦਾ ਕਹਿਣਾ ਹੈ ਕਿ ਅਸੀਂ ਵਾਰ ਵਾਰ ਸੀਵਰੇਜ ਬੋਰਡ ਕੋਲੇ ਸ਼ਿਕਾਇਤ ਕਰ ਚੁੱਕੇ ਹਾਂ ਪ੍ਰੰਤੂ ਇਸ ਦਾ ਕੋਈ ਹੱਲ ਨਹੀਂ ਕੱਢ ਰਹੇ ਅਤੇ ਵਾਰ-ਵਾਰ ਲਾਰੇ ਲੱਪੇ ਲਾਏ ਜਾ ਰਹੇ ਹਨ ਇਥੋਂ ਦੇ ਸਮਾਜ ਸੇਵੀ ਖੇਮ ਚੰਦ ਸ਼ਰਮਾ ਜਿਨਾਂ ਦੀ ਧਰਮ ਪਤਨੀ ਵਾਰਡ ਨੰਬਰ 7 ਦੇ ਐਮ.ਸੀ. ਹਨ ਉਨਾਂ ਵੱਲੋਂ ਵੀ ਕਈ ਵਾਰ ਸੀਵਰੇਜ ਬੋਰਡ ਦੇ ਦਫਤਰ ਜਾਕੇ ਉੱਚ ਅਧਿਕਾਰੀਆਂ ਕੋਲ ਸ਼ਿਕਾਇਤ ਕੀਤੀ ਗਈ ਹੈ ਪ੍ਰੰਤੂ ਸੀਵਰੇਜ ਬੋਰਡ ਦੇ ਅਧਿਕਾਰੀਆਂ ਵੱਲੋਂ ਹਰ ਵਾਰ ਇਸ ਗੱਲ ਨੂੰ ਅਣਗੌਲਿਆਂ ਕੀਤਾ ਗਿਆ ਹੈ ਇਸ ਤੋਂ ਦੁਖੀ ਹੋ ਕੇ ਮਹੱਲਾ ਨਿਵਾਸੀਆਂ ਨੇ ਸੀਵਰੇਜ ਬੋਰਡ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਬੀਤੇ ਦਿਨ ਵਾਰਡ ਨੰਬਰ 7 ਦੇ ਐਮ.ਸੀ.ਅੰਜੂ ਸ਼ਰਮਾ ਦੇ ਪਤੀ ਖੇਮ ਚੰਦ ਸ਼ਰਮਾ ਵੱਲੋਂ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਹਨਾਂ ਵੱਲੋਂ ਸਥਾਨਕ ਨਿਵਾਸੀਆਂ ਨੂੰ ਨਾਲ ਲੈ ਕੇ ਡੀਸੀ ਸਾਹਿਬ ਨਾਲ ਗੱਲਬਾਤ ਕੀਤੀ ਅਤੇ ਡੀਸੀ ਸਾਹਿਬ ਨੂੰ ਸਾਰੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਸਾਡੀ ਸਾਰੀ ਮੁਸ਼ਕਿਲਾਂ ਨੂੰ ਸੁਣਦੇ ਹੋਏ ਡੀਸੀ ਸਾਹਿਬ ਨੇ ਸਾਨੂੰ ਵਿਸ਼ਵਾਸ ਦਵਾਇਆ ਕਿ ਇਹਨਾਂ ਸਮੱਸਿਆ ਦਾ ਜਲਦੀ ਹੱਲ ਜਲਦੀ ਕੀਤਾ ਜਾਏਗਾ। ਇਸ ਮੌਕੇ ਖੇਮ ਚੰਦ ਸ਼ਰਮਾ,ਅਸ਼ੋਕ ਕੁਮਾਰ, ਜੈ ਕੁਮਾਰ, ਕੁਲਦੀਪ ਸ਼ਰਮਾ, ਜਤਿੰਦਰ ਕੁਮਾਰ, ਸੰਭਵ ਗੋਇਲ, ਹਰਿੰਦਰ ਸਿੰਘ ਐਡਵੋਕੇਟ , ਵਿਕਾਸ ਬੰਸਲ,ਦੀਪਕ ਸਿੰਗਲਾ, ਰਘਵੀਰ ਸਿੰਘ, ਗੁਰਮੀਤ ਸਿੰਘ ਸੈਣੀ, ਅਤੇ ਹੋਰ ਵੀ ਸਥਾਨਕ ਨਿਵਾਸੀ ਹਾਜ਼ਰ ਸਨ।

# ਲੁਧਿਆਣਾ ਪੱਛਮੀ 'ਚ 'ਆਪ' ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਪੈਦਲ ਮਾਰਚ



ਹੁਸ਼ਿਆਰਪੁਰ, 3 ਜੂਨ ( ਤਰਸੇਮ ਦੀਵਾਨਾ ) ਲੁਧਿਆਣਾ ਪੱਛਮੀ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼੍ਰੀ ਸੰਜੀਵ ਅਰੋੜਾ ਦੇ ਹੱਕ ਵਿੱਚ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਇੱਕ ਵਿਸ਼ਾਲ ਪੈਦਲ ਮਾਰਚ ਕੀਤਾ ਗਿਆ।

ਇਹ ਪੈਦਲ ਮਾਰਚ ਲੋਕਾਂ ਵਿੱਚ ਚੋਣ ਜਾਗਰੂਕਤਾ ਫੈਲਾਉਣ ਅਤੇ ਸੰਜੀਵ ਅਰੋੜਾ ਦੇ ਹੱਕ ਵਿੱਚ ਸਮਰਥਨ ਜੁਟਾਉਣ ਲਈ ਕੀਤਾ ਗਿਆ। ਮਾਰਚ ਦੌਰਾਨ ਡਾ. ਚੱਬੇਵਾਲ ਨੇ ਬਾਜ਼ਾਰ ਵਿਚ ਹਰ ਦੁਕਾਨਦਾਰ ਅਤੇ ਗਾਹਕ ਨੂੰ ਮਿਲ ਕੇ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਆਮ ਆਦਮੀ ਪਾਰਟੀ ਦੀ ਨੀਤੀਆਂ, ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਕਿ ਸੰਜੀਵ ਅਰੋੜਾ ਇੱਕ ਇਮਾਨਦਾਰ, ਨਿਰਭਿਕ ਅਤੇ ਲੋਕਾਂ ਦੀ ਸੇਵਾ ਲਈ ਸਮਰਪਿਤ ਉਮੀਦਵਾਰ ਹਨ। ਲੁਧਿਆਣਾ ਵਾਸੀਆਂ ਨੂੰ ਇੱਕ ਇਮਾਨਦਾਰ ਆਵਾਜ਼ ਚਾਹੀਦੀ ਹੈ ਜੋ ਵਿਧਾਨ ਸਭਾ ਵਿੱਚ ਉਨ੍ਹਾਂ ਦੇ ਹੱਕ ਦੀ ਗੱਲ ਕਰ ਸਕੇ। ਪੈਦਲ ਮਾਰਚ ਵਿੱਚ ਸਥਾਨਕ ਆਗੂਆਂ, ਵੋਲੰਟੀਅਰਾਂ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ।

# ਪੰਛੀ ਬਚਾਓ ਮੁਹਿੰਮ ਲੌਂਗੋਵਾਲ ਵਿਖੇ ਪਹੁੰਚੀ



ਲੌਂਗੋਵਾਲ,3 ਜੂਨ (ਜਗਸੀਰ ਸਿੰਘ)- ਪੰਜਾਬ ਦੀ ਨਾਮਵਰ ਸੰਸਥਾ ਡੈਮੋਕਰੇਟਿਕ ਹਿਊਮਨ ਪਾਵਰ ਆਰਗਨਾਈਜੇਸ਼ਨ ਜੋ ਕਿ ਸਮਾਜ ਸੇਵਾ ਦੇ ਕਾਰਜਾਂ ਦੇ ਨਾਲ ਨਾਲ ਮਨੁੱਖੀ ਅਧਿਕਾਰਾਂ ਦੀ ਗੱਲ ਅਤੇ ਭ੍ਰਿਸ਼ਟਾਚਾਰ ਦੇ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਦੀ ਰਹਿੰਦੀ ਹੈ ਅਤੇ ਹੁਣ ਉਹਨਾਂ ਵੱਲੋਂ ਇਸ ਮਾਰੂ ਗਰਮੀ ਵਿੱਚ ਬੇਜੁਬਾਨ ਪਸ਼ੂ ਪੰਛੀਆਂ ਨੂੰ ਪਿਆਸੇ ਮਰਨ ਤੋਂ ਬਚਾਉਣ ਲਈ ਪਿਛਲੇ ਮਹੀਨੇ ਸੰਗਰੂਰ ਤੋਂ ਪੰਛੀ ਬਚਾਓ ਮੁਹਿੰਮ ਦਾ ਆਗਾਜ਼ ਕੀਤਾ ਸੀ ਜੋ ਕਿ ਪੰਜਾਬ ਦੇ ਵੱਖ-ਵੱਖ ਜਿਲਿਆਂ ਅਤੇ ਸ਼ਹਿਰਾਂ ਦੇ ਵਿੱਚ ਵਰਕਰਾਂ ਦੇ ਸਹਿਯੋਗ ਨਾਲ ਲਗਾਤਾਰ ਜਾਰੀ ਹੈ ਜਿਸ ਵਿੱਚ ਪੰਛੀਆਂ ਨੂੰ ਬਚਾਉਣ ਲਈ ਪੀਣ ਵਾਲੇ ਪਾਣੀ ਦੇ ਬਰਤਨ ਸ਼ਹਿਰਾਂ ਤੇ ਪਿੰਡਾਂ ਦੀਆਂ ਵੱਖ ਵੱਖ ਸਾਂਝੀਆਂ ਥਾਵਾਂ ਤੇ ਰੱਖ ਕੇ ਉਹਨਾਂ ਲਈ ਪਾਣੀ ਦਾ ਪ੍ਰਬੰਧ ਕੀਤਾ ਜਾਂਦਾ ਹੈ ਅੱਜ ਉਸੇ ਲੜੀ ਤਹਿਤ ਅੱਜ ਇਹ ਮੁਹਿੰਮ ਕਸਬਾ ਲੌਂਗੋਵਾਲ ਵਿਖੇ ਪਹੁੰਚੀ ਹੈ ਲੌਂਗੋਵਾਲ ਦੇ ਵਰਕਰਾਂ ਵੱਲੋਂ ਵੱਡੀ ਗਿਣਤੀ ਵਿੱਚ ਕਸਬਾ ਲੌਂਗੋਵਾਲ ਦੇ ਵੱਖ-ਵੱਖ ਚੌਂਕਾਂ ਅਤੇ ਸਾਂਝੀਆਂ ਥਾਵਾਂ ਤੇ ਜਿੱਥੇ ਪੰਛੀਆਂ ਦਾ ਆਉਣਾ ਜਾਣਾ ਹੈ ਵੱਡੀ ਗਿਣਤੀ ਵਿੱਚ ਮਿੱਟੀ ਦੇ ਬਰਤਨ ਰੱਖਕੇ ਉਹਨਾਂ ਲਈ ਪੀਣ ਵਾਲੇ ਪਾਣੀ ਦਾ ਪ੍ਰਬੰਧ ਕੀਤਾ ਗਿਆ ਜਿਸ ਦੀ ਸ਼ੁਰੂਆਤ ਪੰਜਾਬ ਦੇ ਪ੍ਰਧਾਨ ਕੁਲਦੀਪ ਸ਼ਰਮਾ ਨੇ ਆਪ ਕਰਵਾਈ। ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਰਗਨਾਈਜੇਸ਼ਨ ਦੇ ਸੂਬਾ ਪ੍ਰਧਾਨ ਕੁਲਦੀਪ ਸ਼ਰਮਾ ਨੇ ਕਿਹਾ ਕਿ ਜਿਸ ਤਰ੍ਹਾਂ ਦੀ ਅੱਜ ਕੱਲ ਮਾਰੂ ਗਰਮੀ ਪੈ ਰਹੀ ਹੈ ਜਿਸ ਵਿੱਚ ਇਨਸਾਨਾਂ ਦਾ ਗਰਮੀ ਨਾਲ ਬੁਰਾ ਹਾਲ ਹੋ ਰਿਹਾ ਹੈ ਤੇ ਉੱਥੇ ਹੀ ਇਹਨਾਂ ਬੇਜ਼ੁਬਾਨ ਪੰਛੀਆਂ ਅਤੇ ਜਾਨਵਰਾਂ ਦਾ ਪਾਣੀ ਤੋਂ ਬਿਨਾਂ ਬਹੁਤ ਬੁਰਾ ਹਾਲ ਹੈ ਸੜਕਾਂ ਉੱਪਰ ਆਮ ਹੀ ਪੰਛੀ ਬਿਨਾਂ ਪਾਣੀ ਦੇ ਪਿਆਸੇ ਮਰਦੇ ਦੇਖੇ ਜਾਂਦੇ ਹਨ ਇਨਾ ਚੀਜ਼ਾਂ ਨੂੰ ਦੇਖਦੇ ਹੋਏ ਹੀ ਆਰਗਨਾਈਜੇਸ਼ਨ ਵੱਲੋਂ ਪੰਛੀ ਬਚਾਓ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਸੀ ਜਿਸ ਦੇ ਤਹਿਤ ਅੱਜ ਕਸਬਾ ਲੌਂਗੋਵਾਲ ਵਿਖੇ ਇਥੋਂ ਦੇ ਸੀਨੀਅਰ ਆਗੂ ਦੀਪਕ ਗਰਗ ਅਤੇ ਹਨੀ ਕਿੰਗ ਦੀ ਅਗਵਾਈ ਵਿੱਚ ਲੌਂਗੋਵਾਲ ਵਿਖੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਵੱਲੋਂ ਮਿੱਟੀ ਤੇ ਬਰਤਨ ਰੱਖੇ ਗਏ ਉਹਨਾਂ ਨੇ ਇਹ ਵੀ ਦੱਸਿਆ ਕੀ ਹਰ ਸਾਲ ਦੀ ਤਰ੍ਹਾਂ ਵਾਤਾਵਰਨ ਨੂੰ ਬਚਾਉਣ ਲਈ ਵੀ ਅਗਲੇ ਮਹੀਨੇ ਤੋਂ ਵੱਡੀ ਗਿਣਤੀ ਵਿੱਚ ਰੁੱਖ ਲਗਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਜਾਏਗਾ ਉਹਨਾਂ ਨੇ ਮੀਡੀਆ ਰਾਹੀਂ ਹੋਰ ਵੀ ਲੋਕਾਂ ਨੂੰ ਅਪੀਲ ਕੀਤੀ ਕਿ ਇਹਨਾਂ ਬੇਜੁਬਾਨ ਪੰਛੀਆਂ ਨੂੰ ਬਚਾਉਣ ਲਈ ਉਹ ਵੀ ਆਪਣੀਆਂ ਛੱਤਾਂ ਉੱਪਰ ਪਾਰਕਾਂ ਵਿੱਚ ਪਾਣੀ ਦੇ ਬਰਤਨ ਜਰੂਰ ਰੱਖਣ ।ਇਸ ਮੌਕੇ ਦੀਪਕ ਗਰਗ, ਹਨੀ ਕਿੰਗ ,ਜਗਦੇਵ ਸਿੰਘ ,ਮੋਹਿਤ ਸ਼ਰਮਾ ,ਵਿਕਰਮ ਸਿੰਘ,ਧਰੁਵ ਆਰੀਆ ਪਰਿਸ਼ ਆਰੀਆ,ਅੰਮ੍ਰਿਤਪਾਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਮੈਂਬਰ ਵੀ ਹਾਜ਼ਰ ਸਨ।

# ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ-ਖਰੀਫ 2025*

## *ਕਿਸਾਨਾਂ ਨੂੰ ਖੇਤੀਬਾੜੀ ਮਾਰਕੀਟਿੰਗ ਬਾਰੇ ਕੀਤਾ ਜਾਗਰੂਕ*



ਮਾਨਸਾ, 03 ਜੂਨ: ( ਆਤਮਾ ਸਿੰਘ ਪਮਾਰ) ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ –ਖਰੀਫ 2025 ਦੇ ਛੇਵੇਂ ਦਿਨ, ਕ੍ਰਿਸ਼ੀ ਵਿਗਿਆਨ ਕੇਂਦਰ ਮਾਨਸਾ ਵੱਲੋਂ ਖੇਤੀਬਾੜੀ ਵਿਭਾਗ ਅਤੇ ਸਹਿਕਾਰੀ ਸਭਾਵਾਂ ਦੇ ਨੁਮਾਇੰਦਿਆਂ ਨਾਲ ਮਿਲ ਕੇ ਬਲਾਕ ਝੁਨੀਰ ਅਤੇ ਭੀਖੀ ਵਿਖੇ ਕਿਸਾਨਾਂ ਨੂੰ ਖੇਤੀਬਾੜੀ ਮਾਰਕੀਟਿੰਗ ਬਾਰੇ ਜਾਗਰੂਕ ਕੀਤਾ ਗਿਆ।

ਇਸ ਮੌਕੇ ਡਿਪਟੀ ਡਾਇਰੈਕਟਰ ਕ੍ਰਿਸ਼ੀ ਵਿਗਿਆਨ ਕੇਂਦਰ, ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਕਪਾਹ ਅਤੇ ਮੱਕੀ ਵਰਗੀਆਂ ਖਰੀਫ ਫਸਲਾਂ ਲਈ ਮਿੱਟੀ ਦੀ ਸਿਹਤ ਅਤੇ ਪਾਣੀ ਸੰਭਾਲ ਦੀਆਂ ਤਕਨੀਕਾਂ 'ਤੇ ਜ਼ੋਰ ਦਿੱਤਾ ਗਿਆ। ਇਸ ਦੇ ਨਾਲ ਹੀ ਕਿਸਾਨ ਗੋਸ਼ਟੀਆਂ ਦਾ ਆਯੋਜਨ ਵੀ ਕੀਤਾ ਗਿਆ, ਜਿੱਥੇ ਕਿਸਾਨਾਂ ਨੇ ਮਹੱਤਵਪੂਰਨ ਖੇਤੀਬਾੜੀ ਮਾਰਕੀਟਿੰਗ ਮੁੱਦਿਆਂ 'ਤੇ ਚਰਚਾ ਕੀਤੀ, ਜਿਵੇਂ ਕਿ ਮੰਡੀਆਂ ਤੱਕ ਬਿਹਤਰ ਪਹੁੰਚ, ਫਸਲਾਂ ਦੀ ਉਚਿਤ ਕੀਮਤ, ਅਤੇ ਆਨਲਾਈਨ ਵਪਾਰ ਲਈ ਈ-ਨਾਮ (ਨੈਸ਼ਨਲ ਐਗਰੀਕਲਚਰ ਮਾਰਕੀਟ) ਦੀ ਵਰਤੋਂ ਬਾਰੇ ਗੱਲਬਾਤ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਸੈਸ਼ਨ ਵਿੱਚ ਫਸਲ ਤੋਂ ਬਾਅਦ ਦੇ ਨੁਕਸਾਨ ਨੂੰ ਘਟਾਉਣ ਲਈ ਮਾਰਕੀਟ ਸਬੰਧਾਂ ਅਤੇ ਸਟੋਰੇਜ ਸਹੂਲਤਾਂ ਲਈ ਸਰਕਾਰੀ ਸਹਾਇਤਾ 'ਤੇ ਵੀ ਚਾਨਣਾ ਪਾਇਆ ਗਿਆ।

# ਲੈਕਚਰਾਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਯਤਨਸ਼ੀਲ ਸੰਜੀਵ ਕੁਮਾਰ ਸ਼ਰਮਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

ਸਿਰੜੀ, ਮਿਹਨਤੀ, ਕਾਮੇ, ਇਮਾਨਦਾਰ ਤੇ ਨਰਮ ਸੁਭਾਅ ਦੇ ਮਾਲਕ ਸ਼੍ਰੀ ਸੰਜੀਵ ਕੁਮਾਰ ਲੈਕਚਰਾਰ ਇੰਗਲਿਸ਼, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੰਧਾਵਾ ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਤੋਂ 29 ਸਾਲ ਦੀ ਸੁਚਾਰੂ ਤੇ ਬੇਦਾਗ਼ ਸੇਵਾਵਾਂ ਤੋਂ ਮਿਤੀ 31-05-2025 ਨੂੰ ਸੇਵਾ ਮੁਕਤ ਹੋ ਗਏ ਹਨ।ਇਹਨਾਂ ਨੇ ਆਪਣਾ ਤਨ, ਮਨ ਧਨ ਸੂਬੇ ਦੇ ਲੈਕਚਰਾਰ ਵਰਗ ਦੇ ਖੋਹੇ ਗਏ ਮਾਣ ਸਨਮਾਨ ਨੂੰ ਬਹਾਲ ਕਰਵਾਉਣ ਲਈ ਲਗਾਈ ਰੱਖਿਆ। ਸਮੇਂ ਦੀਆਂ ਬਦਲੀਆਂ ਸਰਕਾਰਾਂ ਅਤੇ ਅਫ਼ਸਰਸ਼ਾਹੀ ਦੀਆਂ ਘਟੀਆਂ ਅਤੇ ਕੋਝੀਆਂ ਹਰਕਤਾਂ ਕਾਰਨ ਲੈਕਚਰਾਰ ਵਰਗ ਅੰਦਰ ਘੋਰ ਨਿਰਾਸ਼ਾ ਫੈਲੀ ਹੋਈ ਸੀ ਜਿਸ ਦਾ ਮੁੱਖ ਕਾਰਨ ਉਹਨਾਂ ਨੂੰ ਪ੍ਰਿੰਸੀਪਲ ਦੀਆਂ ਤਰੱਕੀਆਂ ਤੋਂ ਜਾਣ ਬੁੱਝ ਕੇ ਬਾਂਝੇ ਕਰਨਾ ਸੀ। ਇਹਨਾਂ ਤਰੱਕੀਆਂ ਦੀ ਬਹਾਲੀ ਲਈ ਸੰਜੀਵ ਕੁਮਾਰ ਨੇ ਲਗਾਤਾਰ ਆਪਣੀ ਟੀਮ ਨਾਲ ਯਤਨ ਅਰੰਭੇ ਹੋਏ ਹਨ। ਭਾਵੇਂ ਸੰਜੀਵ ਕੁਮਾਰ ਸ਼ਰਮਾ ਬਿਨਾਂ ਪ੍ਰਿੰਸੀਪਲ ਬਣਨ ਤੋਂ ਸੇਵਾ ਮੁਕਤ ਹੋ ਗਏ ਹਨ ਪਰੰਤੂ ਆਉਣ ਵਾਲੇ ਸਮੇਂ ਵਿੱਚ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਲਈ ਰਾਹ ਪੱਧਰਾ ਹੁੰਦਾ ਨਜ਼ਰ ਆ ਰਿਹਾ ਹੈ ਜਿਸ ਲਈ ਸੰਜੀਵ ਕੁਮਾਰ ਸ਼ਰਮਾ ਨੂੰ ਭਵਿੱਖ ਵਿੱਚ ਭੁੱਲਿਆ ਨਹੀਂ ਜਾਵੇਗਾ।

ਆਪ ਜੀ ਦਾ ਜਨਮ 24-05-1967 ਨੂੰ ਮਾਤਾ ਸਵਰਨ ਦੇਵੀ ਦੀ ਕੁੱਖੋਂ ਸ਼੍ਰੀ ਸ਼ਾਮ ਲਾਲ ਦੇ ਘਰ ਸਰਹਿੰਦ ਸ਼ਹਿਰ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਹੋਇਆ।ਆਪ ਨੇ ਗਿਆਨ ਦੀਆਂ ਮੁੱਢਲੀਆਂ ਪੁਲਾਂ ਵਿਰਾਸਤੀ ਸ਼ਹਿਰ ਸਰਕਾਰੀ ਹਾਈ ਸਕੂਲ, ਸਰਹਿੰਦ ਸ਼ਹਿਰ ਅਤੇ ਮੈਟ੍ਰਿਕ ਅਸ਼ੋਕਾ ਸੀਨੀਅਰ ਹਾਇਰ ਸਕੰਡਰੀ ਸਕੂਲ, ਸਰਹਿੰਦ ਮੰਡੀ, ਗੈਰਜੂਏਸ਼ਨ, ਮਾਤਾ ਗੁਜ਼ਰੀ ਕਾਲਜ, ਫਤਿਹਗੜ ਸਾਹਿਬ ਐੱਮ ਏ (ਇੰਗਲਿਸ਼) ਪੰਜਾਬੀ ਯੂਨੀਵਰਸਿਟੀ ਰਿਜ਼ਨਲ ਸੈਂਟਰ ਬਠਿੰਡਾ ਅਤੇ ਬੀ ਐੱਡ ਗੌਰਮਿੰਟ ਕਾਲਜ ਆਫ਼ ਐਜੂਕੇਸ਼ਨ, ਚੰਡੀਗੜ੍ਹ ਤੋਂ ਕੀਤੀ।ਆਪ ਦੇ ਸਿੱਖਣ ਰੁਝਾਨ ਸ਼ੁਰੂ ਤੋਂ ਅੰਤ ਤੱਕ ਬੇਹਤਰੀਨ ਰਹੇ।

ਆਪ ਜੀ ਨੇ ਅਧਿਆਪਨ ਕਿੱਤੇ ਦੀ ਰਸਮੀ ਸ਼ੁਰੂਆਤ 27/10/ 1994 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨੈਲੀ ਧਨੌਲਾ, ਫ਼ਤਿਹਗੜ੍ਹ ਸਾਹਿਬ ਤੋਂ ਬਤੌਰ ਲੈਕਚਰਾਰ ਇੰਗਲਿਸ਼ ਕੀਤੀ। ਇਸ ਤੋਂ ਬਾਅਦ ਆਪ ਜੀ ਨੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁਸਤਫਾਬਾਦ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫ਼ਤਿਹਗੜ੍ਹ ਸਾਹਿਬ , ਅਤੇ 24/8/2007 ਤੋਂ 31/05/2025 ਤੱਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰੰਧਾਵਾ, ਫਤਹਿਗੜ੍ਹ ਸਾਹਿਬ ਸੇਵਾ ਨਿਭਾਉਂਦੇ ਹੋਏ ਸੇਵਾ ਮੁਕਤੀ ਪ੍ਰਾਪਤ ਕੀਤੀ।

ਉਸ ਸਮੇਂ ਤੋਂ ਹੀ ਆਪ ਜੀ ਸਕੂਲ ਲਈ ਅਣਥੱਕ ਮਿਹਨਤ ਕਰ ਰਹੇ ਹਨ।

ਆਪ ਜੀ ਸਮੇਂ -ਸਮੇਂ ਅਧਿਆਪਕ ਯੂਨੀਅਨਾਂ ਵਿੱਚ ਕਾਰਜ ਕੀਤਾ। ਲੱਗਭੱਗ ਪਿੱਛਲੇ 25 ਸਾਲਾਂ ਤੋਂ ਆਪ ਜੀ ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਦੇ ਸਰਗਰਮ ਆਗੂ ਰਹੇ ਹਨ।ਆਪ ਜੀ 2017 ਵਿੱਚ ਸਰਬਸੰਮਤੀ ਨਾਲ਼ ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ, ਫ਼ਤਿਹਗੜ੍ਹ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਚੁਣੇ ਗਏ ਤੇ 4/7/2021 ਤੋਂ ਅੱਜ ਤੱਕ ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਦੇ ਤੌਰ ਤੇ ਕਾਰਜਸ਼ੀਲ ਰਹੇ ਹਨ।ਇਹਨਾਂ ਦੀ ਲਗਾਤਾਰ ਅਣਥੱਕ ਮਿਹਨਤ, ਸੂਝਬੂਝ ਅਤੇ ਸਹਿਯੋਗ ਸਦਕਾ ਯੂਨੀਅਨ ਨੇ ਕਈ ਅਹਿਮ ਪ੍ਰਾਪਤੀਆਂ ਕੀਤੀਆਂ ਹਨ।ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਅਜਿਹੀ ਮਾਣਮੱਤੀ, ਅਗਾਂਹਵਧੂ, ਨਿਰਪੱਖ, ਨਿਮਰਤਾ ਭਰਪੂਰ, ਦਿਲ ਟੁੰਬਵੀ ਸ਼ਖ਼ਸੀਅਤ ਨੂੰ ਸਨਮਾਨਿਤ ਕਰਦਿਆਂ ਮਾਣ ਮਹਿਸੂਸ ਕਰਦੀ ਹੈ ਅਤੇ ਚੰਗੇਰੇ ਭਵਿੱਖ ਦੀ ਕਾਮਨਾ ਕਰਦੀ ਹੈ।ਇਸ ਅਣਥੱਕ ਮਿਹਨਤੀ ਸਾਥੀ ਦੇ ਸਨਮਾਨ ਵਿੱਚ 4ਜੂਨ ਦਿਨ ਬੁੱਧਵਾਰ ਨੂੰ ਮੁਹਾਲੀ ਵਿਖੇ ਸੂਬਾ ਪੱਧਰੀ ਸਮਾਗਮ ਕਰਕੇ



ਸੂਬਾ ਕਮੇਟੀ ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ,ਪੰਜਾਬ ਵੱਲੋਂ ਸਨਮਾਨਿਤ ਕੀਤਾ ਜਾ ਰਿਹਾ ਹੈ।

ਜਸਪਾਲ ਸਿੰਘ ਵਾਲੀਆ

ਪਰਮਿੰਦਰ ਕੁਮਾਰ ਲੌਂਗੋਵਾਲ

ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਸੰਗਰੂਰ

# ਸਬ-ਇੰਸਪੈਕਟਰ ਨਿਰਮਲ ਸਿੰਘ ਚੌਂਕੀ ਇੰਚਾਰਜ ਅੱਪਰਾ ਨੇ ਨਸ਼ੇੜੀਆਂ ਤੇ ਮਨਚਲਿਆਂ ਨੂੰ ਪਾਇਆ ਵਖਤ*

## ਬਿਨਾਂ ਹੈਲਮਟ, ਡਰਾਇਵਿੰਗ ਲਾਇਸੰਸ, ਵਾਹਨਾਂ ਦੇ ਕਾਗਜ਼ਾਤ ਤੇ ਆਧਾਰ ਕਾਰਡ ਤੋਂ ਬਿਨਾਂ ਨਸ਼ਾ ਛੁਡਾਊ ਕੇਂਦਰ ਅੱਪਰਾ ਤੋਂ ਦਵਾਈ ਲੈਣ ਆਉਣ ਵਾਲਿਆਂ ਦੇ ਵਾਹਨ ਕੀਤੇ ਬਾਂਡ, *ਅੱਪਰਾ ਪੁਲਿਸ ਦੀ ਕਾਰਗੁਜ਼ਾਰੀ ਸਲਾਹੁਣਯੋਗ-ਸਰਪੰਚ ਵਿਨੈ ਕੁਮਾਰ ਅੱਪਰਾ*

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਜੂਨ
INTERNATIONAL PAPER, 94636 01616
hardipchumber57@gmail.com

